ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum** (ਯੂ. ਕੇ. ਤੋਂ ਪ੍ਰਕਾਸ਼ਿਤ)

**International Daily Newspaper & WEB TV**

www.awazeqaumtv.com

Also On Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਵੀਰਵਾਰ, 19 ਮਾਰਚ 2026 (ਨਾਨਕਸ਼ਾਹੀ ਸੰਮਤ : ੫੫੮, ੬ ਚੇਤ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਦਿੱਲੀ 'ਚ ਭਿਆਨਕ ਅੱਗ ਕਾਰਨ 7 ਲੋਕਾਂ ਦੀ ਹੋਈ ਮੌਤ; ਉਜੜਿਆ ਪੂਰਾ ਪਰਿਵਾਰ

**ਦਿੱਲੀ, 18 ਮਾਰਚ (ਆਵਾਜ਼ਿ ਕੌਮ ਬਿਊਰੋ)**-ਰਾਸ਼ਟਰੀ ਰਾਜਧਾਨੀ ਵਿੱਚ ਇੱਕ ਇਮਾਰਤ ਵਿੱਚ ਭਿਆਨਕ ਅੱਗ ਲੱਗ ਗਈ। ਪਾਲਮ ਮੈਟਰੋ ਸਟੇਸ਼ਨ ਨੇੜੇ ਲੱਗੀ ਭਿਆਨਕ ਅੱਗ ਵਿੱਚ ਤਿੰਨ ਬੱਚਿਆਂ ਸਮੇਤ ਸੱਤ ਲੋਕਾਂ ਦੀ ਮੌਤ ਹੋ ਗਈ। ਅੱਗ ਲੱਗਣ ਦੀ ਸੂਚਨਾ ਮਿਲਦੇ ਹੀ ਫਾਇਰ ਬ੍ਰਿਗੇਡ ਦੀਆਂ ਲਗਭਗ 30 ਗੱਡੀਆਂ ਮੌਕੇ 'ਤੇ ਪਹੁੰਚੀਆਂ। ਅੱਗ ਬੁਝਾਉਣ ਦੀਆਂ ਕੋਸ਼ਿਸ਼ਾਂ ਜਾਰੀ ਹਨ। ਪਾਲਮ ਖੇਤਰ ਵਿੱਚ ਲੱਗੀ ਭਿਆਨਕ ਅੱਗ ਵਿੱਚ ਕਈ ਲੋਕਾਂ ਦੇ ਫਸੇ ਹੋਣ ਦਾ ਖਦਸ਼ਾ ਹੈ। ਦਿੱਲੀ ਫਾਇਰ ਸਰਵਿਸ ਦੇ ਅਧਿਕਾਰੀ ਅਤੇ ਕਰਮਚਾਰੀ ਅੱਗ 'ਤੇ ਕਾਬੂ ਪਾਉਣ ਲਈ ਕੰਮ ਕਰ ਰਹੇ ਹਨ। ਪੰਜਾਬ ਖ਼ਬਰਾਂ ਪਾਲਮ ਮੈਟਰੋ ਸਟੇਸ਼ਨ ਨੇੜੇ ਇਹ ਅੱਗ ਲੱਗੀ। ਇੱਕ ਹੀ ਪਰਿਵਾਰ ਦੇ ਨੌਂ ਮੈਂਬਰ ਅੱਗ ਦੀਆਂ ਲਪਟਾਂ ਵਿੱਚ ਫਸ ਗਏ ਹਨ। ਉਨ੍ਹਾਂ ਨੂੰ ਬਚਾਉਣ ਅਤੇ ਸੁਰੱਖਿਅਤ ਥਾਵਾਂ 'ਤੇ ਪਹੁੰਚਾਉਣ ਦੀਆਂ ਕੋਸ਼ਿਸ਼ਾਂ ਜਾਰੀ ਹਨ। ਇਸ ਦੌਰਾਨ, ਰਿਪੋਰਟਾਂ ਤੋਂ ਪਤਾ ਚੱਲਦਾ ਹੈ ਕਿ ਤਿੰਨ ਬੱਚਿਆਂ ਸਮੇਤ ਸੱਤ ਲੋਕਾਂ ਦੀ ਮੌਤ ਹੋ ਗਈ ਹੈ। ਰਿਪੋਰਟਾਂ ਅਨੁਸਾਰ, ਅੱਗ ਇੱਕ ਫਲੈਟ ਵਿੱਚ ਲੱਗੀ ਅਤੇ ਤੇਜ਼ੀ ਨਾਲ ਫੈਲ ਗਈ। ਤੀਹ ਫਾਇਰ ਇੰਜਣ ਮੌਕੇ 'ਤੇ ਪਹੁੰਚ ਗਏ ਹਨ ਅਤੇ ਅੱਗ 'ਤੇ ਕਾਬੂ ਪਾਇਆ ਗਿਆ। ਵੀਡੀਓ ਵਿੱਚ ਅੱਗ ਦੀ ਤੀਬਰਤਾ ਸਾਫ਼ ਦਿਖਾਈ ਦੇ ਰਹੀ ਹੈ। ਅੱਗ ਪਾਲਮ ਖੇਤਰ ਵਿੱਚ ਇੱਕ ਇਮਾਰਤ ਵਿੱਚ ਲੱਗੀ, ਜਿਸ ਵਿੱਚ ਇੱਕ ਬੇਸਮੈਂਟ, ਜ਼ਮੀਨੀ ਮੰਜ਼ਿਲ ਅਤੇ ਚਾਰ ਮੰਜ਼ਿਲਾਂ ਸਨ। ਛੱਤ 'ਤੇ ਇੱਕ ਅਸਥਾਈ ਟੀਨ ਸ਼ੈੱਡ ਬਣਾਇਆ ਗਿਆ ਸੀ। ਬੇਸਮੈਂਟ, ਜ਼ਮੀਨੀ ਮੰਜ਼ਿਲ ਅਤੇ ਪਹਿਲੀ ਮੰਜ਼ਿਲ 'ਤੇ ਕੱਪੜੇ ਅਤੇ ਕਾਸਮੈਟਿਕਸ ਸਟੋਰ ਸਨ, ਜਦੋਂ ਕਿ ਦੂਜੀ ਅਤੇ ਤੀਜੀ ਮੰਜ਼ਿਲ ਰਿਹਾਇਸ਼ੀ ਖੇਤਰ ਸਨ।

## ਪੰਜਾਬ ਵਿਚ 600 ਕਰੋੜ ਦਾ 'ਪ੍ਰੋਜੈਕਟ ਠੱਪ'

# ਵੱਡੀ ਗਿਣਤੀ ਬੰਦ ਹੋ ਗਈਆਂ ਸਰਕਾਰ ਦੀਆਂ ਬੱਸਾਂ !

**ਅੰਮ੍ਰਿਤਸਰ, 18 ਮਾਰਚ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਵਿਚ ਕਰੋੜਾਂ ਰੁਪਏ ਦੀ ਲਾਗਤ ਨਾਲ ਬਣਾਇਆ ਗਿਆ ਬੀ. ਆਰ. ਟੀ. ਐੱਸ. (ਬੱਸ ਰੈਪਿਡ ਟਰਾਂਜ਼ਿਟ ਸਿਸਟਮ) ਅਤੇ ਸਿਟੀ ਬੱਸ ਪ੍ਰਾਜੈਕਟ ਅੱਜ ਪੂਰੀ ਤਰ੍ਹਾਂ ਨਾਕਾਮ ਸਾਬਤ ਹੋ ਰਿਹਾ ਹੈ। ਇਕ ਸਮੇਂ ਸ਼ਹਿਰ ਦੇ ਵਿਕਾਸ ਦੀ ਨਿਸ਼ਾਨੀ ਵਜੋਂ ਪੇਸ਼ ਕੀਤੇ ਗਏ ਇਹ ਪ੍ਰਾਜੈਕਟ ਹੁਣ ਕਬਾੜ ਬਣ ਕੇ ਖੜ੍ਹੇ ਹਨ, ਜਿਸ ਨਾਲ ਲੋਕਾਂ ਦਾ ਟੈਕਸ ਰੂਪੀ ਪੈਸਾ ਬਰਬਾਦ ਹੋਇਆ ਹੈ। ਲਗਭਗ 600 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਇਸ ਪ੍ਰੋਜੈਕਟ ਹੇਠ 90 ਤੋਂ ਵੱਧ ਏ. ਸੀ. ਬੱਸਾਂ ਖਰੀਦੀਆਂ ਗਈਆਂ ਅਤੇ ਕਰੀਬ 35 ਬੱਸ ਸਟਾਪ ਬਣਾਏ ਗਏ। ਜੀ. ਟੀ. ਰੋਡ 'ਤੇ ਉੱਚਾ ਕੋਰੀਡੋਰ ਤਿਆਰ ਕੀਤਾ ਗਿਆ ਅਤੇ ਬੱਸ ਸਟਾਪਾਂ ਤੱਕ ਪਹੁੰਚ ਲਈ ਲਿਫਟਾਂ ਵੀ ਲਗਾਈਆਂ ਗਈਆਂ। ਦਾਅਵਾ ਕੀਤਾ ਗਿਆ ਸੀ ਕਿ ਇਸ ਨਾਲ ਟ੍ਰੈਫਿਕ ਦੀ ਸਮੱਸਿਆ ਘਟੇਗੀ ਅਤੇ ਲੋਕਾਂ ਨੂੰ ਆਸਾਨ ਅਤੇ ਸਸਤੀ ਪਬਲਿਕ



ਟਰਾਂਸਪੋਰਟ ਮਿਲੇਗੀ ਪਰ ਮੌਜੂਦਾ ਹਾਲਾਤ ਇਸ ਦੇ ਉਲਟ ਹਨ। ਬੱਸਾਂ ਬਿਨਾਂ ਵਰਤੋਂ ਦੇ ਖੜ੍ਹੀਆਂ ਧੂੜ ਖਾ ਰਹੀਆਂ ਹਨ, ਬੱਸ ਸਟਾਪਾਂ ਦੀਆਂ ਛੱਤਾਂ ਖਰਾਬ ਹੋ ਚੁੱਕੀਆਂ ਹਨ ਅਤੇ ਢਾਂਚਾ ਖੰਡਰ ਬਣਦਾ ਜਾ ਰਿਹਾ ਹੈ। ਲਿਫਟਾਂ ਬੰਦ ਪਈਆਂ ਹਨ ਅਤੇ ਸੰਭਾਲ ਲਈ ਕੋਈ ਢੰਗ ਦੀ ਵਿਵਸਥਾ ਨਹੀਂ ਕੀਤੀ ਗਈ। ਸ਼ਹਿਰ ਵਾਸੀਆਂ ਦਾ ਕਹਿਣਾ ਹੈ ਕਿ ਉਹ ਮਿਹਨਤ ਕਰ ਕੇ ਟੈਕਸ ਭਰਦੇ ਹਨ ਪਰ ਸਰਕਾਰਾਂ ਇਸ ਨੂੰ ਬੇਦਰਦੀ ਨਾਲ ਬਰਬਾਦ ਕਰ ਰਹੀਆਂ ਹਨ। ਲੋਕਾਂ ਅਨੁਸਾਰ ਇਹ ਸਿਰਫ਼ ਨਾਕਾਮੀ ਨਹੀਂ, ਸਗੋਂ ਵੱਡੇ ਪੱਧਰ ਦੀ ਲਾਪ੍ਰਵਾਹੀ ਹੈ, ਜਿਸ ਦੀ ਉੱਚ ਪੱਧਰੀ ਜਾਂਚ ਹੋਣੀ ਚਾਹੀਦੀ ਹੈ। ਲੋਕਾਂ ਦਾ ਦੋਸ਼ ਹੈ ਕਿ ਪਹਿਲਾਂ ਇਹ ਬੱਸਾਂ ਖਾਲੀ ਦੌੜਦੀਆਂ ਰਹੀਆਂ ਅਤੇ ਜਦੋਂ ਲੋਕਾਂ ਨੇ ਇਸ ਦੀ ਵਰਤੋਂ ਕਰਨੀ ਸ਼ੁਰੂ ਕੀਤੀ ਤਾਂ ਸੇਵਾ ਹੀ ਬੰਦ ਕਰ ਦਿੱਤੀ ਗਈ, ਜਿਸ ਨਾਲ ਪੂਰਾ ਪ੍ਰਾਜੈਕਟ ਬੇਮਤਲਬ ਹੋ ਗਿਆ। ਸ਼ਹਿਰ ਵਾਸੀਆਂ ਨੇ ਸੁਝਾਅ ਦਿੱਤਾ ਹੈ ਕਿ ਬੀ. ਆਰ. ਟੀ. ਐੱਸ. ਲਈ ਬਣਾਈ ਗਈ ਵੱਖਰੀ ਲੇਨ ਨੂੰ ਆਟੋ ਰਿਕਸ਼ਾ ਜਾਂ ਹੋਰ ਪਬਲਿਕ ਵਾਹਨਾਂ ਲਈ ਖੋਲ੍ਹਿਆ ਜਾਵੇ, ਤਾਂ ਜੋ ਟ੍ਰੈਫਿਕ ਸਮੱਸਿਆ ਘਟ ਸਕੇ ਅਤੇ ਢਾਂਚੇ ਦੀ ਕੁਝ ਬਦਲ ਵਜੋਂ ਵਰਤੋਂ ਹੋ ਸਕੇ।

## ਪੰਜਾਬ 'ਚ ਜ਼ਮੀਨੀ ਪਾਣੀ ਦੇ ਘੱਟਦੇ ਪੱਧਰ 'ਤੇ ਹਾਈਕੋਰਟ ਸਖ਼ਤ, ਕੇਂਦਰੀ ਵਾਟਰ ਬੋਰਡ ਤੋਂ 4 ਹਫ਼ਤਿਆਂ 'ਚ ਮੰਗਿਆ ਜਵਾਬ

**ਚੰਡੀਗੜ੍ਹ, 18 ਮਾਰਚ (ਆਵਾਜ਼ਿ ਕੌਮ ਬਿਊਰੋ)**-ਹਾਈ ਕੋਰਟ ਨੇ ਪੰਜਾਬ ਵਿੱਚ ਟਿਊਬਵੈੱਲਾਂ ਲਈ 24 ਘੰਟੇ ਮੁਫ਼ਤ ਬਿਜਲੀ ਅਤੇ ਇਸ ਦੇ ਨਤੀਜੇ ਵਜੋਂ ਜ਼ਮੀਨੀ ਪਾਣੀ ਦੀ ਬਹੁਤ ਜ਼ਿਆਦਾ ਨਿਕਾਸੀ ਦੇ ਮੁੱਦੇ 'ਤੇ ਸਖ਼ਤ ਰੁਖ਼ ਅਪਣਾਇਆ ਹੈ। ਹਾਈਕੋਰਟ ਨੇ ਕੇਂਦਰੀ ਗਰਾਊਂਡ ਵਾਟਰ ਬੋਰਡ ਨੂੰ 4 ਹਫ਼ਤਿਆਂ ਦੇ ਅੰਦਰ ਇਸ ਮਾਮਲੇ ਵਿੱਚ ਜਵਾਬ ਦਾਇਰ ਕਰਨ ਦਾ ਹੁਕਮ ਦਿੱਤਾ। ਚੀਫ਼ ਜਸਟਿਸ ਦੇ ਬੈਂਚ ਨੇ ਕਿਹਾ ਕਿ ਪੰਜਾਬ ਵਿੱਚ ਧਰਤੀ ਹੇਠਲੇ ਪਾਣੀ ਦੀ ਬਹੁਤ ਜ਼ਿਆਦਾ ਵਰਤੋਂ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਵੱਡਾ ਖ਼ਤਰਾ ਪੈਦਾ ਕਰੇਗੀ। ਸੂਬੇ 'ਚ ਨਿਰਧਾਰਤ ਸਮਰੱਥਾ ਤੋਂ ਦੁੱਗਣਾ ਜ਼ਮੀਨ ਹੇਠਲਾ ਪਾਣੀ ਕੱਢਣਾ ਘਾਤਕ ਹੋ ਸਕਦਾ ਹੈ ਅਤੇ ਕੇਂਦਰੀ ਗਰਾਊਂਡ ਵਾਟਰ ਬੋਰਡ ਨੂੰ ਜਵਾਬ ਦੇਣਾ ਚਾਹੀਦਾ ਹੈ। ਇੱਕ ਜਨਹਿਤ ਪਟੀਸ਼ਨ ਵਿੱਚ ਉਠਾਏ ਗਏ ਮੁੱਦੇ ਦੀ ਗੰਭੀਰਤਾ ਨੂੰ ਪਛਾਣਦੇ ਹੋਏ, ਹਾਈ ਕੋਰਟ ਨੇ ਕੇਂਦਰੀ ਵਾਟਰ ਬੋਰਡ ਨੂੰ ਇਸ ਮਾਮਲੇ 'ਤੇ ਵਿਸਤ੍ਰਿਤ ਜਵਾਬ ਦਾਇਰ ਕਰਨ ਅਤੇ ਪੰਜਾਬ ਵਿੱਚ ਧਰਤੀ ਹੇਠਲੇ ਪਾਣੀ ਦੀ ਬਹੁਤ ਜ਼ਿਆਦਾ ਨਿਕਾਸੀ ਨੂੰ ਰੋਕਣ ਲਈ ਆਪਣੇ ਸੁਝਾਵਾਂ ਦੀ ਵਿਆਖਿਆ ਕਰਨ ਦੇ ਨਿਰਦੇਸ਼ ਦਿੱਤੇ। ਅਦਾਲਤ ਨੇ ਸਪੱਸ਼ਟ ਕੀਤਾ ਕਿ ਇਸ ਮੁੱਦੇ ਦੇ ਵਿਗਿਆਨਕ ਅਤੇ ਤਕਨੀਕੀ ਪਹਿਲੂਆਂ ਨੂੰ ਸਮਝਣਾ ਜ਼ਰੂਰੀ ਹੈ ਤਾਂ ਜੋ ਇੱਕ ਠੋਸ ਹੱਲ ਲੱਭਿਆ ਜਾ ਸਕੇ।



## ਜ਼ਿੰਮ ਕੇ ਬਾਹਰ ਚੱਲੀਆਂ ਗੋਲੀਆਂ; ਇੱਕ ਨੌਜਵਾਨ ਦੀ ਹੋਈ ਮੌਤ, ਲੱਕੀ ਪਟਿਆਲ ਨੇ ਲਈ ਜ਼ਿੰਮੇਵਾਰੀ

**ਚੰਡੀਗੜ੍ਹ, 18 ਮਾਰਚ (ਆਵਾਜ਼ਿ ਕੌਮ ਬਿਊਰੋ)**-ਚੰਡੀਗੜ੍ਹ 'ਚ 20 ਘੰਟਿਆਂ ਦੇ ਅੰਦਰ ਮੁੜ ਤੋਂ ਗੋਲੀਆਂ ਚੱਲਣ ਦਾ ਮਾਮਲਾ ਸਾਹਮਣੇ ਆਇਆ ਹੈ। ਮਿਲੀ ਜਾਣਕਾਰੀ ਮੁਤਾਬਿਕ ਸੈਕਟਰ 9 ਵਿੱਚ ਇੱਕ ਪ੍ਰਾਪਰਟੀ ਡੀਲਰ ਦੀ ਜਿੰਮ ਤੋਂ ਬਾਹਰ ਨਿਕਲਦੇ ਸਮੇਂ ਗੋਲੀ ਮਾਰ ਕੇ ਕਤਲ ਕਰ ਦਿੱਤਾ ਗਿਆ। ਲਗਾਤਾਰ ਦੂਜੇ ਦਿਨ ਗੋਲੀਬਾਰੀ ਨਾਲ ਸ਼ਹਿਰ ਵਿੱਚ ਦਹਿਸ਼ਤ ਫੈਲ ਗਈ ਹੈ। ਪੰਜਾਬ ਖ਼ਬਰਾਂ ਦੱਸ ਦਈਏ ਕਿ ਸੈਕਟਰ 9 ਦੇ ਮੱਧ ਮਾਰਗ 'ਤੇ ਹੇਅਰ ਮਾਸਟਰ ਸੈਲੂਨ ਦੇ ਸਾਹਮਣੇ ਇੱਕ ਨੌਜਵਾਨ ਨੂੰ ਪੰਜ ਤੋਂ ਛੇ ਗੋਲੀਆਂ ਮਾਰ ਕੇ ਮੌਤ ਦੇ ਘਾਟ ਉਤਾਰ ਦਿੱਤਾ ਗਿਆ। ਨੌਜਵਾਨ ਹੁਣੇ ਜਿੰਮ ਤੋਂ ਨਿਕਲਿਆ ਸੀ ਅਤੇ ਇੱਕ ਕਾਲੇ ਫਾਰਚੂਨਰ ਵਿੱਚ ਬੈਠਾ ਸੀ। ਅਣਪਛਾਤੇ ਹਮਲਾਵਰਾਂ ਵੱਲੋਂ ਉਸ 'ਤੇ ਅੱਠ ਤੋਂ ਦਸ ਗੋਲੀਆਂ ਚਲਾਈਆਂ ਗਈਆਂ। ਦੱਸ ਦਈਏ ਕਿ ਮ੍ਰਿਤਕ ਦੀ ਪਛਾਣ ਚਰਨਪ੍ਰੀਤ ਨਾਗਰਾ ਵਜੋਂ ਹੋਈ ਹੈ, ਜੋ ਮੁੱਲਾਂਪੁਰ ਦੇ ਕੁੱਬਾਹੇੜੀ ਪਿੰਡ ਦਾ ਰਹਿਣ ਵਾਲਾ ਸੀ। ਨਾਗਰਾ ਇੰਸਟਾਗ੍ਰਾਮ 'ਤੇ ਵੀ ਮਸ਼ਹੂਰ ਸੀ ਅਤੇ ਪ੍ਰਾਪਰਟੀ ਡੀਲਿੰਗ ਦਾ ਕੰਮ ਕਰਦਾ ਸੀ। ਗੋਲੀਬਾਰੀ ਦੀ ਜਾਣਕਾਰੀ ਮਿਲਣ 'ਤੇ ਪੁਲਿਸ ਮੌਕੇ 'ਤੇ ਪਹੁੰਚੀ ਅਤੇ ਜਾਂਚ ਸ਼ੁਰੂ ਕਰ ਦਿੱਤੀ।



ਦੱਸ ਦਈਏ ਕਿ ਚੰਡੀਗੜ੍ਹ 'ਚ ਹੋਏ ਇਸ ਕਤਲ ਦੀ ਗੈਂਗਸਟਰ ਲੱਕੀ ਪਟਿਆਲ ਵੱਲੋਂ ਜ਼ਿੰਮੇਵਾਰੀ ਲਈ ਗਈ ਹੈ। ਸੋਸ਼ਲ ਮੀਡੀਆ 'ਤੇ ਪੋਸਟ ਪਾ ਕੇ ਲੱਕੀ ਪਟਿਆਲ ਨੇ ਕਿਹਾ ਕਿ ਚੰਡੀਗੜ੍ਹ 9 ਸੈਕਟਰ 'ਚ ਚਰਨਪ੍ਰੀਤ ਨਾਗਰਾ ਦਾ ਜੋ ਕਤਲ ਹੋਇਆ ਹੈ ਇਸਦੀ ਜ਼ਿੰਮੇਵਾਰੀ ਉਹ ਲੈਂਦਾ ਹੈ। ਇਹ ਸਾਡੇ ਐਂਟੀ ਗਰੁੱਪ ਦਾ ਖਬਰੀ ਸੀ ਅਤੇ ਉਨ੍ਹਾਂ ਨੂੰ ਉਨ੍ਹਾਂ ਦੇ ਮੈਂਬਰਾਂ ਦੀ ਸੂਚਨਾ ਦਿੰਦਾ ਸੀ ਉਸ ਨੂੰ ਅਜਿਹਾ ਕਰਨ ਤੋਂ ਰੋਕਿਆ ਵੀ ਸੀ ਪਰ ਉਹ ਅਜਿਹਾ ਕਰਦਾ ਰਿਹਾ। ਬਾਕੀ ਜੋ ਮੁਹਾਲੀ 'ਚ ਗੁਰਿੰਦਰ ਦਾ ਕਤਲ ਹੋਇਆ ਸੀ ਉਸ 'ਚ ਵੀ ਇਸਦਾ ਹੀ ਹੱਥ ਸੀ। ਗੁਰਵਿੰਦਰ ਉਸ ਨੂੰ ਜਾਣਦਾ ਨਹੀਂ ਸੀ ਪਰ ਜੇ ਸਾਡੇ ਐਂਟੀ ਕੰਮ ਤਾਂ ਕੱਲੇ ਕੱਲੇ ਨੂੰ ਭਜਾ ਭਜਾ ਕੇ ਮਾਰਾਂਗੇ। ਹਾਲਾਂਕਿ ਇਸ ਪੋਸਟ ਦੀ 'ਸਟਿੰਗ ਆਪ੍ਰੇਸ਼ਨ' ਪੁਸ਼ਟੀ ਨਹੀਂ ਕਰਦਾ ਹੈ।

## ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੇ ਏਆਈ ਦੇ ਦੁਰਵਰਤੋਂ 'ਤੇ ਜਤਾਈ ਚਿੰਤਾ, ਇਤਰਾਜ਼ਯੋਗ ਸਮੱਗਰੀ ਨੂੰ ਤੁਰੰਤ ਰਿਪੋਰਟ ਕਰਨ ਲਈ ਦਿੱਤਾ ਸੰਦੇਸ਼

**ਨਵੀਂ ਦਿੱਲੀ, 18 ਮਾਰਚ (ਮਨਪ੍ਰੀਤ ਸਿੰਘ ਖਾਲਸਾ)**:-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਆਰਟੀਫੀਸ਼ੀਅਲ ਇੰਟੈਲੀਜੈਂਸ (ਏਆਈ) ਤਕਨੀਕ ਦੀ ਦੁਰਵਰਤੋਂ ਕਰਕੇ ਧਾਰਮਿਕ ਭਾਵਨਾਵਾਂ ਨੂੰ ਸੱਟ ਮਾਰਨ ਦੇ ਮਾਮਲਿਆਂ ਉੱਤੇ ਗਹਿਰੀ ਚਿੰਤਾ ਪ੍ਰਗਟ ਕਰਦਿਆਂ ਸਿੱਖ ਕੌਮ ਅਤੇ ਨੌਜਵਾਨਾਂ ਦੇ ਨਾਮ ਵਿਸ਼ੇਸ਼ ਸੰਦੇਸ਼ ਜਾਰੀ ਕੀਤਾ ਹੈ। ਉਨ੍ਹਾਂ ਕੌਮ ਨੂੰ ਆਗਾਹ ਕਰਦਿਆਂ ਕਿਹਾ ਕਿ ਜਦੋਂ ਵੀ ਏਆਈ ਨਾਲ ਬਣੀ ਕੋਈ ਇਤਰਾਜ਼ਯੋਗ ਵੀਡੀਓ, ਫੋਟੋ ਆਦਿ ਸਾਹਮਣੇ ਆਵੇ ਤਾਂ ਉਸ ਨੂੰ ਅਗਾਂਹ ਸਾਂਝੀ ਕਰਨ ਦੀ ਬਜਾਏ ਸਬੰਧਤ ਸੋਸ਼ਲ ਮੀਡੀਆ ਪਲੇਟਫਾਰਮ ਉੱਤੇ ਤੁਰੰਤ ਹੀ ਇਤਰਾਜ਼ਯੋਗ ਸਮੱਗਰੀ ਵਜੋਂ ਰਿਪੋਰਟ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਹ ਧਿਆਨ ਵਿੱਚ ਆਇਆ ਹੈ ਕਿ ਅਕਸਰ ਹੀ ਜਦੋਂ ਕੋਈ ਏਆਈ ਨਾਲ ਬਣੀ ਇਤਰਾਜ਼ਯੋਗ ਵੀਡੀਓ, ਫੋਟੋ ਆਦਿ ਸਾਹਮਣੇ ਆਉਂਦੀ ਹੈ ਤਾਂ ਸਾਡੇ ਲੋਕ ਉਸ ਸਮੱਗਰੀ ਨੂੰ ਆਪਣੇ ਸੋਸ਼ਲ ਮੀਡੀਆ ਮੰਚਾਂ ਉੱਤੇ ਅਪਲੋਡ ਜਾਂ ਸਾਂਝਾ ਕਰਕੇ ਹੋਰ ਵੀ ਅਗਾਂਹ ਫੈਲਾ ਦਿੰਦੇ ਹਨ, ਜਿਸ ਨਾਲ ਸ਼ਰਾਰਤੀ ਅਨਸਰਾਂ ਦਾ ਮੰਤਵ ਪੂਰਾ ਹੁੰਦਾ ਹੈ ਅਤੇ ਧਾਰਮਿਕ ਭਾਵਨਾਵਾਂ ਨੂੰ ਹੋਰ ਵੀ ਸੱਟ ਵੱਜਦੀ ਹੈ। ਇਸ ਦੀ ਬਜਾਏ ਵੀਡੀਓ, ਫੋਟੋ ਨੂੰ ਤੁਰੰਤ ਰਿਪੋਰਟ ਕੀਤਾ ਜਾਵੇ ਅਤੇ ਉਸ ਨੂੰ ਕਿਤੇ ਵੀ ਸਾਂਝਾ ਨਾ ਕੀਤਾ ਜਾਵੇ ਤਾਂ ਜੋ ਉਹ ਸਮੱਗਰੀ ਖਤਮ ਹੋ ਸਕੇ। ਉਨ੍ਹਾਂ ਕਿਹਾ ਕਿ ਮੀਡੀਆ, ਸੋਸ਼ਲ ਮੀਡੀਆ ਅਤੇ ਵੈੱਬ ਚੈਨਲਾਂ ਨੂੰ ਵੀ ਇਸ ਗੱਲ ਦਾ ਵਿਸ਼ੇਸ਼ ਧਿਆਨ ਰੱਖਣਾ ਚਾਹੀਦਾ ਹੈ ਕਿ ਉਹ ਧਾਰਮਿਕ ਭਾਵਨਾਵਾਂ ਨੂੰ ਸੱਟ ਮਾਰਨ ਵਾਲੀ ਏਆਈ ਸਮੱਗਰੀ ਨੂੰ ਡਾਊਨਲੋਡ ਕਰਕੇ ਆਪਣੇ ਮੰਚਾਂ ਉੱਤੇ ਅਪਲੋਡ ਨਾ ਕਰਨ, ਇਸ ਨਾਲ ਭਾਵਨਾਵਾਂ ਨੂੰ ਹੋਰ ਵੀ ਸੱਟ ਵੱਜਦੀ ਹੈ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਕੇਂਦਰ ਅਤੇ ਸੂਬਾ ਸਰਕਾਰਾਂ ਨੂੰ ਵੀ ਹਦਾਇਤ ਕੀਤੀ ਕਿ ਅਜਿਹੇ ਮਾਮਲਿਆਂ ਵਿੱਚ ਸਖਤੀ ਵਰਤੀ ਜਾਵੇ ਅਤੇ ਆਪਣੇ ਆਪ ਨੋਟਿਸ ਲੈ ਕੇ ਕਾਰਵਾਈ ਨੂੰ ਅਮਲ ਵਿੱਚ ਲਿਆਂਦਾ ਜਾਵੇ। ਉਨ੍ਹਾਂ ਕਿਹਾ ਕਿ ਇਹ ਸਰਕਾਰਾਂ ਦੀ ਜ਼ਿੰਮੇਵਾਰੀ ਹੈ ਕਿ ਉਹ ਏਆਈ ਤਕਨੀਕ ਦੀ ਦੁਰਵਰਤੋਂ ਕਰਕੇ ਧਾਰਮਿਕ ਭਾਵਨਾਵਾਂ ਨੂੰ ਸੱਟ ਮਾਰਨ ਵਾਲੇ ਵਰਤਾਰੇ ਨੂੰ ਠੱਲ੍ਹਣ। ਇਸ ਨੂੰ ਰੋਕਣ ਲਈ ਸਰਕਾਰ ਨੂੰ ਚਾਹੀਦਾ ਹੈ ਕਿ ਠੋਸ ਏਆਈ ਨੀਤੀ ਬਣਾਈ ਜਾਵੇ ਜਿਸ ਅਨੁਸਾਰ ਕਿਸੇ ਵੀ ਏਆਈ ਟੂਲ/ਸਾਫ਼ਟਵੇਅਰ ਅਤੇ ਸੋਸ਼ਲ ਮੀਡੀਆ ਪਲੇਟਫਾਰਮ ਉੱਤੇ ਧਾਰਮਿਕ ਭਾਵਨਾਵਾਂ ਨੂੰ ਸੱਟ ਮਾਰਨ ਵਾਲੀ ਸਮੱਗਰੀ ਨਾ ਬਣਾਈ ਜਾ ਸਕੇ ਅਤੇ ਨਾ ਹੀ ਅਪਲੋਡ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਇਹ ਜ਼ਰੂਰੀ ਹੈ ਕਿ ਜੇਕਰ ਅਜਿਹੀ ਇਤਰਾਜ਼ਯੋਗ ਸਮੱਗਰੀ ਦੀ ਪਛਾਣ ਜਨਤਕ ਹੋਣ ਤੋਂ ਪਹਿਲਾਂ ਹੀ ਹੋ ਜਾਵੇ ਤਾਂ ਇਸ ਨਾਲ ਇਹ ਵਰਤਾਰਾ ਕਾਫੀ ਹੱਦ ਤੱਕ ਠੱਲ੍ਹਿਆ ਜਾ ਸਕਦਾ ਹੈ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਏਆਈ ਤਕਨਾਲੋਜੀ ਮਾੜੀ ਨਹੀਂ ਅਤੇ ਜੇਕਰ ਤਕਨੀਕ ਦੀ ਸਹੀ ਵਰਤੋਂ ਕੀਤੀ ਜਾਵੇ ਤਾਂ ਇਸ ਨਾਲ ਚੰਗਾ ਸਮਾਜ ਸਿਰਜਿਆ ਜਾ ਸਕਦਾ ਹੈ ਪਰ ਜਦੋਂ ਧਰਮਾਂ ਦੇ ਸਿਧਾਂਤਾਂ, ਪਰੰਪਰਾਵਾਂ ਅਤੇ ਇਤਿਹਾਸ ਆਦਿ ਦੀ ਉਲੰਘਣਾ ਕੀਤੀ ਜਾਂਦੀ ਹੈ ਤਾਂ ਇਹ ਆਧੁਨਿਕ ਤਕਨੀਕ ਵੀ ਸਵਾਲਾਂ ਦੇ ਘੇਰੇ ਵਿੱਚ ਆਉਂਦੀ ਹੈ। ਉਨ੍ਹਾਂ ਕਿਹਾ ਕਿ ਇਸ ਵਰਤਾਰੇ ਨੂੰ ਰੋਕਣ ਲਈ ਸੰਗਤ ਇੱਕ ਲਹਿਰ ਵਜੋਂ ਵੱਧ ਤੋਂ ਵੱਧ ਸ਼ਮੂਲੀਅਤ ਕਰੇ ਅਤੇ ਸੰਜੀਦਗੀ ਨਾਲ ਇਸ ਦੇ ਵਿਰੁੱਧ ਠੋਸ ਕਾਰਜ ਕੀਤੇ ਜਾਣ।



## ਯੂ. ਕੇ. 'ਚ ਚੱਲ ਰਹੀ ਹੈ 'ਕੌਰ ਟੂ ਖਾਨ' ਮੁਹਿੰਮ ! ਮੁਸਲਿਮ ਬਣਨ ਲਈ 10 ਹਜ਼ਾਰ ਪੌਂਡ ਦਾ ਲਾਲਚ

**ਲੰਡਨ, 18 ਮਾਰਚ (ਆਵਾਜ਼ਿ ਕੌਮ ਬਿਊਰੋ)**-ਬ੍ਰਿਟੇਨ ਵਿੱਚ ਕੌਰ-ਟੂ-ਖਾਨ ਮੁਹਿੰਮ ਚਲਾਈ ਜਾ ਰਹੀ ਹੈ। ਸਿੱਖ ਕੁੜੀਆਂ ਨੂੰ ਲਲਚਾਇਆ ਜਾ ਰਿਹਾ ਹੈ ਅਤੇ ਉਨ੍ਹਾਂ ਨੂੰ ਮੁਸਲਮਾਨ ਬਣਾਇਆ ਜਾ ਰਿਹਾ ਹੈ। ਗਰੂਮਿੰਗ ਗੈਂਗ ਅਜਿਹਾ ਕਰਨ ਲਈ ਬ੍ਰਿਟੇਨ ਵਿੱਚ ਸਰਗਰਮ ਹਨ। ਇੰਗਲੈਂਡ ਵਿੱਚ ਰਹਿਣ ਵਾਲੇ ਇੱਕ ਪੰਜਾਬੀ ਨਵਦੀਪ ਸਿੰਘ ਨੇ ਇੱਕ ਕੁੜੀ ਦੀ ਵੀਡੀਓ ਪੋਸਟ ਕੀਤੀ ਹੈ ਜਿਸ ਵਿੱਚ ਇਹ ਦਾਅਵਾ ਕੀਤਾ ਗਿਆ ਹੈ। ਕੁੜੀ ਨੇ ਵੀਡੀਓ ਵਿੱਚ ਦਾਅਵਾ ਕੀਤਾ ਹੈ ਕਿ ਯੂਕੇ ਵਿੱਚ ਗਰੂਮਿੰਗ ਗੈਂਗ ਨੂੰ ਇੱਕ ਕੌਰ (ਸਿੱਖ ਕੁੜੀ) ਨੂੰ ਖਾਨ (ਮੁਸਲਿਮ) ਵਿੱਚ ਬਦਲਣ ਲਈ 10,000 ਪੌਂਡ ਦਿੱਤੇ ਜਾ ਰਹੇ ਹਨ। ਔਰਤ ਦਾ ਕਹਿਣਾ ਹੈ ਕਿ ਗਿਰੋਹ ਸੋਚੀ-ਸਮਝੀ ਸਾਜ਼ਿਸ਼ ਦੇ ਤਹਿਤ ਗੈਰ-ਮੁਸਲਿਮ ਲੜਕੀਆਂ, ਖਾਸ ਕਰਕੇ ਸਿੱਖ ਲੜਕੀਆਂ ਨੂੰ ਨਿਸ਼ਾਨਾ ਬਣਾ ਰਹੇ ਹਨ। ਕੁੜੀ ਨੇ ਗਰੂਮਿੰਗ ਗੈਂਗ ਦੀ ਰਣਨੀਤੀ ਦਾ ਵੀ ਖੁਲਾਸਾ ਕੀਤਾ। ਉਸ ਦਾ ਕਹਿਣਾ ਹੈ ਕਿ ਗੈਂਗ ਪਹਿਲਾਂ ਕੁੜੀਆਂ ਨੂੰ ਨਿਸ਼ਾਨਾ ਬਣਾਉਂਦੇ ਹਨ, ਉਨ੍ਹਾਂ ਨਾਲ ਭਾਵਨਾਤਮਕ ਤੌਰ 'ਤੇ ਜੁੜ ਜਾਂਦੇ ਹਨ, ਫਿਰ ਉਨ੍ਹਾਂ ਨੂੰ ਮਹਿੰਗੀਆਂ ਕਾਰਾਂ ਅਤੇ ਰੈਸਟੋਰੈਂਟਾਂ ਵਿਚ ਲੈ ਜਾਂਦੇ ਹਨ ਅਤੇ ਜਦੋਂ ਉਹ ਉਨ੍ਹਾਂ ਦੇ ਜਾਲ ਵਿਚ ਫਸ ਜਾਂਦੀਆਂ ਹਨ, ਤਾਂ ਉਹ ਉਨ੍ਹਾਂ ਨੂੰ ਧਰਮ ਪਰਿਵਰਤਨ ਲਈ ਮਜਬੂਰ ਕਰਦੇ ਹਨ। ਕੁੜੀ ਦਾ ਦਾਅਵਾ ਹੈ ਕਿ ਵੱਖ-ਵੱਖ ਧਰਮਾਂ ਦੀਆਂ ਕੁੜੀਆਂ ਨੂੰ ਲੁਭਾਉਣ ਦੇ ਰੇਟ ਵੀ ਵੱਖ-ਵੱਖ ਹੁੰਦੇ ਹਨ। ਸਿੱਖ ਕੁੜੀ ਨੂੰ ਇਸਲਾਮ ਕਬੂਲ ਕਰਨ ਲਈ ਇਕ ਨੌਜਵਾਨ ਨੂੰ 10,000 ਪੌਂਡ (ਲਗਭਗ 11 ਲੱਖ ਰੁਪਏ) ਮਿਲਦੇ ਹਨ। ਹਿੰਦੂ ਜਾਂ ਈਸਾਈ ਕੁੜੀ ਨੂੰ ਧਰਮ ਪਰਿਵਰਤਨ ਕਰਨ 'ਤੇ 5,000 ਪੌਂਡ (ਲਗਭਗ 5.5 ਲੱਖ ਰੁਪਏ) ਦੇ ਆਫਰ ਦੀ ਪੇਸ਼ਕਸ਼ ਕੀਤੀ ਜਾਂਦੀ ਹੈ। ਵੀਡੀਓ ਵਿੱਚ ਕੁੜੀ ਨੇ ਦਾਅਵਾ ਕੀਤਾ ਕਿ ਗੈਂਗ ਦੇ ਮੈਂਬਰ ਕਾਲਜਾਂ, ਸ਼ਾਪਿੰਗ ਮਾਲਾਂ ਅਤੇ ਅਜਿਹੀਆਂ ਕੁੜੀਆਂ ਲਈ ਜਨਤਕ ਥਾਵਾਂ ਦੀ ਭਾਲ ਕਰਦੇ ਹਨ, ਜਿਹੜੀਆਂ ਭਾਵਨਾਤਮਕ ਤੌਰ 'ਤੇ ਕਮਜ਼ੋਰ ਜਾਂ ਪਰਿਵਾਰ ਤੋਂ ਪ੍ਰੇਸ਼ਾਨ ਹੁੰਦੀਆਂ ਹਨ। ਉਹ ਆਰਥਿਕ ਤੌਰ 'ਤੇ ਕਮਜ਼ੋਰ ਲੜਕੀਆਂ ਅਤੇ ਦੂਜੇ ਦੇਸ਼ਾਂ ਤੋਂ ਪੜ੍ਹਨ ਲਈ ਆਈਆਂ ਲੜਕੀਆਂ ਨੂੰ ਨਿਸ਼ਾਨਾ ਬਣਾਉਂਦੇ ਹਨ। ਉਪਰੰਤ, ਗਰੋਹ ਦੇ ਮੈਂਬਰ ਕੁੜੀ ਦੇ ਧਰਮ ਨਾਲ ਮੇਲ ਕਰਨ ਲਈ ਆਪਣੇ ਨਾਮ ਬਦਲ ਲੈਂਦੇ ਹਨ। ਉਹ ਆਪਣੇ ਖੁਦ ਨੂੰ ਅਮੀਰ ਅਤੇ ਉਦਾਰਵਾਦੀ ਦੱਸ ਕੇ ਕੁੜੀ ਨਾਲ ਦੋਸਤੀ ਕਰਦੇ ਹਨ। ਕੁੜੀਆਂ ਨੂੰ ਆਪਣੇ ਜਾਲ ਵਿੱਚ ਫਸਾਉਣ ਲਈ ਉਨ੍ਹਾਂ ਨੂੰ ਰੈਸਟੋਰੈਂਟਾਂ ਅਤੇ ਮਾਲਾਂ ਵਿੱਚ ਘੁੰਮਾਉਂਦੇ ਹਨ ਅਤੇ ਵੱਡੇ-ਵੱਡੇ ਸੁਪਨੇ ਦਿਖਾਉਂਦੇ ਹਨ ਅਤੇ ਵਿਆਹ ਦਾ ਵਾਅਦਾ ਕਰਕੇ ਲੁਭਾਉਂਦੇ ਹਨ। ਇਸ ਦੌਰਾਨ, ਹੌਲੀ-ਹੌਲੀ ਕੁੜੀ ਵਿਚ ਉਸ ਦੇ ਪਰਿਵਾਰ ਅਤੇ ਧਰਮ ਪ੍ਰਤੀ ਨਫ਼ਰਤ ਜਾਂ ਸ਼ੱਕ ਪੈਦਾ ਕਰ ਦਿੰਦੇ ਹਨ, ਜਿਸ ਨਾਲ ਉਹ ਆਪਣਿਆਂ ਤੋਂ ਦੂਰ ਹੋ ਜਾਂਦੀ ਹੈ ਅਤੇ ਪੂਰੀ ਤਰ੍ਹਾਂ ਉਨ੍ਹਾਂ 'ਤੇ ਨਿਰਭਰ ਹੋ ਜਾਂਦੀ ਹੈ। ਫਿਰ, ਉਨ੍ਹਾਂ ਦਾ ਸਰੀਰਕ ਸੋਸ਼ਣ ਕਰਕੇ ਉਨ੍ਹਾਂ ਦੀਆਂ ਤਸਵੀਰਾਂ ਤੇ ਵੀਡੀਓ ਬਣਾ ਕੇ ਕੁੜੀਆਂ ਨੂੰ ਧਰਮ ਬਦਲਣ ਲਈ ਮਜਬੂਰ ਕਰਦੇ ਹਨ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਨਗਰ ਕੀਰਤਨ ਐਤਵਾਰ 29 ਮਾਰਚ ਨੂੰ

**ਨਗਰ ਕੀਰਤਨ ਦਾ ਸਮਾਂ : 12 ਵਜੇ ਅਰੰਭਤਾ ਅਤੇ 5 ਵਜੇ ਸਮਾਪਤੀ ਹੋਵੇਗੀ । ਹੋਲੇ ਮਹੱਲੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ ।**

**ਸ਼ਨਿੱਚਰਵਾਰ 28 ਮਾਰਚ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ ।**

ਐਤਵਾਰ 29 ਮਾਰਚ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ।

ਢਾਡੀ ਜਥਾ, ਰਾਗੀ ਜਥਾ , ਕਥਾ ਵਾਚਕ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ ।

ਤਰਾਂ-ਤਰਾਂ ਸਟਾਲ ਵੀ ਲੱਗਣਗੇ ☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ ।

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾਂ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਜਨਮ
ਪਿੰਡ ਰੋਡੇ
2.6.1947
Birth
Pind Rode
ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net
Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
ਨਾਮ ਜਪੋ ਕਿਰਤ ਕਰੋ ਵੰਡ ਛਕੋ
Naam Japo Kirat Karo Vand Shako
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243
ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

# ਪੰਜ ਤਖ਼ਤਾਂ ਦੀ ਯਾਤਰਾ 'ਤੇ ਨਿਕਲੇ ਗਲੋਬਲ ਸਿੱਖ ਰਾਈਡਰਜ਼ ਤਖ਼ਤ ਸ੍ਰੀ ਦਮਦਮਾ ਸਾਹਿਬ ਪਹੁੰਚੇ

**ਤਲਵੰਡੀ ਸਾਬੋ, 18 ਮਾਰਚ (ਗੁਰਜੰਟ ਸਿੰਘ ਨਥੇਹਾ)**- ਸਿੱਖ ਇਤਿਹਾਸ ਅਤੇ ਆਸਥਾ ਨਾਲ ਜੁੜੀ ਇਕ ਵਿਸ਼ੇਸ਼ ਧਾਰਮਿਕ ਯਾਤਰਾ ਤਹਿਤ ਗਲੋਬਲ ਸਿੱਖ ਰਾਈਡਰਜ਼ ਦਾ ਜਥਾ ਪੰਜ ਤਖ਼ਤਾਂ ਦੀ ਯਾਤਰਾ 'ਤੇ ਨਿਕਲਿਆ ਹੋਇਆ ਹੈ। ਇਸ ਕ੍ਰਮ ਵਿੱਚ ਤਖ਼ਤ ਸ੍ਰੀ ਹਜ਼ੂਰ ਸਾਹਿਬ ਅਤੇ ਤਖ਼ਤ ਸ੍ਰੀ ਪਟਨਾ ਸਾਹਿਬ ਦੇ ਦਰਸ਼ਨ ਕਰਨ ਤੋਂ ਬਾਅਦ ਸਿੱਖ ਰਾਈਡਰਜ਼ ਤਖ਼ਤ ਸ੍ਰੀ ਦਮਦਮਾ ਸਾਹਿਬ ਪਹੁੰਚੇ, ਜਿੱਥੇ ਉਨ੍ਹਾਂ ਨੇ ਮੱਥਾ ਟੇਕ ਕੇ ਗੁਰੂ ਸਾਹਿਬ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਗਲੋਬਲ ਸਿੱਖ ਰਾਈਡਰਜ਼ ਦੇ ਤੇਜਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਯਾਤਰਾ ਸਿੱਖ ਪੰਥ ਦੇ ਪੰਜਾਂ ਤਖ਼ਤਾਂ ਦੇ ਦਰਸ਼ਨ ਕਰਨ ਦੇ ਉਦੇਸ਼ ਨਾਲ ਆਯੋਜਿਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਹ ਕੇਵਲ ਇੱਕ ਯਾਤਰਾ ਨਹੀਂ, ਸਗੋਂ ਸਿੱਖ ਇਤਿਹਾਸ, ਪਰੰਪਰਾ ਅਤੇ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਨੂੰ ਸਮਝਣ ਅਤੇ ਉਨ੍ਹਾਂ ਨਾਲ ਜੁੜਨ ਦਾ ਇਕ ਯਤਨ ਹੈ। ਇਸ ਯਾਤਰਾ ਵਿੱਚ ਸ਼ਾਮਲ ਰਾਈਡਰਜ਼ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਜੁੜੇ ਹੋਏ

ਆਵਾਜ਼ਿ ਕੌਮ AWAZE QAUM
International Newspaper & WEB TV

ਹਨ ਅਤੇ ਮੋਟਰਸਾਈਕਲਾਂ ਰਾਹੀਂ ਇਹ ਧਾਰਮਿਕ ਸਫ਼ਰ ਤੈਅ ਕਰ ਰਹੇ ਹਨ। ਤਲਵੰਡੀ ਸਾਬੋ ਪਹੁੰਚਣ 'ਤੇ ਰਾਈਡਰਜ਼ ਦਾ ਸਥਾਨਕ ਸਮੂਹ ਪੰਜਾਬੀ ਐਡਵੈਂਚਰਜ਼ ਦੇ ਮੈਂਬਰਾਂ ਬਾਬਾ ਬਲਜੀਤ ਸਿੰਘ, ਨਰੇਸ਼ ਪਠਾਨੀਆ, ਪਰਮਵੀਰ ਸਿੰਘ ਅਤੇ ਰਮਨਿੰਦਰ ਸਿੰਘ ਸਿੱਧੂ ਵੱਲੋਂ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਇਸ ਮੌਕੇ ਰਾਈਡਰਜ਼ ਨੂੰ ਸਨਮਾਨਿਤ ਵੀ ਕੀਤਾ ਗਿਆ ਅਤੇ ਉਨ੍ਹਾਂ ਦੇ ਇਸ ਧਾਰਮਿਕ ਉਪਰਾਲੇ ਦੀ ਸਰਾਹਨਾ ਕੀਤੀ ਗਈ। ਸਥਾਨਕ ਸੰਗਤ ਨੇ ਵੀ ਰਾਈਡਰਜ਼ ਦੇ ਜਜ਼ਬੇ ਅਤੇ ਸ਼ਰਧਾ ਦੀ ਪ੍ਰਸ਼ੰਸਾ ਕੀਤੀ। ਹਰਨੇਕ ਸਿੰਘ ਬੇਨੀਪਾਲ ਨੇ ਦੱਸਿਆ ਕਿ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਦਰਸ਼ਨ ਕਰਨ ਤੋਂ ਬਾਅਦ ਹੁਣ ਉਨ੍ਹਾਂ ਦਾ ਅਗਲਾ ਪੜਾਅ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਹੋਵੇਗਾ। ਉੱਥੋਂ ਜਥਾ ਅੱਗੇ ਵੱਧਦਾ ਹੋਇਆ ਸ੍ਰੀ ਹਰਿਮੰਦਰ ਸਾਹਿਬ ਸਥਿਤ ਅਕਾਲ ਤਖ਼ਤ ਸਾਹਿਬ ਵਿਖੇ ਪਹੁੰਚ ਕੇ ਆਪਣੀ ਯਾਤਰਾ ਦਾ ਸਮਾਪਨ ਕਰੇਗਾ। ਉਨ੍ਹਾਂ ਦੱਸਿਆ ਕਿ ਇਸ ਯਾਤਰਾ ਦਾ ਉਦੇਸ਼ ਨੌਜਵਾਨਾਂ ਨੂੰ ਸਿੱਖ ਇਤਿਹਾਸ ਨਾਲ ਜੋੜਨਾ ਅਤੇ ਉਨ੍ਹਾਂ ਨੂੰ ਆਪਣੇ ਧਰਮ ਪ੍ਰਤੀ ਜਾਗਰੂਕ ਕਰਨਾ ਵੀ ਹੈ। ਅੱਜ ਦੇ ਆਧੁਨਿਕ ਦੌਰ ਵਿੱਚ ਜਿੱਥੇ ਨੌਜਵਾਨ ਆਪਣੀਆਂ ਜੜ੍ਹਾਂ ਤੋਂ ਦੂਰ ਹੁੰਦੇ ਜਾ ਰਹੇ ਹਨ, ਅਜਿਹੀਆਂ ਪਹਿਲਕਦਮੀਆਂ ਉਨ੍ਹਾਂ ਨੂੰ ਆਪਣੀ ਵਿਰਾਸਤ ਨਾਲ ਜੋੜਨ ਵਿੱਚ ਮਦਦਗਾਰ ਸਾਬਤ ਹੁੰਦੀਆਂ ਹਨ। ਇਸ ਮੌਕੇ ਹਾਜ਼ਰ ਸੰਗਤ ਨੇ ਅਰਦਾਸ ਕਰਕੇ ਰਾਈਡਰਜ਼ ਦੀ ਸਫਲ ਅਤੇ ਸੁਰੱਖਿਅਤ ਯਾਤਰਾ ਲਈ ਅਰਦਾਸ ਕੀਤੀ। ਪੂਰੇ ਮਾਹੌਲ ਵਿੱਚ ਧਾਰਮਿਕ ਉਤਸ਼ਾਹ ਅਤੇ ਸ਼ਰਧਾ ਦਾ ਮਾਹੌਲ ਵੇਖਣ ਨੂੰ ਮਿਲਿਆ। ਗਲੋਬਲ ਸਿੱਖ ਰਾਈਡਰਜ਼ ਦੀ ਇਹ ਪਹਿਲ ਨਾ ਸਿਰਫ਼ ਇੱਕ ਧਾਰਮਿਕ ਯਾਤਰਾ ਹੈ, ਸਗੋਂ ਇਹ ਸਿੱਖ ਪੰਥ ਦੀ ਏਕਤਾ, ਭਾਈਚਾਰੇ ਅਤੇ ਸਮਰਪਣ ਦਾ ਪ੍ਰਤੀਕ ਵੀ ਬਣ ਕੇ ਸਾਹਮਣੇ ਆ ਰਹੀ ਹੈ।






Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

### ਹਰਬਰਿੰਦਰ ਸਿੰਘ ਚੰਦੀ ਤਨੇਲ ਦੀ ਅੰਤਿਮ ਅਰਦਾਸ ਸਮੇਂ

# ਵੱਖ-ਵੱਖ ਸ਼ਖਸ਼ੀਅਤਾਂ ਨੇ ਕੀਤੇ ਸ਼ਰਧਾ ਦੇ ਫੁੱਲ ਅਰਪਿਤ

ਚੌਂਕ ਮਹਿਤਾ ,18ਮਾਰਚ-- (ਬਾਬਾ ਸੁਖਵੰਤ ਸਿੰਘ ਚੰਨਣਕੇ)-ਬੀਤੇ ਦਿਨੀਂ "ਵਿੰਗਸ ਵੈਲਫੇਅਰ ਸੁਸਾਇਟੀ ਨਵਾਂ ਤਨੇਲ" ਦੇ ਸਮਾਜ ਸੇਵੀ ਹਰਬਰਿੰਦਰ ਸਿੰਘ ਚੰਦੀ ਪੁੱਤਰ ਸਵਰਗੀ ਮਾਸਟਰ ਮਹਿੰਦਰ ਸਿੰਘ ਚੰਦੀ ਵਿਆਹ ਸਮਾਗਮ ਦੀਆਂ ਖੁਸ਼ੀਆਂ ਵਿੱਚ ਭੰਗੜੇ ਪਾਉਂਦੇ ਸਮੇਂ ਅਚਨਸੁਚੇਤ ਮੌਤ ਹੋ ਗਈ ਸੀ। ਜਿਨਾਂ ਦੀ ਆਤਮਿਕ ਸ਼ਾਂਤੀ ਲਈ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਭੋਗ ਉਪਰੰਤ ਸ੍ਰੀ ਦਰਬਾਰ ਸਾਹਿਬ, ਹਜ਼ੂਰੀ ਰਾਗੀ ਭਾਈ ਜਬਰਤੋੜ ਸਿੰਘ ਵੱਲੋਂ ਵੈਰਾਗਮਈ ਕੀਰਤਨ ਕੀਤਾ ਗਿਆ। ਬਾਬਾ ਰਸਪਾਲ ਸਿੰਘ ਤੇ ਬਾਬਾ ਮੇਜਰ ਸਿੰਘ ਭੋਏਵਾਲ ਆਦਿ ਵੱਲੋਂ ਕਥਾ ਰਾਹੀਂ ਸੰਗਤਾਂ ਗੁਰਬਾਣੀ ਦੀ ਸਾਂਝ ਪਾਈ ਗਈ, ਹਜੂਰੀ ਅਰਦਾਸੀਏ ਭਾਈ ਪ੍ਰੇਮ ਸਿੰਘ ਵੱਲੋਂ ਵੀ ਵਿਸ਼ਵੀ ਰੂਹ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਕੀਤੀ।ਨਜ਼ਦੀਕੀ ਇਤਿਹਾਸਿਕ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਦੇ ਮੁਖੀ ਸੰਤ ਬਾਬਾ ਸੱਜਣ ਸਿੰਘ ਨੇ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰੀ ਅਤੇ ਹਰਬਰਿੰਦਰ ਸਿੰਘ ਦੀ ਪਤਨੀ ਰੁਪਿੰਦਰ ਕੌਰ ਤੇ ਬੇਟੇ ਗੁਨਤਾਸ ਸਿੰਘ ਨੂੰ ਸਿਰਪਾਓ ਭੇਂਟ ਕਰਦਿਆਂ ਹਰਬਰਿੰਦਰ ਸਿੰਘ ਦੇ ਸਦੀਵੀ ਵਿਛੋੜੇ ਦਾ ਦੁੱਖ ਪ੍ਰਗਟ ਕੀਤਾ ਵਿਛੜੀ ਰੂਹ ਨੂੰ ਪਰਮਾਤਮਾ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ ਦੀ ਅਰਦਾਸ ਬੇਨਤੀ ਕੀਤੀ। ਅੰਤਿਮ ਅਰਦਾਸ ਉਪਰੰਤ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਵੱਲੋਂ ਓਐਸਡੀ ਲਖਬੀਰ ਸਿੰਘ ਗਿੱਲ, ਚੇਅਰਮੈਨ ਸੁਖਵਿੰਦਰ ਸਿੰਘ ਗੋਲਡੀ,ਮਾਸਟਰ ਸੁਖਵਿੰਦਰ ਸਿੰਘ ਤੇ ਪੱਤਰਕਾਰ ਸਤਨਾਮ ਸਿੰਘ ਜੱਜ ਵੱਲੋਂ ਹਰਬਰਿੰਦਰ ਸਿੰਘ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਪਰਿਵਾਰ ਵੱਲੋਂ ਗੁਰਨਾਮ ਸਿੰਘ, ਅਜੈਬ ਸਿੰਘ, ਪ੍ਰਧਾਨ ਸਤਨਾਮ ਸਿੰਘ, ਅਤੇ ਭਤੀਜੇ ਸੁਖਵਿੰਦਰ ਸਿੰਘ,ਜਰਮਨਜੀਤ ਸਿੰਘ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਬਜੀਤ ਸਿੰਘ ਨਾਗ, ਪ੍ਰਿੰਸੀਪਲ ਗੁਰਮੁਖ ਸਿੰਘ ਅਰਜਨ ਮਾਂਗਾ ਪ੍ਰਿੰਸੀਪਲ ਬਲਕਾਰ ਸਿੰਘ, ਪ੍ਰਦੀਪ ਸਿੰਘ, ਕਾਮਰੇਡ ਲਖਬੀਰ ਸਿੰਘ ਨਿਜ਼ਾਮਪੁਰ,ਮੰਗਲ ਸਿੰਘ ਖੁਜਾਲਾ ਡਾਕਟਰ ਕੁਲਦੀਪ ਸਿੰਘ, ਪਰਮਿੰਦਰ ਸਿੰਘ ਨਵਜੀਤ ਸਿੰਘ ਦਲਬੀਰ ਸਿੰਘ ਆਦਿ ਸਮੂਹ ਰਿਸ਼ਤੇਦਾਰਾਂ ਤੋਂ ਇਲਾਵਾ ਸਿਆਸੀ ਧਾਰਮਿਕ ਤੇ ਸਮਾਜ ਸੇਵੀਆਂ ਨੇ ਪਰਿਵਾਰ ਨਾਲ ਗਹਿਰਾ ਦੁੱਖ ਪ੍ਰਗਟ ਕੀਤਾ।



### ਭਗਵੰਤ ਮਾਨ ਸਰਕਾਰ ਨੇ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਵਿਧਾਨ ਸਭਾ ਪੱਧਰ 'ਤੇ ਕਮਿਸ਼ਨਾ ਦਾ ਗਠਨ ਕੀਤਾ : ਚੇਅਰਮੈਨ ਪੁਸ਼ਿਪੰਦਰ ਸ਼ਰਮਾ

# ਵਪਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਪ੍ਰਸ਼ਾਸਨ ਵਚਨਬੱਧ : ਐਸ.ਡੀ.ਐਮ.





**ਧੂਰੀ ( ਰਣਜੀਤ ਸਿੰਘ ਪੇਧਨੀ )** -ਧੂਰੀ ਵਿਧਾਨ ਸਭਾ ਹਲਕੇ ਦੇ ਵਪਾਰੀਆਂ ਦੀਆਂ ਦਰਪੇਸ਼ ਸਮੱਸਿਆਵਾਂ ਦੇ ਤੁਰੰਤ ਅਤੇ ਪ੍ਰਭਾਵਸ਼ਾਲੀ ਹੱਲ ਨੂੰ ਯਕੀਨੀ ਬਣਾਉਣ ਲਈ ਟਰੇਡਰਜ਼ ਕਮਿਸ਼ਨ ਦੀ ਇੱਕ ਮਹੱਤਵਪੂਰਨ ਬੈਠਕ ਧੂਰੀ ਵਿਖੇ ਕੀਤੀ ਗਈ। ਇਸ ਬੈਠਕ ਦੀ ਅਗਵਾਈ ਪੰਜਾਬ ਟਰੇਡਰਜ਼ ਕਮਿਸ਼ਨ ਧੂਰੀ ਦੇ ਚੇਅਰਮੈਨ ਪੁਸ਼ਿਪੰਦਰ ਸ਼ਰਮਾ ਵੱਲੋਂ ਕੀਤੀ ਗਈ, ਜਿਸ ਵਿੱਚ ਐਸ.ਡੀ.ਐਮ. ਧੂਰੀ ਡਾ. ਇਸਮਿਤ ਵਿਜੈ ਸਿੰਘ, ਟਰੇਡਰਜ਼ ਕਮਿਸ਼ਨ ਦੇ ਮੈਂਬਰ, ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਅਤੇ ਵਪਾਰੀ ਭਾਈਚਾਰੇ ਦੇ ਨੁਮਾਇੰਦਿਆਂ ਨੇ ਭਾਗ ਲਿਆ। ਇਸ ਮੌਕੇ ਚੇਅਰਮੈਨ ਪੁਸ਼ਿਪੰਦਰ ਸ਼ਰਮਾ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਪਾਰੀਆਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਵਿਧਾਨ ਸਭਾ ਹਲਕੇ ਪੱਧਰ 'ਤੇ ਟਰੇਡਰਜ਼ ਕਮਿਸ਼ਨ ਦਾ ਗਠਨ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਕਮਿਸ਼ਨ ਦਾ ਮੁੱਖ ਉਦੇਸ਼ ਵਪਾਰੀਆਂ ਦੀਆਂ ਸਮੱਸਿਆਵਾਂ ਨੂੰ ਸੁਣਨਾ ਅਤੇ ਉਨ੍ਹਾਂ ਦਾ ਸਮਾਂਬੱਧ ਢੰਗ ਨਾਲ ਨਿਪਟਾਰਾ ਕਰਨਾ ਹੈ, ਤਾਂ ਜੋ ਵਪਾਰਕ ਗਤੀਵਿਧੀਆਂ ਨੂੰ ਹੋਰ ਸੁਚਾਰੂ ਬਣਾਇਆ ਜਾ ਸਕੇ। ਚੇਅਰਮੈਨ ਨੇ ਅੱਗੇ ਕਿਹਾ ਕਿ ਵਪਾਰੀਆਂ ਵੱਲੋਂ ਉਠਾਈਆਂ ਜਾਣ ਵਾਲੀ ਹਰ ਸਮੱਸਿਆ ਨੂੰ ਗੰਭੀਰਤਾ ਨਾਲ ਲਿਆ ਜਾਵੇਗਾ ਅਤੇ ਸੰਬੰਧਿਤ ਵਿਭਾਗਾਂ ਦੇ ਸਹਿਯੋਗ ਨਾਲ ਉਨ੍ਹਾਂ ਦਾ ਜਲਦੀ ਨਿਪਟਾਰਾ ਯਕੀਨੀ ਬਣਾਇਆ ਜਾਵੇਗਾ। ਉਨ੍ਹਾਂ ਵਪਾਰੀ ਭਾਈਚਾਰੇ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਸਮੱਸਿਆਵਾਂ ਦੇ ਹੱਲ ਲਈ ਟਰੇਡਰਜ਼ ਕਮਿਸ਼ਨ ਨਾਲ ਸਿੱਧਾ ਰਾਬਤਾ ਕਰਨ, ਤਾਂ ਜੋ ਉਨ੍ਹਾਂ ਦੀਆਂ ਮੰਗਾਂ ਦਾ ਤੁਰੰਤ ਨਿਪਟਾਰਾ ਕੀਤਾ ਜਾ ਸਕੇ। ਇਸ ਦੌਰਾਨ ਐਸ.ਡੀ.ਐਮ. ਧੂਰੀ ਡਾ. ਇਸਮਿਤ ਵਿਜੈ ਸਿੰਘ ਨੇ ਭਰੋਸਾ ਦਿਵਾਇਆ ਕਿ ਪ੍ਰਸ਼ਾਸਨ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਕਮਿਸ਼ਨ ਨਾਲ ਮਿਲ ਕੇ ਕੰਮ ਕਰਦਿਆਂ ਹਰ ਇਕ ਮੁੱਦੇ ਦਾ ਹੱਲ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ। ਬੈਠਕ ਦੌਰਾਨ ਵਪਾਰੀਆਂ ਵੱਲੋਂ ਵੱਖ-ਵੱਖ ਮੁੱਦੇ ਉਠਾਏ ਗਏ, ਜਿਨ੍ਹਾਂ ਵਿੱਚ ਸੁਰੱਖਿਆ, ਟੈਕਸ ਸਬੰਧੀ ਮਸਲੇ, ਲਾਇਸੈਂਸਿੰਗ ਅਤੇ ਹੋਰ ਪ੍ਰਸ਼ਾਸਨਿਕ ਦਿੱਕਤਾਂ ਸ਼ਾਮਲ ਸਨ। ਅਧਿਕਾਰੀਆਂ ਵੱਲੋਂ ਇਨ੍ਹਾਂ ਮਸਲਿਆਂ ਨੂੰ ਧਿਆਨ ਨਾਲ ਸੁਣਿਆ ਗਿਆ ਅਤੇ ਸੰਬੰਧਿਤ ਵਿਭਾਗਾਂ ਨੂੰ ਤੁਰੰਤ ਕਾਰਵਾਈ ਲਈ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ। ਇਸ ਮੌਕੇ ਵਪਾਰੀਆਂ ਵੱਲੋਂ ਫਾਰਮ ਭਰਕੇ ਆਪਣੇ ਮਸਲੇ ਲਿਖਤੀ ਰੂਪ ਵਿੱਚ ਪੰਜਾਬ ਸਰਕਾਰ ਕੋਲ ਪੁੱਜਦੇ ਕੀਤੇ। ਇਸ ਮੌਕੇ ਕਮਿਸ਼ਨ ਦੇ ਮੈਂਬਰਾਂ ਅਮਨ ਖਾਨ, ਬਲਾਲ ਖਾਨ, ਕੁਲਦੀਪ ਸਿੰਘ, ਦੀਪਕ ਵਰਮਾ ਤੇ ਜਸਵੀਰ ਸਿੰਘ ਸਮੇਤ ਹੋਰ ਅਧਿਕਾਰੀ ਅਤੇ ਮਾਲੇਰਕੋਟਲਾ ਰੋਡ ਧੂਰੀ ਦੇ ਵਪਾਰੀ ਵੀ ਮੌਜੂਦ ਸਨ।

### ਸਕੂਲ ਫੀਸਾਂ ਨਿਯਮਬੱਧ ਕਰਨ ਲਈ ਵਿਧੀ ਦੀ ਮੰਗ: ਵਿਕਰਮਜੀਤ ਸਿੰਘ ਸਾਹਨੀ

# ਆਰਟੀਈ ਲਾਗੂ ਕਰਨ ਵਿੱਚ ਪਾੜੇ ਨੂੰ ਵੀ ਉਜਾਗਰ ਕੀਤਾ



**ਨਵੀਂ ਦਿੱਲੀ 18 ਮਾਰਚ (ਮਨਪ੍ਰੀਤ ਸਿੰਘ ਖਾਲਸਾ)**:- ਸੰਸਦ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਦੇਸ਼ ਭਰ ਵਿੱਚ ਸਕੂਲ ਫੀਸਾਂ ਨੂੰ ਤੁਰੰਤ ਅਤੇ ਸਮਾਂਬੱਧ ਵਿਧੀ ਰਾਹੀਂ ਤਰਕ ਸੰਗਤ ਬਣਾਉਣ ਦੀ ਮੰਗ ਕਰਦਿਆਂ ਚੇਤਾਵਨੀ ਦਿੱਤੀ ਹੈ ਕਿ ਪ੍ਰਾਈਵੇਟ ਸਕੂਲਾਂ ਵਿੱਚ ਮਨਮਾਨੇ ਅਤੇ ਗੈਰ-ਪਾਰਦਰਸ਼ੀ ਫੀਸ ਢਾਂਚੇ ਮੱਧ ਵਰਗ ਦੇ ਮਾਪਿਆਂ ਨੂੰ ਗੰਭੀਰ ਵਿੱਤੀ ਸੰਕਟ ਵਿੱਚ ਧੱਕ ਰਹੇ ਹਨ। ਨਿੱਜੀ ਵਿਦਿਅਕ ਸੰਸਥਾਵਾਂ ਵਿੱਚ ਫੀਸਾਂ ਦੇ ਨਿਯਮਨ ਸੰਬੰਧੀ ਆਪਣੇ ਸਵਾਲ 'ਤੇ ਸੰਸਦ ਵਿੱਚ ਸਿੱਖਿਆ ਰਾਜ ਮੰਤਰੀ ਸ਼੍ਰੀ ਜਯੰਤ ਚੌਧਰੀ ਦੁਆਰਾ ਦਿੱਤੇ ਗਏ ਜਵਾਬ ਦਾ ਹਵਾਲਾ ਦਿੰਦਿਆਂ , ਉਨ੍ਹਾਂ ਕਿਹਾ ਕਿ ਹਾਲਾਂਕਿ ਸਿੱਖਿਆ ਸਾਂਝੀ ਸੂਚੀ ਵਿੱਚ ਹੈ ਅਤੇ ਫੀਸਾਂ ਨਿਯਮਬੱਧ ਕਰਨ ਦਾ ਕੰਮ ਰਾਜ ਸਰਕਾਰਾਂ 'ਤੇ ਛੱਡ ਦਿੱਤਾ ਗਿਆ ਹੈ, ਫੇਰ ਵੀ ਬਹੁਤ ਜ਼ਿਆਦਾ ਅਤੇ ਆਵਰਤੀ ਖਰਚਿਆਂ ਜਿਵੇਂ ਕਿ ਸਾਲਾਨਾ ਫੀਸਾਂ, ਰੀਡਮਿਸ਼ਨ ਫੀਸਾਂ ਅਤੇ ਟਿਊਸ਼ਨ ਫੀਸਾਂ ਤੋਂ ਇਲਾਵਾ ਲੁਕਵੇਂ ਲੇਵੀ ਨੂੰ ਰੋਕਣ ਲਈ ਕੋਈ ਇਕਸਾਰ ਰਾਸ਼ਟਰੀ ਢਾਂਚਾ ਨਹੀਂ ਬਣਾਇਆ ਗਿਆ ਹੈ। ਡਾ. ਸਾਹਨੀ ਨੇ ਕਿਹਾ ਕਿ ਪ੍ਰੀ-ਨਰਸਰੀ ਪਲੇ ਸਕੂਲ ਸਮਾਜ ਦੇ ਵੱਡੇ ਵਰਗ ਤੋ ਬਹੁਤ ਜ਼ਿਆਦਾ ਫੀਸਾਂ ਵਸੂਲ ਰਹੇ ਹਨ ਜੋ ਕਿ ਦੇਣ ਤੋਂ ਅਸਮਰੱਥ ਹਨ। ਡਾ. ਸਾਹਨੀ ਨੇ ਕਿਹਾ ਕਿ ਬੱਚਿਆਂ ਨੂੰ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਦਾ ਅਧਿਕਾਰ ਐਕਟ, 2009 , 6 ਤੋਂ 14 ਸਾਲ ਦੇ ਹਰ ਬੱਚੇ ਨੂੰ ਮੁਫ਼ਤ ਸਿੱਖਿਆ ਦੀ ਗਰੰਟੀ ਦਿੰਦਾ ਹੈ ਅਤੇ ਇਹ ਹੁਕਮ ਦਿੰਦਾ ਹੈ ਕਿ ਪ੍ਰਾਈਵੇਟ ਗੈਰ-ਸਹਾਇਤਾ ਪ੍ਰਾਪਤ ਸਕੂਲ ਕਮਜ਼ੋਰ ਵਰਗਾਂ ਅਤੇ ਪਛੜੇ ਸਮੂਹਾਂ ਦੇ ਬੱਚਿਆਂ ਲਈ ਦਾਖਲਾ ਪੱਧਰ 'ਤੇ ਕੈਪੀਟਲ ਫ਼ੀਸ ਤੇ ਸਪਸ਼ਟ ਪਾਬੰਦੀ ਦੇ ਨਾਲ ਘੱਟੋ-ਘੱਟ 25% ਸੀਟਾਂ ਰਾਖਵੀਆਂ ਰੱਖਣ। ਫਿਰ ਵੀ, ਹਾਲੀਆ ਅਧਿਐਨ ਅਤੇ ਨਿਆਂਇਕ ਜਾਂਚ ਦਰਸਾਉਂਦੇ ਹਨ ਕਿ ਇਹ ਵਾਅਦਾ ਜ਼ਮੀਨੀ ਪੱਧਰ 'ਤੇ ਪੂਰਾ ਨਹੀਂ ਹੋ ਰਿਹਾ ਹੈ: ਨੀਤੀ ਆਯੋਗ ਦੇ ਇੱਕ ਤਾਜ਼ਾ ਸਰਵੇਖਣ ਅਧਿਐਨ ਤੋ ਪਤਾ ਲੱਗਾ ਹੈ ਕਿ ਬਹੁਤ ਸਾਰੇ ਪ੍ਰਾਈਵੇਟ ਸਕੂਲ ਪੂਰਾ 25% ਕੋਟਾ ਨਹੀਂ ਭਰ ਰਹੇ ਹਨ, ਮਾਪੇ ਆਪਣੇ ਅਧਿਕਾਰਾਂ ਤੋਂ ਅਣਜਾਣ ਹਨ, ਅਤੇ ਪ੍ਰਕਿਰਿਆਤਮਕ ਰੁਕਾਵਟਾਂ ਅਤੇ ਦੇਰੀ ਨਾਲ ਅਦਾਇਗੀ ਹਜ਼ਾਰਾਂ ਯੋਗ ਬੱਚਿਆਂ ਨੂੰ ਉਨ੍ਹਾਂ ਦੀਆਂ ਕਾਨੂੰਨੀ ਸੀਟਾਂ ਤੋਂ ਵਾਂਝਾ ਰੱਖ ਰਹੀ ਹੈ। ਡਾ. ਸਾਹਨੀ ਨੇ ਇਹ ਵੀ ਕਿਹਾ ਕਿ 2026 ਵਿੱਚ ਵੀ ਸੁਪਰੀਮ ਕੋਰਟ ਨੂੰ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਪ੍ਰਾਈਵੇਟ ਸਕੂਲਾਂ ਵਿੱਚ 25% ਆਰ ਟੀ ਈ ਕੋਟੇ ਨੂੰ ਲਾਗੂ ਕਰਨ ਲਈ ਬਾਈਡਿੰਗ ਨਿਯਮ ਬਣਾਉਣ ਲਈ ਨਿਰਦੇਸ਼ ਦੇਣਾ ਪਿਆ ਸੀ, ਜਿਸਦੇ ਬਾਵਜੂਦ ਕਮਜ਼ੋਰ ਵਰਗਾਂ ਦੇ ਬੱਚਿਆਂ ਨੂੰ ਤਕਨੀਕੀ ਕਾਰਨਾਂ ਕਰਕੇ ਦਾਖਲਾ ਦੇਣ ਤੋਂ ਇਨਕਾਰ ਕਰ ਦਿੱਤਾ ਗਿਆ ਸੀ, ਜਿਸ ਕਾਰਣ ਸਪੱਸ਼ਟ ਕਾਨੂੰਨੀ ਪ੍ਰਬੰਧਾਂ ਦੇ ਬਾਵਜੂਦ ਲਾਗੂ ਕਰਨ ਵਿੱਚ ਗੰਭੀਰ ਕਮਜ਼ੋਰੀਆਂ ਦਾ ਪਰਦਾਫਾਸ਼ ਹੁੰਦਾ ਹੈ।

# ਸਿੱਖ ਕੌਮ ਦੇ ਗ੍ਰੰਥ ਸਾਹਿਬ ਅਤੇ ਗੁਟਕਿਆ ਦਾ ਹੀ ਕਿਉਂ ਕੀਤਾ ਜਾਂਦਾ ਹੈ ਅਪਮਾਨ..? : ਮਾਨ




ਨਵੀਂ ਦਿੱਲੀ, 18 ਮਾਰਚ (ਮਨਪ੍ਰੀਤ ਸਿੰਘ ਖਾਲਸਾ):- ਭਾਵੇ ਪੰਜਾਬ ਸੂਬਾ ਹੋਵੇ, ਭਾਵੇ ਦੂਸਰੇ ਸੂਬੇ ਹੋਣ ਅਕਸਰ ਹੀ ਜਦੋ ਵੀ ਧਾਰਮਿਕ ਗ੍ਰੰਥਾਂ ਦਾ ਅਪਮਾਨ ਤੇ ਬੇਅਦਬੀਆਂ ਦੀ ਗੱਲ ਆਉਦੀ ਹੈ ਤਾਂ ਉਹ ਸ੍ਰੀ ਗੁਰੂ ਗ੍ਰੰਥ ਸਾਹਿਬ ਜਾਂ ਗੁਟਕਿਆ ਸੰਬੰਧੀ ਹੀ ਹੁੰਦੀ ਹੈ । ਇਸ ਗੱਲ ਤੋ ਇਹ ਸੰਜ਼ੀਦਾ ਪ੍ਰਸ਼ਨ ਉੱਠਦਾ ਹੈ ਕਿ ਜਦੋ ਵੀ ਅਜਿਹੀਆ ਬੇਅਦਬੀਆਂ ਹੁੰਦੀਆ ਹਨ, ਉਹ ਸ੍ਰੀ ਗੁਰੂ ਗ੍ਰੰਥ ਸਾਹਿਬ ਤੇ ਗੁਟਕਿਆ ਨਾਲ ਹੀ ਕਿਉਂ ਹੁੰਦੀਆ ਹਨ ? ਇਸ ਤੋ ਇਹ ਵੀ ਅਰਥ ਨਿਕਲਦਾ ਹੈ ਭਾਵੇ ਹਕੂਮਤੀ ਪੱਧਰ ਤੇ ਭਾਵੇ ਫਿਰਕੂ ਮੁਤੱਸਵੀ ਸੰਗਠਨਾਂ ਵੱਲੋ ਅਜਿਹੇ ਅਪਮਾਨ ਕੀਤੇ ਅਤੇ ਕਰਵਾਏ ਜਾਂਦੇ ਹਨ ।ਉਹ ਸਿੱਖ ਕੌਮ ਦੀਆਂ ਭਾਵਨਾਵਾ ਨੂੰ ਹੀ ਸੱਟ ਮਾਰਨ ਲਈ ਕੀਤੀਆ ਜਾਂਦੀਆ ਹਨ । ਇਸ ਗੱਲ ਦੀ ਵੀ ਗਹਿਰੀ ਚਿੰਤਾ ਹੈ ਕਿ ਸੈਟਰ ਦੇ ਹੁਕਮਰਾਨ ਅਤੇ ਪੰਜਾਬ ਦੇ ਹੁਕਮਰਾਨ ਇਸ ਵਿਸੇ ਉਤੇ ਕੋਈ ਸਖਤੀ ਨਾਲ ਕਾਨੂੰਨ ਬਣਾਕੇ ਫੌਰੀ ਅਮਲ ਕਰਨ ਦੀ ਜਿੰਮੇਵਾਰੀ ਕਿਉਂ ਨਹੀਂ ਨਿਭਾਉਦੇ ? ਜਦੋਕਿ ਇਹ ਸਿੱਖ ਕੌਮ ਦੀਆਂ ਭਾਵਨਾਵਾ ਨਾਲ ਸੰਬੰਧਤ ਮਸਲਾ ਬਹੁਤ ਹੀ ਗੰਭੀਰ ਅਤੇ ਇਸ ਨੂੰ ਪਹਿਲ ਦੇ ਆਧਾਰ ਤੇ ਹੁਕਮਰਾਨਾਂ ਵੱਲੋ ਹੱਲ ਕਰਨ ਦੀ ਜਿੰਮੇਵਾਰੀ ਬਣਦੀ ਹੈ । ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਬੀਤੇ ਦਿਨੀਂ ਜੋ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਅਤੇ ਗੁਟਕਾ ਸਾਹਿਬ ਦੇ ਲੰਮੇ ਸਮੇ ਤੋ ਹੁੰਦੀਆ ਆ ਰਹੀਆ ਅਪਮਾਨਿਤ ਕਾਰਵਾਈਆ ਵਿਰੁੱਧ ਪੰਜਾਬ ਸਰਕਾਰ ਵੱਲੋ ਸਖਤ ਕਾਨੂੰਨ ਬਣਾਉਣ ਨੂੰ ਲੈਕੇ ਸਮਾਣਾ ਵਿਖੇ ਟਾਵਰ ਉਤੇ ਭਾਈ ਗੁਰਜੀਤ ਸਿੰਘ ਖਾਲਸਾ ਲੰਮੇ ਸਮੇ ਤੋ ਮੋਰਚਾ ਲਗਾਕੇ ਬੈਠੇ ਹਨ, ਉਸ ਸਥਾਂਨ ਦੇ ਨਜਦੀਕ ਹੀ ਇਕ ਗੁਟਕਾ ਸਾਹਿਬ ਦੇ ਹੋਏ ਅਪਮਾਨ ਉਤੇ ਵੱਡਾ ਰੋਹ ਜਾਹਰ ਕਰਦੇ ਹੋਏ ਪ੍ਰਗਟ ਕੀਤੇ । ਉਨ੍ਹਾਂ ਕਿਹਾ ਕਿ ਜੋ ਬੀਤੇ 15 ਸਾਲਾਂ ਤੋਂ ਐਸ.ਜੀ.ਪੀ.ਸੀ ਦੀਆਂ ਹੁਕਮਰਾਨਾਂ ਵੱਲੋ ਚੋਣਾਂ ਨਹੀ ਕਰਵਾਈਆ ਜਾ ਰਹੀਆ, ਇਹ ਵੀ ਇਕ ਵੱਡਾ ਮੁੱਖ ਕਾਰਨ ਹੈ ਕਿ ਕਾਨੂੰਨੀ ਤੌਰ ਤੇ ਪ੍ਰਵਾਨਤਾ ਗੁਆ ਚੁੱਕੀ ਐਸ.ਜੀ.ਪੀ.ਸੀ ਇਸ ਗੰਭੀਰ ਵਿਸੇ ਉਤੇ ਅਮਲ ਹੀ ਨਹੀ ਕਰ ਰਹੀ । ਉਨ੍ਹਾਂ ਕਿਹਾ ਕਿ ਯੂਐਸ ਕਮਿਸਨ ਆਨ ਇੰਟਰਨੈਸ਼ਨਲ ਰੀਲੀਜੀਅਸ ਫਰੀਡਮ ਵੱਲੋ ਜਦੋ ਪ੍ਰਤੱਖ ਰੂਪ ਵਿਚ ਇਹ ਫੈਸਲਾ ਦਿੱਤਾ ਗਿਆ ਹੈ ਕਿ ਇੰਡੀਆ ਵਿਚ ਧਾਰਮਿਕ ਆਜਾਦੀ ਪੂਰਨ ਰੂਪ ਵਿਚ ਪ੍ਰਦਾਨ ਨਹੀ ਕੀਤੀ ਗਈ । ਹੁਕਮਰਾਨਾਂ ਵੱਲੋ ਅਜਿਹਾ ਵਿਵਹਾਰ ਕਰਨਾ ਬਿਲਕੁਲ ਵੀ ਨਾ ਤਾਂ ਮੁਨਾਸਿਬ ਹੈ ਅਤੇ ਨਾ ਹੀ ਸਹਿਯੋਗ ਹੈ । ਇਸ ਲਈ ਇਸ ਵਿਸੇ ਉਤੇ ਸੈਟਰ ਅਤੇ ਪੰਜਾਬ ਦੀਆਂ ਦੋਵਾਂ ਸਰਕਾਰਾਂ ਨੂੰ ਫੌਰੀ ਸੰਜ਼ੀਦਾ ਮੀਟਿੰਗ ਕਰਕੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਅਤੇ ਗੁਟਕਿਆ ਦੇ ਹੋ ਰਹੇ ਅਪਮਾਨ ਕਰਨ ਵਾਲੇ ਦੋਸ਼ੀਆਂ ਲਈ ਸਖਤ ਤੋ ਸਖਤ ਕਾਨੂੰਨ ਬਣਾਕੇ ਤੁਰੰਤ ਲਾਗੂ ਕਰਨਾ ਬਣਦਾ ਹੈ।

# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਨੇ ਸੋਸ਼ਲ ਮੀਡੀਆ 'ਤੇ ਗਲਤ ਅ.ਫਵਾਹਾਂ ਫੈਲਾਉਣ ਵਾਲਿਆਂ ਨੂੰ ਸ.ਖ਼ਤ ਤਾੜਨਾ ਕੀਤੀ

### ਲੋਕ ਅਦਾਲਤਾਂ ਵਿੱਚ ਬਿਜਲੀ ਬਿੱਲਾਂ ਦੀ ਪੂਰੀ ਛੂਟ ਦੇਣ ਦਾ ਦਾਅਵਾ ਕਰਨ ਵਾਲੇ ਬਿਆਨ ਬਿਲਕੁਲ ਬੇਬੁਨਿਆਦ



**ਜੰਡਿਆਲਾ ਗੁਰੂ , 18 ਮਾਰਚ ( ਕੁਲਵੰਤ ਸਿੰਘ ਵਿਰਦੀ )** - ਸ੍ਰੀ ਅਮਰਦੀਪ ਸਿੰਘ ਬੈਂਸ, ਸਿਵਲ ਜੱਜ (ਸੀਨੀਅਰ ਡਿਵਿਜ਼ਨ)-ਕਮ-ਸੈਕਟਰੀ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਅੰਮ੍ਰਿਤਸਰ ਵੱਲੋਂ ਸੋਸ਼ਲ ਮੀਡੀਆ 'ਤੇ ਫੈਲ ਰਹੀ ਗਲਤ ਅਤੇ ਧੋਖੇਬਾਜ਼ ਜਾਣਕਾਰੀ ਬਾਰੇ ਆਮ ਲੋਕਾਂ ਨੂੰ ਜਾਗਰੂਕ ਕਰਨ ਲਈ ਪ੍ਰੈੱਸ ਬਿਆਨ ਜਾਰੀ ਕਰਕੇ ਇਹ ਸਪੱਸ਼ਟ ਕੀਤਾ ਹੈ ਕਿ ਕੁਝ ਵੀਡੀਓਜ਼ ਅਤੇ ਸੁਨੇਹੇ ਜਿਨ੍ਹਾਂ ਵਿੱਚ ਲੋਕ ਅਦਾਲਤਾਂ ਵਿੱਚ ਬਿਜਲੀ ਬਿੱਲਾਂ ਦੀ ਪੂਰੀ ਛੂਟ ਦੇਣ ਦਾ ਦਾਅਵਾ ਕੀਤਾ ਜਾ ਰਿਹਾ ਹੈ, ਉਹ ਨਕਲੀ, ਗੁੰਮਰਾਹ ਕਰਨ ਵਾਲੇ ਅਤੇ ਬੇਬੁਨਿਆਦ ਹਨ ਉਨ੍ਹਾਂ ਇਹ ਵੀ ਦੱਸਿਆ ਕਿ 14 ਮਾਰਚ 2026 ਨੂੰ ਦੇਸ਼ ਭਰ ਵਿੱਚ, ਸਮੇਤ ਅੰਮ੍ਰਿਤਸਰ ਵਿੱਚ, ਰਾਸ਼ਟਰੀ ਲੋਕ ਅਦਾਲਤਾਂ ਦਾ ਆਯੋਜਨ ਕੀਤਾ ਗਿਆ ਸੀ, ਜਿੱਥੇ ਵੱਡੀ ਗਿਣਤੀ ਵਿੱਚ ਕੇਸਾਂ ਦਾ ਆਪਸੀ ਸਹਿਮਤੀ ਨਾਲ ਨਿਪਟਾਰਾ ਕੀਤਾ ਗਿਆ। ਕੁਝ ਬਿਜਲੀ ਬਿੱਲਾਂ ਨਾਲ ਸੰਬੰਧਤ ਮਾਮਲਿਆਂ ਵਿੱਚ ਸੀਮਿਤ ਰਾਹਤ ਜਿਵੇਂ ਸਮਝੌਤੇ ਜਾਂ ਛੋਟੀਆਂ ਛੂਟਾਂ ਦਿੱਤੀਆਂ ਗਈਆਂ ਸਨ, ਪਰ ਕਿਸੇ ਵੀ ਮਾਮਲੇ ਵਿੱਚ ਬਿਜਲੀ ਬਿੱਲਾਂ ਦੀ ਪੂਰੀ ਛੂਟ ਨਾ ਤਾਂ ਐਲਾਨੀ ਗਈ ਅਤੇ ਨਾ ਹੀ ਦਿੱਤੀ ਗਈ ਸ੍ਰੀ ਅਮਰਦੀਪ ਸਿੰਘ ਬੈਂਸ, ਸਿਵਲ ਜੱਜ (ਸੀਨੀਅਰ ਡਿਵਿਜ਼ਨ)-ਕਮ-ਸੈਕਟਰੀ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਅੰਮ੍ਰਿਤਸਰ ਨੇ ਕਿਹਾ ਕਿ ਇਸ ਦੇ ਬਾਵਜੂਦ, ਕੁਝ ਗਲਤ ਤੱਤ ਨਕਲੀ ਵੀਡੀਓਜ਼ ਅਤੇ ਪੋਸਟਾਂ ਰਾਹੀਂ ਝੂਠੇ ਦਾਅਵੇ ਕਰ ਰਹੇ ਹਨ, ਨਕਲੀ ਲੋਗੋ ਅਤੇ ਪਹਿਚਾਣਾਂ ਦੀ ਵਰਤੋਂ ਕਰਦੇ ਹੋਏ ਲੋਕਾਂ ਨੂੰ ਫਾਰਮ ਭਰਨ ਜਾਂ ਪੈਸੇ ਟ੍ਰਾਂਸਫਰ ਕਰਨ ਲਈ ਕਹਿ ਰਹੇ ਹਨ। ਇਹ ਸਾਰੇ ਦਾਅਵੇ ਪੂਰੀ ਤਰ੍ਹਾਂ ਝੂਠੇ ਹਨ ਅਤੇ ਲੋਕਾਂ ਨਾਲ ਧੋਖਾਧੜੀ ਕਰਨ ਦੇ ਉਦੇਸ਼ ਨਾਲ ਕੀਤੇ ਜਾ ਰਹੇ ਹਨ ਉਨ੍ਹਾਂ ਇਹ ਵੀ ਸਪਸ਼ਟ ਕੀਤਾ ਕਿ ਨਾ ਤਾਂ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅੰਮ੍ਰਿਤਸਰ ਅਤੇ ਨਾ ਹੀ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਿਟੇਡ (ਪੀ.ਐੱਸ.ਪੀ.ਸੀ.ਐੱਲ.) ਵੱਲੋਂ ਕੋਈ ਇਸ ਤਰ੍ਹਾਂ ਦੀ ਘੋਸ਼ਣਾ ਕੀਤੀ ਗਈ ਹੈ। ਨਾਗਰਿਕਾਂ ਨੂੰ ਸੁਚੇਤ ਕੀਤਾ ਕਿ ਇਸ ਤਰ੍ਹਾਂ ਦੀਆਂ ਧੋਖਾਧੜੀ ਵਾਲੀਆਂ ਗਤੀਵਿਧੀਆਂ ਦਾ ਮਕਸਦ ਲੋਕਾਂ ਤੋਂ ਪੈਸੇ ਅਤੇ ਸੰਵੇਦਨਸ਼ੀਲ ਨਿੱਜੀ ਜਾਣਕਾਰੀ ਪ੍ਰਾਪਤ ਕਰਨਾ ਹੈ।ਸਿਵਲ ਜੱਜ ਸੀਨੀਅਰ ਡਿਵੀਜ਼ਨ ਨੇ ਸਖ਼ਤ ਚੇਤਾਵਨੀ ਜਾਰੀ ਕਰਦਿਆਂ ਕਿਹਾ ਕਿ ਕੋਈ ਵੀ ਵਿਅਕਤੀ ਜੋ ਇਸ ਤਰ੍ਹਾਂ ਦੀ ਨਕਲੀ ਸਮੱਗਰੀ ਤਿਆਰ ਕਰਦਾ ਜਾਂ ਫੈਲਾਉਂਦਾ ਪਾਇਆ ਗਿਆ, ਉਸ ਦੇ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ, ਜਿਸ ਵਿੱਚ ਗ੍ਰਿਫ਼ਤਾਰੀ, ਜੁਰਮਾਨੇ ਅਤੇ ਮੁਕੱਦਮਾ ਸ਼ਾਮਲ ਹਨ ਉਨ੍ਹਾਂ ਜਨਤਾ ਲਈ ਸਲਾਹ ਜਾਰੀ ਕਰਦਿਆਂ ਕਿਹਾ ਕਿ ਸਿਰਫ਼ ਸਰਕਾਰੀ ਸਰੋਤਾਂ ਤੋਂ ਮਿਲਣ ਵਾਲੀ ਜਾਣਕਾਰੀ 'ਤੇ ਹੀ ਭਰੋਸਾ ਕਰੋ। ਪੀ.ਐੱਸ.ਪੀ.ਸੀ.ਐੱਲ. ਦੀ ਅਧਿਕਾਰਿਕ ਵੈਬਸਾਈਟ ਜਾਂ ਮੋਬਾਈਲ ਐਪ ਰਾਹੀਂ ਜਾਣਕਾਰੀ ਦੀ ਪੁਸ਼ਟੀ ਕਰੋ। ਅਣਜਾਣ ਲਿੰਕਾਂ 'ਤੇ ਕਲਿੱਕ ਨਾ ਕਰੋ ਅਤੇ ਆਪਣੀ ਨਿੱਜੀ ਜਾਣਕਾਰੀ ਸਾਂਝੀ ਨਾ ਕਰੋ। ਇਸ ਤਰ੍ਹਾਂ ਦੇ ਗੁੰਮਰਾਹ ਕਰਨ ਵਾਲੇ ਸੁਨੇਹਿਆਂ ਦੇ ਆਧਾਰ 'ਤੇ ਪੈਸੇ ਟ੍ਰਾਂਸਫਰ ਨਾ ਕਰੋ। ਕਿਸੇ ਵੀ ਸ਼ੱਕੀ ਸਮੱਗਰੀ ਦੀ ਤੁਰੰਤ ਸੰਬੰਧਿਤ ਅਧਿਕਾਰੀਆਂ ਨੂੰ ਸੂਚਨਾ ਦਿਓ ਉਨ੍ਹਾਂ ਕਿਹਾ ਕਿ ਹੋਰ ਜਾਣਕਾਰੀ ਲਈ, ਜਨਤਾ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਅੰਮ੍ਰਿਤਸਰ ਦੇ ਹੈਲਪਲਾਈਨ ਨੰਬਰ 0183-2220205 ਜਾਂ ਟੋਲ-ਫ਼ਰੀ ਨੰਬਰ 15100 'ਤੇ ਸੰਪਰਕ ਕਰ ਸਕਦੀ ਹੈ ਜਾਂ ਆਪਣੇ ਨੇੜਲੇ ਲੀਗਲ ਏਡ ਕਲੀਨਿਕ 'ਤੇ ਜਾ ਸਕਦੀ ਹੈ।ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅੰਮ੍ਰਿਤਸਰ ਵੱਲੋਂ ਸਾਰੇ ਨਾਗਰਿਕਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਸਾਵਧਾਨ ਰਹਿਣ, ਧੋਖਾਧੜੀ ਤੋਂ ਬਚਣ ਅਤੇ ਹੋਰਾਂ ਵਿੱਚ ਵੀ ਜਾਗਰੂਕਤਾ ਫੈਲਾਉਣ।

### ਮਾਲਵਾ ਵੈਲਫੇਅਰ ਕਲੱਬ ਤਲਵੰਡੀ ਸਾਬੋ ਵੱਲੋਂ

# ਮੇਲਾ ਖ਼ੂਨਦਾਨੀਆਂ ਦਾ ਪੋਸਟਰ ਕੀਤਾ ਗਿਆ ਜਾਰੀ



**ਤਲਵੰਡੀ ਸਾਬੋ, 18 ਮਾਰਚ (ਗੁਰਜੰਟ ਸਿੰਘ ਨਥੇਹਾ)**- ਇਲਾਕੇ ਦੀ ਨਾਮਵਰ ਸਮਾਜਸੇਵੀ ਸੰਸਥਾ ਵੱਲੋ ਸ਼ਹੀਦ-ਏ-ਆਜ਼ਮ ਭਗਤ ਸਿੰਘ,ਰਾਜਗੁਰੂ ਤੇ ਸੁਖਦੇਵ ਸਿੰਘ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਖਾਲਸਾ ਸਕੂਲ ਸਟੇਡੀਅਮ ਤਲਵੰਡੀ ਸਾਬੋ ਵਿਖੇ ਕਰਵਾਏ ਜਾ ਰਹੇ ਮੇਲਾ ਖ਼ੂਨਦਾਨੀਆਂ ਦਾ ਅੱਜ ਪੋਸਟਰ ਗਾਇਕ ਹਰਦੇਵ ਮਾਹੀਨੰਗਲ ਅਤੇ ਬਾਬਾ ਕਾਕਾ ਸਿੰਘ ਮੁਖੀ ਬੁੰਗਾ ਮਸਤੂਆਣਾ ਸਾਹਿਬ ਤਲਵੰਡੀ ਸਾਬੋ ਅਤੇ ਸਮੂਹ ਕਲੱਬ ਮੈਬਰਾਂ ਵੱਲੋਂ ਜਾਰੀ ਕੀਤਾ ਗਿਆ। ਕਲੱਬ ਪ੍ਰੈਸ ਸਕੱਤਰ ਵਿਕਾਸ ਸਿੰਗਲਾ ਅਤੇ ਕਲੱਬ ਸਰਪ੍ਰਸਤ ਅੰਮ੍ਰਿਤਪਾਲ ਸਿੰਘ ਬਰਾੜ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਮੇਲਾ ਨਗਰ ਕੌਂਸਲ ਤਲਵੰਡੀ ਸਾਬੋ ਤੇ ਗਾਇਕ ਹਰਦੇਵ ਮਾਹੀਨੰਗਲ ਦੇ ਸਹਿਯੋਗ ਨਾਲ 22 ਮਾਰਚ ਨੂੰ ਕਰਵਾਏ ਜਾ ਰਹੇ ਇਸ ਪ੍ਰੋਗਰਾਮ ਵਿੱਚ ਖ਼ੂਨਦਾਨ ਕੈਂਪ, ਸਵੈ ਇੱਛਤ ਸਟਾਲਾਂ, ਕਵੀਸ਼ਰੀ ਅਤੇ ਲੋਕ ਗਾਇਕਾ ਦਾ ਖੁੱਲਾ ਅਖਾੜਾ ਅਤੇ ਲੋਕ ਗੀਤ ਸੰਗੀਤ ਨਾਲ ਲੋਕਾਂ ਦਾ ਮਨੋਰੰਜਨ ਕੀਤਾ ਜਾਵੇਗਾ। ਕਲੱਬ ਦੇ ਪ੍ਰਧਾਨ ਗਗਨਦੀਪ ਸਿੰਘ ਅਤੇ ਸਕੱਤਰ ਜਗਨਦੀਪ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੇਲੇ ਵਿੱਚ ਲੋਕ ਗਾਇਕ ਹਰਦੇਵ ਮਾਹੀਨੰਗਲ, ਗੁਰਬਿੰਦਰ ਬਰਾੜ, ਟਾਈਗਰ, ਬਲਵੀਰ ਚੋਟੀਆਂ ਤੋਂ ਇਲਾਵਾ ਕਈ ਗਾਇਕ ਆਪਣਾ ਪ੍ਰੋਗਰਾਮ ਪੇਸ਼ ਕਰਨਗੇ। ਇਸ ਤੋਂ ਇਲਾਵਾ ਗੁਰਦਾਸ ਸੰਧੂ, ਲਵਜੀਤ, ਨਵਦੀਪ ਸੰਧੂ, ਗੀਤਕਾਰ ਅਮਰਦੀਪ ਗਿੱਲ, ਭਿੰਦਰ ਡੱਬਵਾਲੀ, ਅਲਬੇਲ ਬਰਾੜ, ਪ੍ਰੀਤ ਕਾਲਝਰਾਣੀ, ਹਰਫੂਲ ਭੁੱਲਰ, ਅਵਿਨਾਸ਼ ਗੋਂਦਾਰਾ, ਸੁੱਖ ਆਮਦ, ਸਿੱਧੂ ਜੱਜਲ ਤੋਂ ਇਲਾਵਾ ਫ਼ਿਲਮੀ ਅਦਾਕਾਰ ਰਵਿੰਦਰ ਮੰਡ ਵੀ ਹਾਜ਼ਰੀ ਲਗਾਉਣਗੇ। ਕਲੱਬ ਦੇ ਚੇਅਰਮੈਨ ਸ਼ੇਖਰ ਤਲਵੰਡੀ ਅਤੇ ਖਜਾਨਚੀ ਮਨਦੀਪ ਸਿੰਘ ਧਾਲੀਵਾਲ ਨੇ ਦੱਸਿਆ ਕਿ ਕੈਂਪ ਦੌਰਾਨ ਇਲਾਕੇ ਦੀ ਵਿਸ਼ੇਸ਼ ਨਾਮਣਾ ਖੱਟਣ ਵਾਲੀਆਂ ਸ਼ਖ਼ਸੀਅਤਾਂ ਅਤੇ ਗੀਤਕਾਰਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਜਾਵੇਗਾ। ਇਸ ਮੇਲੇ ਵਿੱਚ ਪੁਸਤਕਾਂ ਦੀ ਪ੍ਰਦਰਸ਼ਨੀ, ਦੇਸੀ ਅਨਾਜਾਂ ਦੀ ਪ੍ਰਦਰਸ਼ਨੀ ਤੋਂ ਇਲਾਵਾ ਹੋਰ ਵੀ ਕਈ ਤਰ੍ਹਾਂ ਦੀਆਂ ਪ੍ਰਦਰਸ਼ਨੀਆਂ ਲਾਈਆਂ ਜਾਣਗੀਆਂ। ਇਸ ਮੀਟਿੰਗ ਵਿੱਚ ਕਲੱਬ ਦੇ ਅਹੁਦੇਦਾਰ ਤੇ ਖਾਲਸਾ ਸਕੂਲ ਦੇ ਪ੍ਰਿੰਸੀਪਲ ਬਿਕਰਮਜੀਤ ਸਿੰਘ ਸਿੱਧੂ ਅਤੇ ਤਲਵੰਡੀ ਸਾਬੋ ਤੋਂ ਡੀਐਸਪੀ ਹਰਪ੍ਰੀਤ ਸਿੰਘ ਚਹਿਲ ਵੱਲੋਂ ਪ੍ਰੋਗਰਾਮ ਵਿੱਚ ਵਿਸ਼ੇਸ਼ ਸਹਿਯੋਗ ਰਹੇਗਾ। ਇਸ ਸਮੇਂ ਕਲੱਬ ਮੈਂਬਰ ਸ਼ੁਭਦੀਪ ਰੂਬੀ, ਚਮਨ ਲਾਲ, ਰਜਤ ਕੁਮਾਰ, ਅਮਨਦੀਪ ਸਿੰਘ, ਸੁਖਵਿੰਦਰ ਸਿੰਘ, ਅਰਸ਼ਦੀਪ ਸਿੰਘ, ਵਿਜੈਪਾਲ ਚੌਧਰੀ ਆਦਿ ਹਾਜ਼ਰ ਸਨ।

### ਗੁਰੂ ਕਾਸ਼ੀ ਯੂਨੀਵਰਸਿਟੀ ਵਿਖੇ ਤਿੰਨ ਰੋਜ਼ਾ

# 45ਵੀਂ ਰਾਸ਼ਟਰੀ ਵੈਟਰਨ ਐਥਲੈਟਿਕ ਚੈਪੀਅਨਸ਼ਿਪ-2026 ਦਾ ਸ਼ਾਨਦਾਰ ਸਮਾਪਨ









ਤਲਵੰਡੀ ਸਾਬੋ, 17, ਮਾਰਚ (ਗੁਰਜੰਟ ਸਿੰਘ ਨਥੇਹਾ)- ਮਿਲਖਾ ਸਿੰਘ ਵੈਟਰਨ ਐਥਲੈਟਿਕਸ ਕਲੱਬ (ਰਜਿ.) ਬਠਿੰਡਾ ਵੱਲੋਂ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਸਹਿਯੋਗ ਨਾਲ ਤਿੰਨ ਰੋਜ਼ਾ 45ਵੀਂ ਰਾਸ਼ਟਰੀ ਵੈਟਰਨ ਐਥਲੈਟਿਕ ਚੈਪੀਅਨਸ਼ਿਪ-2026 ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਚਾਂਸਲਰ ਗੁਰਲਾਭ ਸਿੰਘ ਸਿੱਧੂ ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ, ਜਦ ਕਿ ਪ੍ਰੋ.(ਡਾ.) ਜਗਤਾਰ ਸਿੰਘ ਧੀਮਾਨ ਕਾਰਜਕਾਰੀ ਵਾਇਸ ਚਾਂਸਲਰ ਨੇ ਇਸ ਦਾ ਰਸਮੀ ਉਦਘਾਟਨ ਕੀਤਾ। ਇਸ ਮੌਕੇ ਉੱਘੇ ਸਨਅਤਕਾਰ ਸ਼੍ਰੀ ਸੁਖਦੇਵ ਸਿੰਘ ਚਾਹਲ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਚੈਪੀਅਨਸ਼ਿਪ ਵਿੱਚ ਭਾਰਤ ਦੇ 12 ਰਾਜਾਂ ਦੇ 30 ਤੋਂ 95 ਸਾਲ ਤੱਕ ਦੀ ਉਮਰ ਦੇ ਵੈਟਰਨ ਖਿਡਾਰੀਆਂ ਨੇ ਹਿੱਸਾ ਲਿਆ। ਮੁੱਖ ਮਹਿਮਾਨ ਚਾਂਸਲਰ ਸਿੱਧੂ ਨੇ ਕਿਹਾ ਕਿ ਵੈਟਰਨ ਖਿਡਾਰੀਆਂ ਦਾ ਜੋਸ਼ ਅਤੇ ਜਨੂੰਨ ਨੌਜਵਾਨ ਖਿਡਾਰੀਆਂ ਨੂੰ ਹੋਰ ਮੱਲਾਂ ਮਾਰਨ ਲਈ ਪ੍ਰੇਰਿਤ ਕਰਦਾ ਹੈ। ਉਹਨਾਂ ਕਿਹਾ ਕਿ ਸਾਨੂੰ ਆਏ ਖਿਡਾਰੀਆਂ ਤੋਂ ਪ੍ਰੇਰਨਾ ਲੈ ਕੇ ਆਪਣੇ ਸਰੀਰ ਨੂੰ ਚੁਸਤ-ਤੰਦਰੁਸਤ ਰੱਖਣ ਚਾਹੀਦਾ ਹੈ। ਉਹਨਾਂ ਸਾਰਿਆਂ ਨੂੰ ਹਰ ਰੋਜ਼ ਕਸਰਤ ਕਰਨ ਦੀ ਸਲਾਹ ਦਿੱਤੀ। ਉਦਘਾਟਨੀ ਸਮਾਰੋਹ ਮੌਕੇ ਝੰਡਾ ਲਹਿਰਾਉਣ ਉਪੰਰਤ ਡਾ. ਧੀਮਾਨ ਨੇ ਤਜ਼ਰਬੇਕਾਰ ਐਥਲੀਟਾਂ ਦੀ ਵਚਨਬੱਧਤਾ ਅਤੇ ਉਤਸ਼ਾਹ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਇਨ੍ਹਾਂ ਖਿਡਾਰੀਆਂ ਦੀ ਤੰਦਰੁਸਤੀ ਸਾਨੂੰ ਜੀਵਨ ਭਰ ਸਰਗਰਮ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਦੀ ਹੈ। ਉਹਨਾਂ ਇਹ ਵੀ ਕਿਹਾ ਕਿ ਜੀ.ਕੇ.ਯੂ ਵਿਦਿਆਰਥੀਆਂ ਨੂੰ ਸਰੀਰਕ ਤੌਰ 'ਤੇ ਤੰਦਰੁਸਤ, ਮਾਨਸਿਕ ਤੌਰ ਤੇ ਚੁਸਤ ਤੇ ਸੁਚੇਤ ਅਤੇ ਅਧਿਆਤਮਿਕ ਤੌਰ ਤੇ ਜਾਗ੍ਰਿਤ ਰਹਿਣ ਲਈ ਉਤਸ਼ਾਹਿਤ ਕਰਦੀ ਹੈ। ਉਹਨਾਂ ਵਰਸਿਟੀ ਵਲੋਂ ਤੀਰ-ਅੰਦਾਜ਼ੀ, ਮੁੱਕਬਾਜ਼ੀ, ਗਤਕੇ, ਐਥਲੈਟਿਕ ਆਦਿ ਖੇਡਾਂ ਵਿੱਚ ਵਰਸਿਟੀ ਦੇ ਖਿਡਾਰੀਆਂ ਵਲੋਂ ਕੀਤੀਆਂ ਪ੍ਰਾਪਤੀਆਂ ਬਾਰੇ ਚਾਨਣਾ ਪਾਇਆ। ਵਿਸ਼ੇਸ਼ ਤੌਰ ਤੇ ਉਹਨਾਂ ਵਰਸਿਟੀ ਖਿਡਾਰੀਆਂ ਵਲੋਂ "ਖੇਲੋ ਇੰਡੀਆ" ਖੇਡਾਂ ਵਿੱਚ ਸਾਰੇ ਭਾਰਤ ਵਿੱਚੋਂ ਹਾਸਲ ਕੀਤੇ ਪੰਜਵੇਂ ਸਥਾਨ ਦੀ ਪ੍ਰਸ਼ੰਸਾ ਕੀਤੀ। ਚੈਪੀਅਨਸ਼ਿਪ ਬਾਰੇ ਜਾਣਕਾਰੀ ਦਿੰਦਿਆਂ ਡੀਨ (ਡਾ.) ਰਵੀ ਗਹਿਲਾਵਤ ਤੇ ਬਲਵਿੰਦਰ ਸਿੰਘ ਨੰਬਰਦਾਰ, ਪ੍ਰਧਾਨ ਮਿਲਖਾ ਸਿੰਘ ਵੈਟਰਨ ਐਥਲੈਟਿਕ ਕਲੱਬ ਬਠਿੰਡਾ ਨੇ ਦੱਸਿਆ ਕਿ ਚੈਪੀਅਨਸ਼ਿਪ ਵਿੱਚ ਭਾਰਤ ਦੇ ਵੱਖ-ਵੱਖ ਰਾਜਾਂ ਤੋਂ 800 ਤੋਂ ਜ਼ਿਆਦਾ ਖਿਡਾਰੀਆਂ ਨੇ 13 ਟਰੈਕ ਅਤੇ 8 ਫੀਲਡ ਇਵੈਂਟਾਂ ਵਿੱਚ ਹਿੱਸਾ ਲੈਣ ਲਈ ਰਜਿਸਟ੍ਰੇਸ਼ਨ ਕਰਵਾਈ। ਚੈਪੀਅਨਸ਼ਿਪ ਵਿੱਚ 450 ਸੋਨ, 410 ਚਾਂਦੀ ਅਤੇ 350 ਕਾਂਸੇ ਦੇ ਤਗਮੇ ਜਿੱਤੇ ਗਏ। ਚੈਪੀਅਨਸ਼ਿਪ ਦੇ ਸਮਾਪਨ ਮੌਕੇ ਦਰਸ਼ਕਾਂ ਤੇ ਮਹਿਮਾਨਾਂ ਨੇ ਵਰਸਿਟੀ ਦੇ ਵਿਦਿਆਰਥੀਆਂ ਵੱਲੋਂ ਨਿਰਦੇਸ਼ਕ ਯੁਵਾ ਤੇ ਸੱਭਿਆਚਾਰਕ ਮਾਮਲੇ ਡਾ. ਕੰਵਲਜੀਤ ਕੌਰ ਦੇ ਨਿਰਦੇਸ਼ਨ ਹੇਠ ਪੇਸ਼ ਕੀਤੇ ਗਏ ਲੋਕ-ਨਾਚ ਭੰਗੜੇ ਅਤੇ ਗਿੱਧੇ ਨਾਲ ਪੰਜਾਬ ਦੀ ਅਮੀਰ, ਸੱਭਿਆਚਾਰਕ ਵਿਰਾਸਤ ਦਾ ਜਸ਼ਨ ਮਨਾਇਆ। ਇਸ ਮੌਕੇ ਪੇਸ਼ ਕੀਤੇ ਗਏ ਰੰਗਾ-ਰੰਗ ਪ੍ਰੋਗਰਾਮ ਨੇ ਭਾਰਤ ਅੰਦਰ ਅਨੇਕਤਾ ਵਿੱਚ ਏਕਤਾ ਦੀ ਤਸਵੀਰ ਨੂੰ ਜੀਵਿਤ ਕਰ ਦਿੱਤਾ। ਫੈਕਲਟੀ ਆਫ਼ ਫਿਜ਼ੀਕਲ ਐਜੂਕੇਸ਼ਨ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਵਲੋਂ ਸਮੂਹ ਚੈਪੀਅਨਸ਼ਿਪ ਵਿੱਚ ਕੀਤੇ ਗਏ ਪ੍ਰਬੰਧਨ ਦੀ ਮਹਿਮਾਨ ਖਿਡਾਰੀਆਂ ਅਤੇ ਕੋਚ ਸਾਹਿਬਾਨ ਨੇ ਖ਼ੂਬ ਪ੍ਰਸ਼ੰਸਾ ਕੀਤੀ। ਬਾਹਰੋਂ ਆਏ ਖੇਡ ਅਧਿਕਾਰੀਆਂ ਨੇ ਮੇਜ਼ਬਾਨ ਵਿਦਿਆਰਥੀਆਂ ਦੇ ਪ੍ਰਬੰਧਨ ਨੂੰ ਵੇਖ ਕੇ ਕਿਹਾ ਕਿ ਇਹ ਖਿਡਾਰੀ ਹੋਰ ਵੱਡੀਆਂ ਖੇਡ ਚੈਪੀਅਨਸ਼ਿਪ ਆਯੋਜਿਤ ਕਰਨ ਦੇ ਸਮੱਰਥ ਹਨ।

## ਸ਼ਹੀਦ ਬਾਬਾ ਦੀਪ ਸਿੰਘ ਜੀ ਪਬਲਿਕ ਹਾਈ ਸਕੂਲ ਮਹਿਸਮਪੁਰ ਵਿੱਚ ਗੁਰਬਾਣੀ ਕਲਾਸਾਂ ਦੀ ਸ਼ੁਰੂਆਤ, ਵਿਦਿਆਰਥੀਆਂ ਵਿੱਚ ਧਾਰਮਿਕ ਸਿੱਖਿਆ ਪ੍ਰਤੀ ਉਤਸ਼ਾਹ



**ਚੌਕ ਮਹਿਤਾ, 18 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਦੀ ਸਰਪ੍ਰਸਤੀ ਹੇਠ ਚੱਲ ਰਹੇ ਵਿਦਿਅਕ ਅਦਾਰਿਆਂ ਵਿੱਚੋਂ ਇੱਕ ਅਦਾਰਾ ਸ਼ਹੀਦ ਬਾਬਾ ਦੀਪ ਸਿੰਘ ਜੀ ਪਬਲਿਕ ਹਾਈ ਸਕੂਲ ਮਹਿਸਮਪੁਰ ਖੁਰਦ, ਜ਼ਿਲ੍ਹਾ ਅੰਮ੍ਰਿਤਸਰ ਵਿੱਚ ਵਿਦਿਆਰਥੀਆਂ ਲਈ ਗੁਰਬਾਣੀ ਕਲਾਸਾਂ ਦੀ ਸ਼ੁਰੂਆਤ ਕੀਤੀ ਗਈ। ਸਕੂਲ ਦੀ ਮੈਨੇਜਮੈਂਟ ਵੱਲੋਂ ਇਹ ਉਪਰਾਲਾ ਵਿਦਿਆਰਥੀਆਂ ਨੂੰ ਧਾਰਮਿਕ ਅਤੇ ਨੈਤਿਕ ਸਿੱਖਿਆ ਨਾਲ ਜੋੜਨ ਲਈ ਕੀਤਾ ਗਿਆ ਹੈ। ਇਨ੍ਹਾਂ ਕਲਾਸਾਂ ਵਿੱਚ ਵਿਦਿਆਰਥੀਆਂ ਨੂੰ ਗੁਰਬਾਣੀ ਦਾ ਉਚਾਰਨ, ਅਰਥ ਅਤੇ ਕੀਰਤਨ ਸਿਖਾਇਆ ਜਾ ਰਿਹਾ ਹੈ। ਇਸ ਮੌਕੇ ਸਕੂਲ ਪ੍ਰਿੰਸੀਪਲ ਸਾਹਿਬ ਨੇ ਦੱਸਿਆ ਕਿ ਅਜਿਹੀਆਂ ਕਲਾਸਾਂ ਨਾਲ ਬੱਚਿਆਂ ਵਿੱਚ ਚੰਗੇ ਸੰਸਕਾਰ, ਅਨੁਸ਼ਾਸਨ ਅਤੇ ਆਤਮਿਕ ਵਿਕਾਸ ਨੂੰ ਵਧਾਵਾ ਮਿਲਦਾ ਹੈ। ਵਿਦਿਆਰਥੀਆਂ ਨੇ ਵੀ ਬੜੇ ਉਤਸ਼ਾਹ ਨਾਲ ਗੁਰਬਾਣੀ ਕਲਾਸਾਂ ਵਿੱਚ ਭਾਗ ਲਿਆ। ਇਸ ਮੌਕੇ ਹੋਰ ਹਾਜ਼ਰ ਸ਼ਖਸੀਅਤਾਂ ਵਿੱਚ ਹਾਕੀ ਕੋਚ ਬਲਜਿੰਦਰ ਸਿੰਘ, ਪ੍ਰਿੰਸੀਪਲ ਹਰਜੋਤ ਸਿੰਘ, ਪ੍ਰਿੰਸੀਪਲ ਗੁਰਦੀਪ ਸਿੰਘ, ਸ. ਗੁਰਪਿੰਦਰ ਸਿੰਘ,ਸ ਗੁਰਮੁਖ ਸਿੰਘ, ਸ ਜਗਦੀਪ ਸਿੰਘ, ਅਤੇ ਮਨਦੀਪ ਕੌਰ ਮੈਡਮ ਸਮੇਤ ਸਮੂਹ ਸਕੂਲ ਸਟਾਫ ਮੌਜੂਦ ਸਨ।

## ਆਰਟੀਫੀਸ਼ੀਅਲ ਤਕਨਾਲੋਜੀ ਦੀ ਵਰਤੋਂ ਨਾਲ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਣਾ ਨਿੰਦਣਯੋਗ- ਗਿਆਨੀ ਟੇਕ ਸਿੰਘ

### ਇਤਰਾਜ਼ਯੋਗ ਵੀਡੀਓ, ਫੋਟੋ ਆਦਿ ਅੱਗੇ ਸਾਂਝੀ ਕਰਨ ਦੀ ਬਜਾਏ ਇਤਰਾਜ਼ਯੋਗ ਸਮੱਗਰੀ ਵਜੋਂ ਕੀਤਾ ਜਾਵੇ ਰਿਪੋਰਟ- ਜਥੇਦਾਰ ਤਖਤ ਸ੍ਰੀ ਦਮਦਮਾ ਸਾਹਿਬ



ਤਲਵੰਡੀ ਸਾਬੋ, 18 ਮਾਰਚ (ਗੁਰਜੰਟ ਸਿੰਘ ਨਥੇਹਾ)- ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਟੇਕ ਸਿੰਘ ਜੀ ਨੇ ਅਜੋਕੇ ਸਮੇਂ ਅੰਦਰ ਆਰਟੀਫੀਸ਼ੀਅਲ ਤਕਨਾਲੌਜੀ ਰਾਹੀਂ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਣ 'ਤੇ ਸਖਤ ਪ੍ਰਤੀਕਰਮ ਦਿੱਤਾ ਹੈ। ਗਿਆਨੀ ਟੇਕ ਸਿੰਘ ਜੀ ਨੇ ਮਸਲੇ 'ਤੇ ਪ੍ਰਤੀਕਿਰਿਆ ਦਿੰਦਿਆਂ ਕੌਮ ਨੂੰ ਸੁਚੇਤ ਰਹਿਣ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਜਦੋਂ ਵੀ ਏ ਆਈ ਨਾਲ ਬਣੀ ਕੋਈ ਇਤਰਾਜ਼ਯੋਗ ਵੀਡੀਓ, ਫੋਟੋ ਆਦਿ ਸਾਹਮਣੇ ਆਵੇ ਤਾਂ ਉਸ ਨੂੰ ਅੱਗੇ ਸਾਂਝੀ ਕਰਨ ਦੀ ਬਜਾਏ ਸਬੰਧਤ ਸੋਸ਼ਲ ਮੀਡੀਆ ਪਲੇਟਫਾਰਮ ਉੱਤੇ ਤੁਰੰਤ ਹੀ ਇਤਰਾਜ਼ਯੋਗ ਸਮੱਗਰੀ ਵਜੋਂ ਰਿਪੋਰਟ ਕਰਨਾ ਚਾਹੀਦਾ ਹੈ। ਸਿੰਘ ਸਾਹਿਬ ਜੀ ਨੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਅੱਜ ਹਾਲਾਤ ਇਹ ਬਣੇ ਹੋਏ ਹਨ ਕਿ ਜਦੋਂ ਵੀ ਕੋਈ ਏ.ਆਈ ਨਾਲ ਬਣੀ ਇਤਰਾਜ਼ਯੋਗ ਵੀਡੀਓ, ਫੋਟੋ ਆਦਿ ਸਾਹਮਣੇ ਆਉਂਦੀ ਹੈ ਤਾਂ ਕੁਝ ਵਿਅਕਤੀ ਉਸ ਸਮੱਗਰੀ ਨੂੰ ਆਪਣੇ ਸੋਸ਼ਲ ਮੀਡੀਆ ਮੰਚਾਂ ਉੱਤੇ ਅਪਲੋਡ ਜਾਂ ਸਾਂਝਾ ਕਰ ਦਿੰਦੇ ਹਨ। ਜਿਹੜਾ ਕਿ ਗਲਤ ਹੈ ਅਤੇ ਅਜਿਹਾ ਕਰਨ ਨਾਲ ਧਾਰਮਿਕ ਭਾਵਨਾਵਾਂ ਨੂੰ ਹੋਰ ਵੀ ਸੱਟ ਵੱਜਦੀ ਹੈ। ਉਨ੍ਹਾਂ ਕਿਹਾ ਕਿ ਇਸ ਦੀ ਬਜਾਏ ਵੀਡੀਓ, ਫੋਟੋ ਨੂੰ ਤੁਰੰਤ ਰਿਪੋਰਟ ਕੀਤਾ ਜਾਵੇ ਅਤੇ ਉਸ ਨੂੰ ਕਿਤੇ ਵੀ ਸਾਂਝਾ ਨਾ ਕੀਤਾ ਜਾਵੇ ਤਾਂ ਜੋ ਉਹ ਸਮੱਗਰੀ ਖਤਮ ਹੋ ਸਕੇ। ਇਸ ਮੌਕੇ ਗਿਆਨੀ ਟੇਕ ਸਿੰਘ ਨੇ ਕੇਂਦਰ ਅਤੇ ਸੂਬਾ ਸਰਕਾਰਾਂ ਨੂੰ ਵੀ ਹਦਾਇਤ ਕਰਦਿਆਂ ਕਿਹਾ ਕਿ ਅਜਿਹੇ ਮਾਮਲਿਆਂ ਵਿੱਚ ਸਖਤੀ ਵਰਤਦਿਆਂ ਕਾਰਵਾਈ ਨੂੰ ਤੁਰੰਤ ਅਮਲ ਵਿੱਚ ਲਿਆਂਦਾ ਜਾਵੇ। ਗਿਆਨੀ ਟੇਕ ਸਿੰਘ ਜੀ ਨੇ ਕਿਹਾ ਕਿ ਤਕਨਾਲੋਜੀ ਕੋਈ ਮਾੜੀ ਨਹੀਂ ਪਰ ਕੁਝ ਲੋਕ ਜਦੋਂ ਇਸ ਦਾ ਦੁਰਉਪਯੋਗ ਕਰਦੇ ਹਨ ਤਾਂ ਇਸ ਨਾਲ ਭਾਵਨਾਵਾਂ ਆਹਤ ਹੁੰਦੀਆਂ ਹਨ। ਗਿਆਨੀ ਟੇਕ ਸਿੰਘ ਜੀ ਨੇ ਕਿਹਾ ਕਿ ਜੇਕਰ ਤਕਨੀਕ ਦੀ ਸਹੀ ਵਰਤੋਂ ਕੀਤੀ ਜਾਵੇ ਤਾਂ ਇਸ ਨਾਲ ਚੰਗਾ ਸਮਾਜ ਸਿਰਜਿਆ ਜਾ ਸਕਦਾ ਹੈ।

## ਬੱਸ ਨੇ ਦਰੜਿਆ ਮੋਟਰ ਸਾਇਕਲ ਸਵਾਰ ਨੌਜਵਾਨ ਦੀ ਮੌਕੇ ਤੇ ਹੀ ਮੌਤ

**ਅੰਮ੍ਰਿਤਸਰ, 18 ਮਾਰਚ (ਆਵਾਜ਼ਿ ਕੌਮ ਬਿਊਰੋ)**-ਝਬਾਲ ਤੋਂ ਆ ਰਹੀ ਮਾਝਾ ਬੱਸ ਨੇ ਮੋਟਰ ਸਾਇਕਲ ਨੌਜਵਾਨ ਹੇਠਾਂ ਦੇ ਕਿ ਮੌਤ ਦੇ ਘਾਟ ਉਤਾਰ ਦਿੱਤਾ, ਮੌਕੇ ਤੇ ਪ੍ਰਾਪਤ ਜਾਣਕਾਰੀ ਅਨੁਸਾਰ ਪਿੰਡ ਖੈਰਦੀਨਕੇ ਦੇ ਗੁਰਚਰਨ ਸਿੰਘ ਨੇ ਦੱਸਿਆ ਜਿਸ ਦੀ ਮੌਤ ਹੋਈ ਹੈ ਇਹ ਮ੍ਰਿਤਕ ਨੌਜਵਾਨ ਹਰਪ੍ਰੀਤ ਸਿੰਘ ਸਾਡੇ ਪਿੰਡ ਦਾ ਹੀ ਹੈ ਅਤੇ ਅੰਮ੍ਰਿਤਸਰ ਭੰਡਾਰੀ ਪੁਲ ਥੱਲੇ ਟਾਇਰਾ ਦਾ ਕੰਮ ਕਰਦਾ ਹੈ ਇਸ ਦਾ ਪਿਤਾ ਗੁਰਦੀਪ ਸਿੰਘ ਮਿਹਨਤ ਮਜਦੂਰੀ ਕਰਦਾ ਹੈ, ਜਦੋਂ ਇਸ ਘਟਨਾ ਦਾ ਪਤਾ ਲੱਗਾ ਸਾਰਾ ਪਿੰਡ ਵਿੱਚ ਸੋਗ ਲਹਿਰ ਦੌੜ ਗਈ, ਘਟਨਾ ਵਾਲੀ ਜਗਾਹ ਤੇ ਪੁੱਜ ਕਿ ਮਾਝਾ ਟਰਾਂਸਪੋਰਟ ਦੇ ਖਿਲਾਫ ਧਰਨਾ ਲਗਾਇਆ ਗਿਆ ਅਤੇ ਝਬਾਲ ਰੋਡ ਸਾਰਾ ਜਾਮ ਕਰ ਦਿੱਤਾ ਗਿਆ ਇਸ ਰਿਪੋਰਟ ਥਾਣਾ ਚਾਟੀਵਿੰਡ ਦੀ ਚੌਕੀਂ ਬੋਹੜੂ ਵਿਖੇ ਇਸ ਦੀ ਰਿਪੋਰਟ ਦਰਜ ਕਰਵਾਈ ਗਈ ਡਰਾਇਵਰ ਬੱਸ ਭਜਾ ਕਿ ਬੱਸ ਸਟੈਂਡ ਵਿਖੇ ਲੈ ਗਿਆ ਪੁਲਿਸ ਵੱਲੋਂ ਡਰਾਇਵਰ ਕੁਲਵਿੰਦਰ ਸਿੰਘ ਪੁੱਤਰ ਗੁਰਮੇਲ ਸਿੰਘ ਵਾਸੀ ਰਾਮੂਵਾਲ ਖੇਮਕਰਨ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ ਮਾਝਾ ਬੱਸ ਪੀ ਬੀ 07 ਏ ਐਫ 5395 ਨੂੰ ਕਬਜੇ ਵਿੱਚ ਲੈ ਲਿਆ ਡਰਾਇਵਰ ਤੇ ਪਰਚਾ ਦਰਜ ਕਰ ਲਿਆ ਗਿਆ ਹੈ। ਪਿੰਡ ਸਰਪੰਚ ਗੁਰਚਰਨ ਸਿੰਘ ਅਤੇ ਪਿੰਡ ਵਾਸੀਆ ਅੰਮ੍ਰਿਤਸਰ ਡਿਪਟੀ ਕਮਿਸ਼ਨਰ ਦਲਵਿੰਦਰ ਸਿੰਘ ਤੋਂ ਮੰਗ ਕੀਤੀ ਜੇਕਰ ਸੜਕ ਨੂੰ ਚਾਰ ਮਾਰਗੀ ਬਣਾ ਦਿੱਤਾ ਹੈ ਤੇ ਇਸ ਨੂੰ ਨੈਸਨਲ ਹਾਈਵੇ ਅਥਾਰਟੀ ਇੰਡੀਆ ਜਿਹੜਾ ਪਾਸਾ ਬੰਦ ਕਰਵਾਇਆ ਹੈ ਉਸ ਨੂੰ ਖੁਲਵਾਇਆ ਜਾਵੇ ਤਾਂ ਜੋ ਆਉਣ ਵਾਲੇ ਦਿਨਾਂ ਵਿੱਚ ਹੋਰ ਕਿਸੇ ਦੇ ਮਾਵਾਂ ਦੇ ਪੁੱਤ ਨਾਂ ਮਰਨ। ਕਿਉਂਕਿ ਤੁਸੀਂ ਮੌਕੇ ਤੇ ਆ ਕਿ ਵੇਖੋ ਇਸ ਸੜਕ ਬਣੀ ਨੂੰ ਦੋ ਸਾਲ ਹੋ ਗਏ ਪਰ ਇਕ ਪਾਸਾ ਉਸ ਟਾਇਮ ਤੋਂ ਬੰਦ ਹੈ ਇਸ ਸੰਬੰਧ ਵਿੱਚ ਪਿੰਡਾਂ ਵੱਲੋਂ ਪਹਿਲੇ ਡਿਪਟੀ ਕਮਿਸ਼ਨਰ ਰਹਿ ਸਾਕਸੀ ਸਾਹਨੀ ਮੰਗ ਪੱਤਰ ਦਿੱਤਾ ਗਿਆ ਪਰ ਹਾਲੇ ਤੱਕ ਕੋਈ ਕਾਰਵਾਈ ਨਹੀਂ ਹੋਈ ਹੈ ਸਾਡੇ ਸਾਰਿਆ ਵੱਲੋਂ ਇਹੋ ਮੰਗ ਹੈ ਜਿਹੜਾ ਸੜਕ ਦਾ ਇਕ ਪਾਸਾ ਬੰਦ ਹੈ ਜਲਦੀ ਹੀ ਖੁਲਵਾਇਆ ਜਾਵੇ। ਬੋਹੜੂ ਚੌਕੀਂ ਇੰਚਾਰਜ ਹਰਜਿੰਦਰ ਸਿੰਘ ਬੱਲ ਨੇ ਮ੍ਰਿਤਕ ਹਰਪ੍ਰੀਤ ਸਿੰਘ ਦਾ ਪੋਸਟ ਮਾਰਟਮ ਕਰਵਾ ਕਿ ਮ੍ਰਿਤਕ ਦੇਹ ਨੂੰ ਵਾਰਸਾਂ ਦੇ ਹਵਾਲੇ ਕਰ ਦਿੱਤੀ ਹੈ, ਦੋਸੀ ਡਰਾਇਵਰ ਕੁਲਵਿੰਦਰ ਸਿੰਘ ਦੀ ਗ੍ਰਿਫਤਾਰੀ ਪਾ ਦਿੱਤੀ ਹੈ ਅਤੇ ਮੌਕੇ ਤੇ ਜਮਾਨਤ ਹੋ ਗਈ ਹੈ।

ਗੁਰਦੁਆਰਾ ਸ੍ਰੀ ਗੁਰੂ ਨਾਨਕ ਸੰਗਤ ਸਾਹਿਬ ਬਰਾਂਚ ਦਮਦਮੀ ਟਕਸਾਲ ਮਹਿਤਾ ਪਿੰਡ ਝੋਕ ਮੋਹੜੇ ਵਿਖੇ ਮਹਾਂਪੁਰਖਾਂ ਦੀ ਮਿੱਠੀ ਯਾਦ ਵਿਚ

# ਸਲਾਨਾ ਮਹਾਨ ਗੁਰਮਤਿ ਸਮਾਗਮ ਸੰਪਨ : ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ, ਭਾਈ ਰਛਪਾਲ ਸਿੰਘ







ਫ਼ਿਰੋਜ਼ਪੁਰ, 18 ਮਾਰਚ (ਮਨੋਹਰ ਲਾਲ) :— ਗੁਰਦੁਆਰਾ ਸ੍ਰੀ ਗੁਰੂ ਨਾਨਕ ਸੰਗਤ ਸਾਹਿਬ ਬਰਾਂਚ ਦਮਦਮੀ ਟਕਸਾਲ ਮਹਿਤਾ ਪਿੰਡ ਝੋਕ ਮੋਹੜੇ ਵਿਖੇ ਮਹਾਂਪੁਰਖਾਂ ਦੀ ਮਿੱਠੀ ਯਾਦ ਵਿਚ ਸਲਾਨਾ ਮਹਾਨ ਗੁਰਮਤਿ ਸਮਾਗਮਾਂ ਦੌਰਾਨ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਅਤੇ ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ, ਢਾਡੀ ਅਤੇ ਕੀਰਤਨੀ ਜਥਿਆਂ ਵੱਲੋਂ ਸੰਗਤਾਂ ਨੂੰ ਗੁਰਬਾਣੀ ਸਰਵਣ ਕਰਵਾਈ ਗਈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਮੁੱਖ ਬੁਲਾਰਾ ਦਮਦਮੀ ਟਕਸਾਲ ਅਤੇ ਭਾਈ ਰਛਪਾਲ ਸਿੰਘ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਮਹਾਂਪੁਰਖ ਸ੍ਰੀਮਾਨ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਦੇਖ—ਰੇਖ ਹੇਠ ਧੰਨ—ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਅਤੇ ਮਹਾਂਪੁਰਖਾਂ ਦੀ ਮਿੱਠੀ ਯਾਦ ਜਿਨ੍ਹਾਂ ਵਿਚ ਸੰਤ ਬਾਬਾ ਠਾਕੁਰ ਸਿੰਘ ਜੀ ਭਿੰਡਰਾਂ ਵਾਲੇ, ਸੰਤ ਬਾਬਾ ਕੁੰਦਨ ਸਿੰਘ ਨਾਨਕਸਰ, ਸੰਤ ਬਾਬਾ ਗੁਰਬਖਸ਼ ਸਿੰਘ ਜੈਲਦਾਰ ਜਿਨ੍ਹਾਂ ਸਾਰੀ ਉਮਰ ਤਪ ਕੀਤਾ ਅਤੇ ਲੱਖਾ ਕਰੋੜਾਂ ਸੰਗਤਾਂ ਨੂੰ ਨਾਮ ਜਪਾਇਆ ਅਤੇ ਖੰਡੇ ਬਾਟੇ ਦਾ ਅੰਮ੍ਰਿਤ ਛਕਾ ਕੇ ਗੁਰੂ ਨਾਲ ਜ਼ੋੜਿਆ ਦੀ ਯਾਦ ਵਿਚ ਧਾਰਮਿਕ ਸਮਾਗਮ ਕਰਵਾਏ ਗਏ। ਇਸ ਮੌਕੇ ਤੇ ਸ੍ਰੀਮਾਨ ਸੰਤ ਭਾਈ ਰਛਪਾਲ ਸਿੰਘ, ਗਿਆਨੀ ਗੁਰਵਿੰਦਰ ਸਿੰਘ, ਭਾਈ ਗੁਰਦੀਪ ਸਿੰਘ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਤੋਂ ਭਾਈ ਲੱਖਾ ਸਿੰਘ ਜੀ ਦਾ ਜਥਾ ਪਹੁੰਚਿਆ। ਬਾਬਾ ਗੁਰਚਰਨ ਸਿੰਘ ਮੁਕਤਸਰ ਸਾਹਿਬ, ਸ੍ਰੀ ਦਰਬਾਰ ਸਾਹਿਬ ਤੋਂ ਕੇਵਲ ਸਿੰਘ ਵਿਸ਼ੇਸ਼ ਤੌਰ ਤੇ ਪੁੱਜੇ। ਇਸ ਮੌਕੇ ਤੇ ਵਿਸ਼ੇਸ਼ ਤੌਰ ਤੇ ਪੁੱਜੇ ਮਹਾਂਪੁਰਖ ਸ੍ਰੀਮਾਨ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲੇ ਮੌਜੂਦਾ ਮੁਖੀ ਦਮਦਮੀ ਟਕਸਾਲ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਗੁਰਇਤਿਹਾਸ ਸੁਣਾ ਕੇ ਸੰਗਤਾਂ ਨੂੰ ਮੰਤਰ ਮੁਗਧ ਕੀਤਾ ਅਤੇ ਜੁੜੀ ਸੰਗਤ ਨੇ ਜੈਕਾਰਿਆਂ ਨਾਲ ਅਕਾਸ਼ ਗੂੰਜਣ ਲਾਇਆ। ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਮੁੱਖ ਬੁਲਾਰਾ ਦਮਦਮੀ ਟਕਸਾਲ ਅਤੇ ਗੁਰੂ ਘਰ ਦੇ ਸੇਵਾਦਾਰ ਭਾਈ ਰਛਪਾਲ ਸਿੰਘ ਨੇ ਸਮਾਗਮਾਂ ਵਿਚ ਪੁੱਜੀਆਂ ਧਾਰਮਿਕ ਸਖਸ਼ੀਅਤਾਂ, ਰਾਗੀ, ਢਾਡੀ, ਕੀਰਤਨੀ ਜਥਿਆਂ ਅਤੇ ਇਲਾਕਾ ਨਿਵਾਸੀਆਂ ਦਾ ਧੰਨਵਾਦ ਕਰਦੇ ਹੋਏ ਉਨ੍ਹਾਂ ਨੂੰ ਵਧਾਈ ਦਿੱਤੀ ਕਿ ਉਨ੍ਹਾਂ ਨੂੰ ਗੁਰਬਾਣੀ ਨਾਲ ਜੁੜਣ ਦਾ ਮੌਕਾ ਮਿਲਿਆ। ਇਸ ਮੌਕੇ ਅੰਮ੍ਰਿਤਪਾਨ ਵੀ ਕਰਵਾਇਆ ਗਿਆ। ਸਮਾਗਮਾਂ ਦੌਰਾਨ ਗੁਰੂ ਕਾ ਲੰਗਰ ਅਤੁੱਟ ਵਰਤਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਅਕਾਲ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਵੱਲੋਂ

# ਕੰਧ ਪਤ੍ਰਿਕਾ ਆ.ਗਾਜ਼ ਦਾ 24ਵਾਂ ਅੰਕ ਮਾਂ ਬੋਲੀ ਦਿਹਾੜੇ ਨੂੰ ਸਮਰਪਿਤ




ਤਲਵੰਡੀ ਸਾਬੋ, 18 ਮਾਰਚ (ਗੁਰਜੰਟ ਸਿੰਘ ਨਥੇਹਾ)- ਅਕਾਲ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਦੁਆਰਾ ਵਿਦਿਆਰਥੀਆਂ ਨੂੰ ਸਾਹਿਤਕ ਰੁਚੀਆਂ ਵੱਲ ਪ੍ਰੇਰਿਤ ਕਰਨ ਹਿੱਤ ਸਮੇਂ ਸਮੇਂ ਸਿਰ ਵੱਖ ਵੱਖ ਤਰ੍ਹਾਂ ਦੀਆਂ ਰਚਨਾਤਮਕ ਗਤੀਵਿਧੀਆਂ ਜਿਵੇਂ ਸੈਮੀਨਾਰ, ਵਿਸ਼ੇਸ਼ ਲੈਕਚਰ, ਵੱਖ ਵੱਖ ਵਿਸ਼ਿਆਂ 'ਤੇ ਵਰਕਸ਼ਾਪ, ਭਾਸ਼ਣ ਮੁਕਾਬਲੇ ਅਤੇ ਕਵਿਤਾ ਉਚਾਰਣ ਆਦਿ ਦਾ ਆਯੋਜਨ ਹੁੰਦਾ ਰਹਿੰਦਾ ਹੈ। ਇਸ ਪ੍ਰਸੰਗ ਵਿਚ ਕੰਧ ਪੱਤ੍ਰਿਕਾ 'ਆ.ਗਾਜ਼' ਦਾ ਪ੍ਰਕਾਸ਼ਨ ਇਕ ਅਹਿਮ ਸਕਾਰਾਤਮਕ ਉਪਰਾਲਾ ਹੈ। ਬੀਤੇ ਦਿਨ ਮਾਂ ਬੋਲੀ ਦਿਹਾੜੇ ਨੂੰ ਸਮਰਪਿਤ 'ਆ.ਗਾਜ਼' ਦੇ 24ਵੇਂ ਅੰਕ ਦਾ ਪ੍ਰਕਾਸ਼ਨ ਕੀਤਾ ਗਿਆ, ਜਿਸ ਦਾ ਉਦਘਾਟਨ ਪੰਜਾਬੀ ਵਿਭਾਗ ਦੇ ਮੁਖੀ ਡਾ. ਗੁਰਜੀਤ ਸਿੰਘ ਨੇ ਕੀਤਾ। ਕੰਧ ਪੱਤ੍ਰਿਕਾ 24 ਦੇ ਪ੍ਰਕਾਸ਼ਨ ਮੌਕੇ ਕੋਆਡੀਨੇਟਰ ਡਾ. ਸੰਦੀਪ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ ਤੋਂ ਵੱਡੀ ਮਾਤਰਾ ਵਿਚ ਰਚਨਾਵਾਂ ਪ੍ਰਾਪਤ ਹੋਈਆਂ ਅਤੇ ਇਸ ਅੰਕ ਵਿਚ ਚੋਣਵੀਆਂ 10 ਰਚਨਾਵਾਂ ਨੂੰ ਪ੍ਰਕਾਸ਼ਿਤ ਕੀਤਾ ਗਿਆ ਹੈ। ਇਸ ਅੰਕ ਵਿਚ ਵਿਦਿਆਰਥੀਆਂ ਨੇ ਜਿੱਥੇ ਬਾਬੂ ਰਜਬ ਅਲੀ, ਉਸਤਾਦ ਦਾਮਨ ਤੋਂ ਲੈ ਕੇ ਸੁਖਵਿੰਦਰ ਅੰਮ੍ਰਿਤ ਵਰਗੇ ਪ੍ਰਸਿੱਧ ਸਾਹਿਤਕਾਰਾਂ ਦੀਆਂ ਮਾਂ ਬੋਲੀ ਸੰਬੰਧੀ ਰਚਨਾਵਾਂ ਨੂੰ ਪ੍ਰਕਾਸ਼ਿਤ ਕੀਤਾ, ਉੱਥੇ ਵਿਦਿਆਰਥੀਆਂ ਲੇਖਕਾਂ ਦੀਆਂ ਚੋਣਵੀਆਂ ਰਚਨਾਵਾਂ ਨੂੰ ਵੀ ਥਾਂ ਦਿੱਤੀ ਗਈ। ਅੰਕ ਦੇ ਵਿਦਿਆਰਥੀ ਸੰਪਾਦਕ ਵੱਜੋਂ ਜਿੰਮੇਵਾਰੀ ਐਮ ਏ ਭਾਗ ਦੂਜਾ ਦੇ ਹੋਣਹਾਰ ਵਿਦਿਆਰਥੀ ਹਰਿੰਦਰ ਸਿੰਘ ਨੇ ਨਿਭਾਈ। ਅੰਕ ਨੂੰ ਸੁਹਜਾਤਮਕ ਢੰਗ ਨਾਲ ਤਿਆਰ ਕਰਕੇ ਪ੍ਰਕਾਸ਼ਿਤ ਕਰਨ ਦਾ ਕੰਮ ਐਮ.ਏ ਭਾਗ ਦੂਜਾ ਦੇ ਵਿਦਿਆਰਥੀਆਂ ਨੇ ਕੀਤਾ, ਜਿਸ ਵਿਚ ਲਵਜੀਤ ਸਿੰਘ ਤੇ ਅਰਸ਼ਦੀਪ ਕੌਰ ਨੇ ਬੜੇ ਉਤਸ਼ਾਹ ਨਾਲ ਅਹਿਮ ਭੂਮਿਕਾ ਨਿਭਾਈ। ਵਿਭਾਗ ਮੁਖੀ ਡਾ. ਗੁਰਜੀਤ ਸਿੰਘ ਨੇ ਵਿਦਿਆਰਥੀਆਂ ਦੀ ਰਚਨਾਵਾਂ ਪੜ੍ਹਕੇ ਉਹਨਾਂ ਦੀ ਸ਼ਲਾਘਾ ਕੀਤੀ ਅਤੇ ਉਹਨਾਂ ਨੂੰ ਲੇਖਣ ਕਲਾ ਨੂੰ ਜਾਰੀ ਰੱਖਣ ਲਈ ਉਤਸ਼ਾਹਿਤ ਕੀਤਾ। ਉਹਨਾਂ ਨੇ ਵਿਦਿਆਰਥੀਆਂ ਨੂੰ ਭਵਿੱਖ ਵਿਚ ਵੀ ਵਿਭਾਗੀ ਗਤੀਵਿਧੀਆਂ ਵਿਚ ਹਿੱਸਾ ਲੈਂਦੇ ਰਹਿਣ ਲਈ ਪ੍ਰੇਰਿਤ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

## ਗੁਰਦੁਆਰਾ ਫੱਤੂ ਸੰਮੂ ਦੀਆਂ ਟਾਹਲੀਆਂ ਸਮਸ਼ਦੀਨ ਚਿਸਤੀ ਵਿਖੇ 321ਵੀਂ ਸਲਾਨਾ ਯਾਦ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਤੇ ਮਹਾਨ ਗੁਰਮਤਿ ਸਮਾਗਮ ਸੰਪਨ—ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ, ਬਾਬਾ ਜੱਜ ਸਿੰਘ





ਫ਼ਿਰੋਜ਼ਪੁਰ, 18 ਮਾਰਚ (ਮਨੋਹਰ ਲਾਲ) :— ਗੁਰਦੁਆਰਾ ਫੱਤੂ ਦੀਆਂ ਟਾਹਲੀਆਂ ਸਮਸ਼ਦੀਨ ਚਿਸਤੀ ਵਿਖੇ ਸਾਹਿਬੇ ਕਮਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੀ ਚਰਨ ਛੋਹ ਪ੍ਰਾਪਤ ਸਥਾਨ ਨੂੰ ਭਾਗ ਲਾਉਣ ਦੀ ਚਰਨ ਛੋਹ ਪ੍ਰਾਪਤ ਸਥਾਨ ਨੂੰ ਭਾਗ ਲਾਉਣ ਦੀ 321ਵੀਂ ਸਲਾਨਾ ਯਾਦ ਨੂੰ ਸਮਰਪਿਤ ਵਿਸਾਲ ਨਗਰ ਕੀਰਤਨ ਅਤੇ ਮਹਾਨ ਗੁਰਮਤਿ ਸਮਾਗਮ ਸੰਤਾਂ, ਮਹਾਂਪੁਰਸ਼ਾਂ ਅਤੇ ਧਾਰਮਿਕ ਸਖਸ਼ੀਅਤਾਂ ਦੀ ਹਾਜ਼ਰੀ ਵਿਚ ਹੋਏ ਸੰਪਨ। ਧਾਰਮਿਕ ਸਮਾਗਮਾਂ ਦੀ ਸੰਪੂਰਨਤਾ ਤੇ ਸਮੂਹ ਸੰਗਤ ਦਾ ਧੰਨਵਾਦ ਕਰਦਿਆਂ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਅਤੇ ਗੁਰਦੁਆਰਾ ਸਾਹਿਬ ਦੇ ਸੇਵਾਦਾਰ ਬਾਬਾ ਜੱਜ ਸਿੰਘ ਨੇ ਦੱਸਿਆ ਕਿ ਮਹਾਂਪੁਰਖ ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ ਦੀ ਰਹਿਨੁਮਾਈ ਹੇਠ ਹੋਏ ਇਨ੍ਹਾਂ ਸਮਾਗਮਾਂ ਵਿਚ ਵੱਡੀ ਗਿਣਤੀ ਰਾਗੀ, ਢਾਡੀ ਅਤੇ ਕਵੀਸ਼ਰੀ ਜਥਿਆਂ ਨੇ ਪੁੱਜ ਕੇ ਗੁਰੂ ਦੀ ਮਹਿਮਾ ਗਾਉਂਦਿਆਂ ਜੁੜੀ ਸੰਗਤ ਨੂੰ ਮੰਤਰ ਮੁਗਧ ਕੀਤਾ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਰਾਗੀ ਭੁਪਿੰਦਰ ਸਿੰਘ, ਗਿਆਨੀ ਗੁਰਪ੍ਰੀਤ ਸਿੰਘ ਨੇ ਜੁੜੀ ਸੰਗਤ ਨੂੰ ਗੁਰਬਾਣੀ ਨਾਲ ਜੋੜਿਆ। ਸਮਾਗਮਾਂ ਵਿਚ ਪੁੱਜੇ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਰਸ਼ਨ ਸਿੰਘ ਮੋਠਾਂ ਵਾਲਾ, ਚੇਅਰਮੈਨ ਸ਼ਿੰਗਾਰਾ ਸਿੰਘ ਨੇ ਗੁਰਦੁਆਰਾ ਫੱਤੂ ਦੀਆਂ ਟਾਹਲੀਆਂ ਸਮਸ਼ਦੀਨ ਚਿਸਤੀ ਦੀ ਕਮੇਟੀ ਅਤੇ ਸੰਤ ਮਹਾਂਪੁਰਖ ਬਾਬਾ ਹਰਨਾਮ ਸਿੰਘ ਵੱਲੋਂ ਇਲਾਕਾ ਨਿਵਾਸੀਆਂ ਨੂੰ ਧਰਮ ਨਾਲ ਜ਼ੋੜਦਿਆਂ ਹਰ ਵੇਲੇ ਇਲਾਕੇ ਦੀ ਸੁੱਖ ਸ਼ਾਂਤੀ ਦੀ ਕਾਮਨਾ ਕੀਤੀ ਜਾਂਦੀ ਹੈ, ਜ਼ੋ ਸਰਾਹੁਣਯੋਗ ਹੈ। ਇਸ ਮੌਕੇ ਮਹਾਂਪੁਰਖ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ ਕਥਾ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਉਨ੍ਹਾਂ ਦੱਸਿਆ ਕਿ ਗੁਰਦੁਆਰਾ ਫਤੂ ਸੰਮੂ ਦੀਆਂ ਟਾਹਲੀਆਂ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਹੇਠ ਪੰਜ ਨਿਸ਼ਾਨਚੀ ਅਤੇ ਗੁਰੂ ਮਹਾਰਾਜ ਜੀ ਦੇ ਝੂਲਦੇ ਨਿਸ਼ਾਨ ਹੇਠ ਚਲਿਆ, ਜ਼ੋ ਕਿ ਪੀਰ ਮੁਹੰਮਦ, ਰੱਖ ਅਮੀਰ, ਕਰੋਗਾ, ਹਿਸਾਨ ਵਾਲਾ, ਪੰਨੀ ਕੜਾਈ, ਬੂਰਵਾਲਾ ਵਿਖੇ ਲੰਗਰ ਛਕਾਇਆ ਤੋਂ ਛੋਟਾ ਬੂਰ ਵਾਲਾ, ਮੋਰਾਂ ਵਾਲਾ, ਭੂਰਾਨ ਭੱਟੀ, ਮਾਹਮੂਜ਼ੋਈਆ, ਸੁਤੰਤਰ ਨਗਰ, ਸੁੱਲਾ—ਘੁੱਲਾ, ਖੈਰੇ ਕੇ, ਦੁੱਲੇ ਕੇ ਨਹਿਰ, ਗਾਮੂਵਾਲਾ, ਗੱਟੀ ਮੋਹਨੇ ਵਾਲਾ, ਖਾਨੇ ਕੇ, ਮਿੱਢਾ, ਥਾਰੇ ਵਾਲਾ ਮੋੜ, ਚਿਸਤੀਆਂ, ਕਾਸਮਕੇ ਤੋਂ ਹੁੰਦਾ ਹੋਇਆ ਸ਼ਾਮ ਨੂੰ ਗੁਰਦੁਆਰਾ ਸਾਹਿਬ ਵਿਖੇ ਸੰਪੂਰਨਤਾ ਹੋਈ। ਇਸ ਮੌਕੇ ਤੇ ਦੋ ਦਿਨ ਗੁਰੂ ਕਾ ਲੰਗਰ ਅਤੁੱਟ ਵਰਤਾਏ ਜਾਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

## ਪੰਜਾਬ ਸਰਕਾਰ ਬੇਅਦਬੀਆ ਖਿਲਾਫ ਸਖਤ ਕਾਨੂੰਨ ਬਨਾਉਣ 'ਚ ਨਾ ਕਾਮਯਾਬ; ਹਾਜੀ ਬਿੱਟੂ ਚੌਹਾਨ ਮਾਲੇਰਕੋਟਲਾ



ਸੰਗਾਲਾ ( ਰਣਜੀਤ ਸਿੰਘ ਪੇਧਨੀ )-ਬੇਅਦਬੀਆ ਖਿਲਾਫ ਸਖਤ ਕਾਨੂੰਨ ਬਨਾਉਣ ਦੀ ਮੰਗ ਨੂੰ ਲੈ ਕੇ ਭਾਈ ਗੁਰਜੀਤ ਸਿੰਘ ਖਾਲਸਾ ਪਿਛਲੇ 17 ਮਹੀਨਿਆਂ ਤੋਂ ਟਾਵਰ ਤੇ ਬੈਠ ਕੇ ਸੰਘਰਸ ਕਰ ਰਹੇ ਹਨ। ਪਰ ਮਾਨ ਸਰਕਾਰ ਵੱਲੋਂ ਆਪਣੇ ਬਜਟ ਸੈਸ਼ਨ ਦੌਰਾਨ ਬੇਅਦਬੀਆਂ ਦੇ ਮੁੱਦੇ ਨੂੰ ਲੈ ਕੇ ਧਾਰੀ ਚੁੱਪ ਕਈ ਸਵਾਲ ਖੜੇ ਕਰਦੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ੍ਰੋਮਣੀ ਅਕਾਲੀ ਵਾਰਿਸ਼ ਪੰਜਾਬ ਦੇ ਸੀਨੀਅਰ ਆਗੂ ਹਾਜੀ ਬਿੱਟੂ ਚੌਹਾਨ ਮਾਲੇਰਕੋਟਲਾ ਨੇ ਕੀਤਾ। ਉਨਾ ਕਿਹਾ ਕਿ ਆਏ ਦਿਨ ਬੇਅਦਬੀਆਂ ਦੇ ਮਾਮਲੇ ਵਧ ਰਹੇ ਹਨ ਜੋ ਬੇਅਦਬੀਆਂ ਖਿਲਾਫ ਸਖਤ ਕਾਨੂੰਨ ਦੀ ਵਿਵਸਥਾਂ ਨਾ ਹੋਣ ਦਾ ਨਤੀਜਾ ਜਦਕਿ ਬੇਅਦਬੀ ਖਿਲਾਫ ਬਿੱਲ ਸਬੰਧੀ ਸਿਲੈਕਟ ਕਮੇਟੀ ਨੇ ਵੀ ਚੁੱਪ ਧਾਰੀ ਹੈ । ਉਨਾ ਕਿਹਾ ਕਿ ਬੇਅਦਬੀਆਂ ਖਿਲਾਫ ਸਖਤ ਕਾਨੂੰਨ ਅਮਲ ਵਿੱਚ ਲਿਆਂਦਾ ਜਾਵੇ ਤਾ ਜੋ ਕੋਈ ਵੀ ਵੱਖ ਵੱਖ ਧਰਮਾਂ ਦੇ ਪਵਿੱਤਰ ਗ੍ਰੰਥਾਂ ਦਾ ਅਪਮਾਨ ਕਰਨ ਵਾਰੇ ਸੋਚ ਵੀ ਨਾ ਸਕੇ । ਉਨਾ ਕਿਹਾ ਕਿ ਸ੍ਰੀ ਗੁਰੁ ਗ੍ਰੰਥ ਸਾਹਿਬ ਸਾਨੂੰ ਜੀਵਨ ਦੀ ਅਗਵਾਈ ਦਿੰਦੇ ਹਨ ਜਿਸ ਲਈ ਸਾਨੂੰ ਗੁਰੂ ਗ੍ਰੰਥ ਸਾਹਿਬ ਜੀ ਦਾ ਸਤਿਕਾਰ ਤੇ ਮਰਯਾਦਾ ਨੂੰ ਕਾਇਮ ਰੱਖਣਾ ਤੇ ਗੁਰੂ ਘਰਾਂ ਦੀ ਚੇਤੰਨ ਹੈ ਕੇ ਸੇਵਾ ਸੰਭਾਲ ਕਰਨੀ ਜਰੂਰੀ ਹੈ । ਮਨੁੱਖਤਾਂ ਨੂੰ ਸਹੀ ਮਾਰਗ ਦਾ ਰਾਹ ਦਰਸਾਉਣ ਵਾਲੀ ਗੁਰਬਾਣੀ ਦੀ ਬੇਅਦਬੀ ਦੀ ਕੋਸਿਸ ਕਰਨ ਤੇ ਬੇਅਦਬੀ ਕਰਨ ਦੀਆਂ ਘਟਨਾਵਾਂ ਜਾਰੀ ਹਨ ਤੇ ਦੋਸੀਆਂ ਤੋਂ ਸਖਤੀ ਨਾਲ ਪੁੱਛਗਿੱਛ ਕਰਕੇ ਇਸ ਸਾਜਿਸ ਦੇ ਪਿੱਛੇ ਕੰਮ ਕਰਨ ਵਾਲੇ ਮਾਸਟਰ ਮਾਈਂਡ ਨੂੰ ਵੀ ਜਨਤਕ ਕੀਤਾ ਜਾਣਾ ਚਾਹੀਦਾ ਹੈ । ਉਨਾ ਕਿਹਾ ਕਿ ਕਨੂੰਨ ਦੇ ਸਖਤ ਨਿਯਮ ਨਾ ਹੋਣ ਕਾਰਨ ਬੇਅਦਬੀ ਦੀਆਂ ਘਟਨਾਵਾਂ ਆਏ ਦਿਨ ਵਧ ਰਹੀਆਂ ਹਨ ਤੇ ਬੇਅਦਬੀ ਦੀਆਂ ਜਾਰੀ ਘਟਨਾਵਾਂ ਨੂੰ ਰੋਕਣ ਲਈ ਫਾਂਸੀ ਦੀ ਸਜਾ ਵਜੋਂ ਸਖਤ ਸਜਾਵਾਂ ਅਮਲ ਵਿੱਚ ਲਿਆਦੀਆਂ ਜਾਣੀਆਂ ਚਾਹੀਦੀਆਂ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

### ਬਿਜਲੀ ਬੋਰਡ ਮਹਿਤਾ ਚੌਂਕ ਵਿਖੇ ਕਰਮਚਾਰੀ ਦਲ ਦੀ ਚੋਣ ਕਰਵਾਈ

# ਮਲਕੀਤ ਸਿੰਘ ਸੇਖਵਾਂ ਨੂੰ ਸਰਪ੍ਰਸਤ, ਜੀਨਵਜੋਤ ਸਿੰਘ ਕਾਲੇਕੇ ਨੂੰ ਕੀਤਾ ਪ੍ਰਧਾਨ ਨਿਯੁਕਤ



**ਚੌਂਕ ਮਹਿਤਾ, 18 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੀ ਐਸ ਪੀ ਸੀ ਐਲ ਦੀ ਸਬ ਡਵੀਜਨ ਮਹਿਤਾ ਚੌਂਕ ਵਿਖੇ ਸਿਰਮੌਰ ਜਥੇਬੰਦੀ ਬਿਜਲੀ ਬੋਰਡ ਕਰਮਚਾਰੀ ਦਲ ਦੀ ਚੋਣ ਡਿਵੀਜਨ ਪ੍ਰਧਾਨ ਸਰਦਾਰ ਸਰਜੀਤ ਸਿੰਘ ਉੱਪਲ ਦੀ ਅਗਵਾਈ ਹੇਠ ਕਰਵਾਈ ਗਈ ਇਹ ਚੌਣ ਵਿੱਚ ਮੁਹਾਇਮ ਵਿਚ ਵਿਸੇਸ ਤੌਰ ਤੇ ਪਹੁਚੇ ਸਰਦਾਰ ਹਰਦੇਵ ਸਿੰਘ ਨਾਗੋਕੇ ਜਨਰਲ ਸਕੱਤਰ ਕਰਮਚਾਰੀ ਦਲ ਪੰਜਾਬ ਦੀ ਚੋਣ ਤੋਂ ਪਹਿਲਾਂ ਵਿਸ਼ਾਲ ਮੀਟਿੰਗ ਕੀਤੀ ਗਈ ਮੀਟਿੰਗ ਨੂੰ ਸੰਬੋਧਨ ਕਰਦਿਆਂ ਸ੍ਰੀ ਨਾਗੋਕੇ ਨੇ ਪੰਜਾਬ ਸਰਕਾਰ ਦੀ ਆਲੋਚਨਾ ਕਰਦਿਆਂ ਆਖਿਆ ਕਿ ਸਰਕਾਰ ਨੇ ਮੁਲਾਜ਼ਮ ਵਰਗ ਦਾ ਬਿਲਕੁਲ ਧਿਆਨ ਨਹੀਂ ਰੱਖਿਆ ਅਤੇ 16% ਡੀਏ ਨੱਪਿਆ ਇਸ ਦੇ ਨਾਲ ਪੰਜਾਬ ਦੇ ਮੁਲਾਜ਼ਮਾਂ ਦਾ ਸੱਤਵਾਂ ਪੇ ਕਮਿਸ਼ਨ ਜਨਵਰੀ 2026 ਤੋਂ ਦੇਣਾ ਬਣਦਾ ਹੈ ਪਰ ਸਰਕਾਰ ਵੱਲੋਂ ਅਜੇ ਤੱਕ ਛੇਵੇਂ ਪੇ ਕਮਿਸ਼ਨ ਦੀਆਂ ਨੋਮਨੀਆਂ ਦੂਰ ਨਹੀਂ ਕੀਤੀਆਂ ਗਈਆਂ ਇਸ ਰੈਲੀ ਨੂੰ ਸੰਬੋਧਨ ਕਰਦਿਆਂ ਸ੍ਰੀ ਤੇਜਿਦਰ ਸਿੰਘ ਸੇਖੋਂ ਸੀਨੀਅਰ ਮੀਤ ਪ੍ਰਧਾਨ ਕਰਮਚਾਰੀ ਦਲ ਪੰਜਾਬ ਅਤੇ ਮੈਬਰ ਜੁਆਇਟ ਫੋਰਮ ਨੇ ਬੋਰਡ ਮੈਨੇਜਮੈਂਟ ਨੂੰ ਘੇਰਦਿਆਂ ਆਖਿਆ ਕੀ ਮੈਨੇਜਮੈਂਟ ਕੀਤੇ ਸਮਝੌਤੇ ਲਾਗੂ ਨਹੀਂ ਕਰ ਰਹੀ ਜਿੰਨਾ ਵਿੱਚ ਆਰ ਟੀ ਐਮ ਤੋਂ ਬਣੇ ਸਹਾਇਕ ਲ ਮ ਨੂੰ 35400 ਦਾ ਬਣਦਾ ਸਕੇਲ ਦੇਣ ਦੀ ਗੱਲ ਹੈ ਇਸਦੇ ਨਾਲ ਹੀ ਸਲੇਸ਼ੀਆ ਵਾਲੇ ਲੜਕਿਆਂ ਦੀ ਰਿਕਵਰੀ ਬੰਦ ਕਰਨੀ ਸੰਮੇਤ ਹੋਰ ਕਈ ਸਮਝੋਤੇ ਹਨ ਜਿਨਾ ਤੇ ਮੈਨੇਜਮੈਂਟ ਵੱਲੋ ਸਹਿਮਤੀ ਦਿਤੀ ਗਈ ਸੀ ਤੇ ਜਲਦੀ ਲਾਗੂ ਕਰਨ ਦਾ ਭਰੋਸਾ ਦਿਤਾ ਗਿਆ ਸੀ ਲੇਕਿਨ ਇਹ ਹੋਏ ਸਮਝੌਤੇ ਮੈਨੇਜਮੈਂਟ ਵੱਲੋਂ ਲਾਗੂ ਨਹੀਂ ਕੀਤੇ ਜਾ ਰਹੇ ਜਿਸ ਕਾਰਨ ਸਮੁੱਚਾ ਬਿਜਲੀ ਮੁਲਾਜ਼ਮ ਦੁਬਾਰਾ ਤੋਂ ਸੰਘਰਸ਼ ਦੇ ਰਾਹ ਤੁਰ ਪਿਆ ਹੈ ਸੇਖੋਂ ਨੇ ਆਖਿਆ ਕਿ ਆਉਣ ਵਾਲੇ ਦਿਨਾਂ ਵਿੱਚ ਬਿਜਲੀ ਬੋਰਡ ਦੀਆਂ ਸਮੁੱਚੀਆਂ ਜਥੇਬੰਦੀਆਂ ਮਿਲ ਕੇ ਮੈਨੇਜਮੈਂਟ ਦੇ ਖਿਲਾਫ ਤਿੱਖਾ ਸੰਘਰਸ਼ ਵਿੱਡਣਗੀਆਂ ਹੰਗਾਮੀ ਮੀਟਿੰਗ ਉਪਰੰਤ ਚੋਣ ਪ੍ਰਕਰਿਆ ਸੂਰੂ ਕੀਤੀ ਗਈ ਜਿਸ ਵਿਚ ਪਹਿਲੇ ਪ੍ਰਧਾਨ ਸ੍ਰੀ ਮਲਕੀਤ ਸਿੰਘ ਸੇਖਵਾਂ ਪਹਿਲੀ ਕਮੇਟੀ ਭੰਗ ਕੀਤੀ ਤੇ ਦੁਬਾਰਾ ਚੋਣ ਕਰਨ ਦੀ ਸਹਿਮਤੀ ਦਿਤੀ ਜਿਸ ਤੋ ਬਾਅਦ ਸਰਬਸੰਮਤੀ ਨਾਲ ਸਬ ਡਵੀਜਨ ਮਹਿਤਾ ਚੌਂਕ ਵਿਖੇ ਕਰਮਚਾਰੀ ਦਲ ਦੀ ਚੌਣ ਕਰਵਾਈ ਗਈ ਜਿਸ ਵਿਚ ਸ੍ਰੀ ਮਲਕੀਤ ਸਿੰਘ ਸੇਖਵਾਂ ਨੂੰ ਸਰਪ੍ਰਸਤ, ਸ੍ਰੀ ਜੀਨਵਜੋਤ ਸਿੰਘ ਕਾਲੇਕੇ ਨੂੰ ਪ੍ਰਧਾਨ, ਸ੍ਰੀ ਸਿਮਰਜੀਤ ਸਿੰਘ ਚੰਨਣਕੇ ਨੂੰ ਸਕੱਤਰ, ਸ੍ਰੀ ਤਰਸੇਮ ਸਿੰਘ ਮਹਿਸਮਪੁਰ ਸੀਨੀਅਰ ਮੀਤ ਪ੍ਰਧਾਨ, ਸ੍ਰੀ ਜਸਵਿੰਦਰ ਸਿੰਘ ਫੋਜੀ ਮੀਤ ਪ੍ਰਧਾਨ, ਸ੍ਰੀ ਕਾਬਲ ਸਿੰਘ ਫੋਜੀ ਸਹਾਇਕ ਸਕੱਤਰ, ਸ੍ਰੀ ਗੁਰਜੀਤ ਸਿੰਘ ਜੇ ਈ ਚੀਫ ਆਰਗੇਨਾਇਜਰ, ਸ੍ਰੀ ਯਾਦਵਿੰਦਰ ਸਿੰਘ ਧਰਦਿਉ ਕੈਸੀਅਰ, ਸ੍ਰੀ ਅਵਤਾਰ ਸਿੰਘ ਮਹਿਤਾ ਸਹਾਇਕ ਕੈਸੀਅਰ, ਸ੍ਰੀ ਧਰਮਿੰਦਰ ਸਿੰਘ ਫੋਜੀ ਮੀਤ ਪ੍ਰਧਾਨ, ਸ੍ਰੀ ਸੰਤਸੰਗਤ ਸਿੰਘ ਪ੍ਰਚਾਰ ਸਕੱਤਰ, ਸ੍ਰੀ ਪ੍ਰਗਟ ਸਿੰਘ ਅਰਜਨਮਾਗਾ ਪ੍ਰੈਸ ਸਕੱਤਰ, ਸ੍ਰੀ ਮਤੀ ਕੁਲਦੀਪ ਕੌਰ ਸਲਾਹ ਕਾਰ, ਸ੍ਰੀ ਵਿਪਨਜੀਤ ਸਿੰਘ ਟਕਾਪੁਰ ਅਡੀਟਰ, ਸ੍ਰੀ ਮਨਦੀਪ ਸਿੰਘ ਨੰਗਲੀ ਸਹਾਇਕ ਪ੍ਰੈਸ ਸਕੱਤਰ ਆਦਿ ਅਹੁਦੇਦਾਰ ਚੁਣੇ ਗਏ ਨਵੀ ਚੁਣੀ ਗਈ ਕਮੇਟੀ ਨੂੰ ਜੈਕਾਰੇ ਲਗਾਕੇ ਪ੍ਰਵਾਨਗੀ ਦਿਤੀ ਗਈ।

ਇਸ ਚੋਣ ਰੈਲੀ ਵਿਚ ਹੋਰਨਾਂ ਤੋ ਇਲਾਵਾ ਵਿਸੇਸ ਤੋਰ ਤੇ ਪਹੁਚੇ ਸ੍ਰੀ ਗੁਰਭੇਜ ਸਿੰਘ ਵਡਾਲਾ ਪ੍ਰਚਾਰ ਸਕੱਤਰ ਪੰਜਾਬ, ਸ੍ਰੀ ਸੁਖਬੀਰ ਸਿੰਘ ਜੇ ਈ ਮੀਤ ਪ੍ਰਧਾਨ ਸਰਕਲ ਤਰਨਤਾਰਨ, ਸ੍ਰੀ ਮਲਕੀਤ ਸਿੰਘ ਉਪਲ ਜੇ ਈ ਮੀਤ ਪ੍ਰਧਾਨ, ਸ੍ਰੀ ਸਕੰਦਰ ਸਿੰਘ ਜੇ ਈ ਸਠਿਆਲਾ, ਸ੍ਰੀ ਜਸਵਿੰਦਰ ਸਿੰਘ ਰਈਆ ਮੀਤ ਪ੍ਰਧਾਨ ਸ/ਡ ਬਾਬਾ ਬਕਾਲਾ, ਸ੍ਰੀ ਜੱਗਪ੍ਰੀਤ ਸਿੰਘ ਪੱਲਾ, ਸ੍ਰੀ ਹਰਦੀਪ ਸਿੰਘ ਨਸੀਰਪੁਰ, ਸ੍ਰੀ ਸੋਹਣ ਸਿੰਘ ਰੰਧਾਵਾ, ਸ੍ਰੀ ਜਸਵੰਤ ਸਿੰਘ ਅਰਜਨਮਾਗਾ, ਸ੍ਰੀ ਗੁਰਮੀਤ ਸਿੰਘ ਮਹਿਤਾ, ਸ੍ਰੀ ਬਚਿਤਰ ਸਿੰਘ ਉਦੋਕੇ, ਸ੍ਰੀ ਮਨਜਿੰਦਰ ਸਿੰਘ ਮਹਿਸਮਪੁਰ, ਸ੍ਰੀ ਬਿਕਰਮਜੀਤ ਸਿੰਘ, ਸ੍ਰੀ ਬਲਜਿਦਰ ਸਿੰਘ, ਬਾਬਾ ਹਰਚੰਦ ਸਿੰਘ ਖਾਲਸਾ, ਸ੍ਰੀ ਸੁਖਬੀਰ ਸਿੰਘ ਧਰਮੂਚੱਕ, ਸ੍ਰੀ ਮੰਗਲ ਸਿੰਘ ਸਾਹਦਪੁਰ, ਸ੍ਰੀ ਜੋਗਿੰਦਰ ਸਿੰਘ ਸੇਖਵਾਂ, ਸ੍ਰੀ ਕੁਲਬੀਰ ਸਿੰਘ ਜੱਬੋਵਾਲ, ਸ੍ਰੀ ਦੀਪਕ ਏ ਐਸ ਐਸ ਏ, ਸਮੇਤ ਮੁਲਾਜਮਾ ਨੇ ਵੱਡੀ ਗਿਣਤੀ ਵਿਚ ਚੋਣ ਰੈਲੀ ਵਿਚ ਸਮੂਲੀਅਤ ਕੀਤੀ।

### ਪੰਜਾਬ ਗਊ ਕਮਿਸ਼ਨ ਦੇ ਚੇਅਰਮੈਨ ਅਤੇ ਵਾਈਸ ਚੇਅਰਮੈਨ ਵੱਲੋਂ

# ਗਊਸ਼ਾਲਾਵਾਂ ਦੇ ਪ੍ਰਬੰਧਕਾਂ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਮੀਟਿੰਗ




**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਸ਼੍ਰੀ ਅਸ਼ੋਕ ਕੁਮਾਰ ਲੱਖਾ ਅਤੇ ਉਪ ਚੇਅਰਮੈਨ ਸ਼੍ਰੀ ਕੀਮਤੀ ਭਗਤ ਨੇ ਕਿਹਾ ਕਿ ਪੰਜਾਬ ਗਊ ਸੇਵਾ ਕਮਿਸ਼ਨ ਗਊਧਨ ਦੀ ਸੰਭਾਲ ਯਕੀਨੀ ਬਣਾਉਣ ਲਈ ਵਚਨਬੱਧ ਹੈ। ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਗਊਸ਼ਾਲਾਵਾਂ ਦੇ ਪ੍ਰਬੰਧਕਾਂ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਉਹਨਾਂ ਕਿਹਾ ਕਿ ਬੇਸਹਾਰਾ ਗਊਧਨ ਦੀ ਸੁਚੱਜੀ ਸੇਵਾ ਸੰਭਾਲ ਨੂੰ ਯਕੀਨੀ ਬਣਾਉਣ ਲਈ ਬਿਹਤਰ ਤਾਲਮੇਲ ਲਈ ਹੀ ਕਮਿਸ਼ਨ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਨਾਲ ਮੀਟਿੰਗ ਕੀਤੀ ਜਾ ਰਹੀ ਹੈ।

ਚੇਅਰਮੈਨ ਸ਼੍ਰੀ ਅਸ਼ੋਕ ਕੁਮਾਰ ਲੱਖਾ ਅਤੇ ਉਪ ਚੇਅਰਮੈਨ ਸ਼੍ਰੀ ਕੀਮਤੀ ਭਗਤ ਨੇ ਦਸਿਆ ਕਿ ਉਹਨਾਂ ਵਲੋਂ ਸਰਕਾਰੀ ਕੈਟਲ ਪੌਂਡ ਗਊਸ਼ਾਲਾ ਪਿੰਡ ਝਨੇੜੀ ਦਾ ਦੁਆਰਾ ਕੀਤਾ ਗਿਆ ਅਤੇ ਉੱਥੇ ਗਊਧਨ ਦੇ ਦਾਖਲੇ ਸਬੰਧੀ ਦਰਪੇਸ਼ ਦਿੱਕਤਾਂ ਨੂੰ ਦੂਰ ਕਰਨ ਹਿਤ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ। ਹੁਣ ਉਥੇ ਗਊਧਨ ਦੇ ਦਾਖਲੇ ਸਬੰਧੀ ਕੋਈ ਦਿੱਕਤ ਨਹੀਂ ਆਵੇਗੀ। ਇਸ ਦੇ ਨਾਲ ਨਾਲ ਨਗਰ ਕੌਂਸਲਾਂ ਦੇ ਕਾਰਜ ਸਾਧਕ ਅਫਸਰਾਂ ਨੂੰ ਸ਼ਹਿਰਾਂ ਵਿਚੋਂ ਗਊਧਨ ਨੂੰ ਸਰਕਾਰੀ ਕੈਟਲ ਪੌਂਡ ਗਊਸ਼ਾਲਾ ਪਿੰਡ ਝਨੇੜੀ ਪੁੱਜਦਾ ਕਰਨ ਬਾਬਤ ਨਿਰਦੇਸ਼ ਦਿੱਤੇ ਗਏ। ਉਹਨਾਂ ਕਿਹਾ ਕਿ ਇਸ ਸਬੰਧੀ ਕਿਸੇ ਕਿਸਮ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਉਹਨਾਂ ਨੇ ਪੰਜਾਬ ਸਰਕਾਰ ਵੱਲੋਂ ਬੇਸਹਾਰਾ ਗਊਧਨ ਦੀ ਸਮੱਸਿਆ ਨੂੰ ਹੱਲ ਕਰਨ ਦੀ ਵਚਨਬੱਧਤਾ ਦੁਹਰਾਉਂਦਿਆਂ ਕਿਹਾ ਕਿ ਬੇਸਹਾਰਾ ਗਊ ਧਨ ਨੂੰ ਢੁੱਕਵਾਂ ਆਸਰਾ ਤੇ ਸਾਂਭ-ਸੰਭਾਲ ਮਿਲੇ ਅਤੇ ਕੀਮਤੀ ਮਨੁੱਖੀ ਜਾਨਾਂ ਦਾ ਨੁਕਸਾਨ ਨਾ ਹੋਵੇ, ਇਹ ਯਕੀਨੀ ਬਣਾਉਣ ਲਈ ਗਊ ਸੇਵਾ ਕਮਿਸ਼ਨ ਵੱਲੋਂ ਹਰ ਸੰਭਵ ਉਪਰਾਲਾ ਕੀਤਾ ਜਾ ਰਿਹਾ ਹੈ।

ਉਹਨਾਂ ਕਿਹਾ ਕਿ ਗਊ ਸੈੱਸ ਵਜੋਂ ਇਕੱਠੀ ਹੋਈ ਰਕਮ ਦੀ ਵਰਤੋਂ ਗਊਸ਼ਾਲਾਵਾਂ ਦੇ ਪ੍ਰਭਾਵਸ਼ਾਲੀ ਕੰਮਕਾਜ ਨੂੰ ਯਕੀਨੀ ਬਣਾਉਣ ਲਈ ਕੀਤੀ ਜਾਣੀ ਚਾਹੀਦੀ ਹੈ। ਅਧਿਕਾਰੀਆਂ ਨੂੰ ਗਊਸ਼ਾਲਾਵਾਂ ਵਿੱਚ ਹਰੇਕ ਪਸ਼ੂ ਦਾ ਟੀਕਾਕਰਨ ਯਕੀਨੀ ਬਣਾਉਣ ਲਈ ਵੀ ਕਿਹਾ ਗਿਆ।

ਉਨ੍ਹਾਂ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਉਨ੍ਹਾਂ ਡੇਅਰੀ ਫਾਰਮਾਂ ਵਿਰੁੱਧ ਢੁਕਵੀਂ ਕਾਨੂੰਨੀ ਕਾਰਵਾਈ ਕਰਨ, ਜੋ ਸੜਕਾਂ 'ਤੇ ਪਸ਼ੂ ਛੱਡਦੇ ਹਨ। ਉਨ੍ਹਾਂ ਨੇ ਸਬੰਧਤ ਅਧਿਕਾਰੀਆਂ ਅਤੇ ਆਮ ਜਨਤਾ ਨੂੰ ਗਊ ਸੇਵਾ ਕਮਿਸ਼ਨ ਅਤੇ ਪੰਜਾਬ ਸਰਕਾਰ ਵੱਲੋਂ ਪਸ਼ੂਆਂ ਦੀ ਦੇਖਭਾਲ ਲਈ ਕੀਤੇ ਜਾ ਰਹੇ ਯਤਨਾਂ ਵਿੱਚ ਸਹਿਯੋਗ ਕਰਨ ਦੀ ਅਪੀਲ ਕੀਤੀ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ਼੍ਰੀ ਅੰਕੁਰ ਮਹਿੰਦਰੂ, ਐੱਸ.ਡੀ.ਐਮ. ਭਵਾਨੀਗੜ੍ਹ ਮਨਜੀਤ ਕੌਰ, ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਸੁਖਵਿੰਦਰ ਸਿੰਘ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਗਊਸ਼ਾਲਾਵਾਂ ਦੇ ਪ੍ਰਬੰਧਕ ਮੌਜੂਦ ਸਨ।

# ਪੰਜਾਬ ਸਟੇਟ ਪੈਨਸ਼ਨਰਜ਼ ਕਨਫੈਡਰੇਸ਼ਨ ਦੀ ਹੋਈ ਹੰਗਾਮੀ ਮੀਟਿੰਗ



ਫ਼ਿਰੋਜ਼ਪੁਰ, 18 ਮਾਰਚ (ਮਨੋਹਰ ਲਾਲ) :— ਪੰਜਾਬ ਸਟੇਟ ਪੈਨਸ਼ਨਰਜ ਕਨਫੈਡਰੇਸ਼ਨ ਮੁੱਖ ਦਫਤਰ ਲੁਧਿਆਣਾ ਦੀ ਤਿਮਾਹੀ ਅਹਿਮ ਮੀਟਿੰਗ ਪ੍ਰਧਾਨ ਸ਼੍ਰੀ ਕਰਮ ਸਿੰਘ ਧਨੌਲਾ ਦੀ ਅਗਵਾਈ ਵਿੱਚ ਪੈਨਸ਼ਨ ਭਵਨ ਲੁਧਿਆਣਾ ਵਿਖੇ ਹੋਈ। ਮੀਟਿੰਗ ਦੀ ਜਾਣਕਾਰੀ ਦਿੰਦਿਆਂ ਕਨਫੈਡਰੇਸ਼ਨ ਦੇ ਸੂਬਾ ਪ੍ਰੈੱਸ ਸਕਤਰ ਸ਼੍ਰੀ ਮੁਹਿੰਦਰ ਸਿੰਘ ਧਾਲੀਵਾਲ ਨੇ ਦੱਸਿਆ ਕਿ ਮੀਟਿੰਗ ਦੇ ਸ਼ੁਰੂ ਵਿੱਚ ਪਿਛਲੇ ਦਿਨੀਂ ਵਿਛੜੇ ਸਾਥੀਆਂ ਨੂੰ ਖੜੇ ਹੋ ਕੇ ਸ਼ਰਧਾਂਜਲੀ ਭੇਂਟ ਕੀਤੀ ਗਈ। ਇਸ ਸਮੇਂ ਸ਼੍ਰੀ ਕੁਲਵਰਨ ਸਿੰਘ ਜਨਰਲ ਸਕੱਤਰ ਵੱਲੋਂ ਪਿਛਲੀ ਮੀਟਿੰਗ ਦਾ ਰੀਵਿਊ ਕਰਕੇ ਸਾਰੇ ਸਾਥੀਆਂ ਨੂੰ ਦਸਿਆ, ਫਿਰ ਮੌਜੂਦਾ ਮੀਟਿੰਗ ਦਾ ਏਜੰਡਾ ਪੇਸ਼ ਕੀਤਾ ਗਿਆ। ਇਸ ਉਪਰੰਤ ਪ੍ਰਧਾਨ ਜੀ ਦੀ ਆਗਿਆ ਨਾਲ ਪੰਜਾਬ ਦੇ ਵੱਖ—ਵੱਖ ਵਿਭਾਗਾਂ ਅਤੇ ਜਿਲ੍ਹਿਆਂ ਤੋਂ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਏ ਪੈਨਸ਼ਨਰਜ ਨੇ ਪੰਜਾਬ ਸਰਕਾਰ ਵੱਲੋਂ ਸਾਲ 2016 ਤੋਂ ਬਣਦੇ ਮਹਿਗਾਈ ਭੱਤੇ ਅਤੇ ਲੀਵ ਤਰੇਵੇਲਿੰਗ ਕਨਵੈਂਸ਼ਨ, ਪੁਰਾਣੀ ਪੈਨਸ਼ਨ ਸਕੀਮ, ਪਰਖ ਸਮੇਂ ਪੂਰੀ ਤਨਖਾਹ, ਨਵੀਂ ਭਰਤੀ, ਬਣਦਾ ਮਾਣ ਭੱਤਾ ਆਦਿ ਮਸਲਿਆਂ ਬਾਰੇ ਕੋਈ ਸਾਰਥਕ ਹੱਲ ਨਾ ਕਰਨ, ਮੀਟਿੰਗ ਦੇ ਕੇ ਗੱਲਬਾਤ ਨਾ ਕਰਨ, ਪੰਜਾਬ ਦੇ ਸਮੂਹ ਮੁਲਾਜਮ, ਪੈਨਸ਼ਨਰਜ ਅਤੇ ਵਰਕਰਾਂ ਵਿੱਚ ਭਾਰੀ ਰੋਸ ਪਾਇਆ ਗਿਆ ਅਤੇ ਮੋਹਾਲੀ ਵਿਖੇ ਰੱਖੇ ਸ਼ਾਂਤਮਈ ਰੋਸ ਪ੍ਰਦਰਸ਼ਨ ਉਪਰ ਕੀਤੇ ਗਏ ਪਾਣੀ ਅਤੇ ਅੱਥਰੂ ਗੈਸ ਦੇ ਹਮਲਿਆਂ ਦੀ ਘੋਰ ਨਿੰਦਾ ਕੀਤੀ ਗਈ ਜਿਸ ਵਿਚ ਬਹੁਤ ਸਾਰੇ ਇਸਤਰੀ ਅਤੇ ਪੁਰਸ਼ ਮੁਲਾਜਮ ਅਤੇ ਪੈਨਸ਼ਨਰਜ ਸਖ਼ਤ ਜਖਮੀ ਹੋ ਗਏ। ਇਸ ਮੌਕੇ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਕੀਤੇ ਗਏ ਫੈਸਲੇ ਨੂੰ ਲਾਗੂ ਕਰਨ ਅਤੇ ਬਣਦੇ ਬਕਾਏ ਇਕ ਕਿਸ਼ਤ ਵਿੱਚ ਦੇਣ ਦੀ ਮੰਗ ਕੀਤੀ ਗਈ।

ਮੀਟਿੰਗ ਵਿੱਚ ਸ਼੍ਰੀ ਮਨੋਜ ਕੁਮਾਰ ਚੀਫ਼ ਮੈਨੇਜਰ ਪੰਜਾਬ ਨੈਸ਼ਨਲ ਬੈਂਕ ਵੱਲੋਂ ਪੈਨਸ਼ਨਰਜ ਨੂੰ ਆਉਂਦੀਆਂ ਸਮੱਸਿਆਵਾਂ ਅਤੇ ਸਵਾਲਾਂ ਦੇ ਜਵਾਬ ਦਿੱਤੇ ਅਤੇ ਅਪਣੇ ਸੁਝਾਉ ਵੀ ਪੇਸ਼ ਕੀਤੇ। ਇਸ ਮੌਕੇ ਸ਼੍ਰੀ ਮੁਹਿੰਦਰ ਸਿੰਘ ਧਾਲੀਵਾਲ ਪ੍ਰੈਸ ਸਕਤਰ, ਸ਼੍ਰੀ ਸੁਖਦੇਵ ਸਿੰਘ ਪੰਨੂੰ, ਸ਼੍ਰੀ ਜਵੰਦ ਸਿੰਘ, ਸ਼੍ਰੀ ਗੁਰਦੀਪ ਸਿੰਘ ਵਾਲੀਆ, ਮਦਨ ਮੋਹਨ, ਰਾਜ ਕੁਮਾਰ ਮੁੱਖ ਬੁਲਾਰਾ, ਅਜੀਤ ਸਿੰਘ ਤਰਨ ਤਾਰਨ ਸਾਹਿਬ, ਕੁਲਦੀਪ ਸਿੰਘ ਕੌੜਾ ਆਦਿ ਨੇ ਸੰਬੋਧਨ ਕੀਤਾ। ਇਸ ਮੌਕੇ ਸ਼੍ਰੀ ਕਰਮ ਸਿੰਘ ਧਨੌਲਾ ਨੂੰ ਆਲ ਇੰਡੀਆ ਪੈਨਸ਼ਨਰਜ ਫੈਡਰੇਸ਼ਨ ਦਾ ਮੀਤ ਪ੍ਰਧਾਨ ਅਤੇ ਸ਼੍ਰੀ ਮਨਜੀਤ ਸਿੰਘ ਸੈਣੀ ਨੂੰ ਸਕੱਤਰ ਚੁਣੇ ਜਾਣ ਤੇ ਸਾਰੇ ਹਾਜਰ ਮੈਂਬਰਾਨ ਸਾਹਿਬਾਨ ਨੇ ਤਾੜੀਆਂ ਨਾਲ ਸਵਾਗਤ ਕੀਤਾ। ਸ਼੍ਰੀ ਕੁਲਦੀਪ ਸਿੰਘ ਕੌੜਾ ਨੂੰ ਪ੍ਰੈਸ ਸਕੱਤਰ ਦੀ ਜੁੰਮੇਵਾਰੀ ਦਿੱਤੀ ਗਈ। —ਮਨੋਹਰ ਲਾਲ ਪੱਤਰਕਾਰ, ਫ਼ਿਰੋਜ਼ਪੁਰ

# ਪੰਜਾਬ ਦੇ ਲੋਕ ਪੰਥ ਅਤੇ ਪੰਜਾਬ ਦੀ ਬਿਹਤਰੀ ਲਈ ਅਕਾਲੀ ਦਲ ਵਾਰਿਸ ਪੰਜਾਬ ਦਾ ਸਾਥ ਦੇਣ : ਸੁਖਵਿੰਦਰ ਸਿੰਘ ਬੋਪਾਰਾਏ (ਯੂ. ਐਸ. ਏ.)

## ਪੰਥਕ ਲੀਡਰਸ਼ਿਪ ਹੀ ਪੰਜਾਬ ਨੂੰ ਸੰਕਟਾਂ ਤੋਂ ਬਚਾ ਸਕਦੀ ਹੈ - ਵਿਦੇਸ਼ਾਂ ਵਿਚ ਵੱਸਦੇ ਪੰਜਾਬੀਆਂ ਦੀ ਅਪੀਲ

**ਯੂ ਐਸ ਏ, 18 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਅੱਜ ਇਕ ਨਾਜ਼ੁਕ ਦੌਰ ਵਿਚੋਂ ਗੁਜ਼ਰ ਰਿਹਾ ਹੈ, ਜਿੱਥੇ ਨਸ਼ਿਆਂ ਦਾ ਪ੍ਰਕੋਪ, ਕਿਸਾਨੀ ਸੰਕਟ, ਬੇਰੁਜ਼ਗਾਰੀ ਅਤੇ ਨੌਜਵਾਨਾਂ ਦੀ ਵਿਦੇਸ਼ਾਂ ਵੱਲ ਹੋ ਰਹੀ ਵੱਡੀ ਪੱਧਰ ਦੀ ਮਾਈਗ੍ਰੇਸ਼ਨ ਸਾਡੇ ਸਮਾਜ ਲਈ ਗੰਭੀਰ ਚੁਣੌਤੀਆਂ ਬਣ ਚੁੱਕੀਆਂ ਹਨ। ਇਸ ਸਥਿਤੀ ਵਿੱਚ ਲੋੜ ਹੈ ਇਕ ਐਸੀ ਸੱਚੀ, ਨਿਡਰ ਅਤੇ ਪੰਥਕ ਸੋਚ ਵਾਲੀ ਲੀਡਰਸ਼ਿਪ ਦੀ, ਜੋ ਸਿਰਫ਼ ਵਾਅਦੇ ਨਾ ਕਰੇ, ਸਗੋਂ ਪੰਜਾਬ ਦੇ ਹੱਕਾਂ ਲਈ ਅਸਲੀ ਲੜਾਈ ਲੜੇ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਅਕਾਲੀ ਦਲ ਵਾਰਿਸ ਪੰਜਾਬ ਦੇ ਖਾਸ ਸਮਰਥਕ ਭਾਈ ਸੁਖਵਿੰਦਰ ਸਿੰਘ ਬੋਪਾਰਾਏ ਨੇ ਯੂ ਐਸ ਏ ਤੋਂ ਭੇਜੇ ਇਕ ਪ੍ਰੈਸ ਨੋਟ ਰਾਹੀਂ ਕੀਤਾ। ਉਹਨਾਂ ਕਿਹਾ ਕਿ ਅਜਿਹੇ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਇੱਕ ਪੰਥਕ ਤਾਕਤ ਵਜੋਂ ਉਭਰ ਰਿਹਾ ਹੈ, ਜੋ ਗੁਰੂ ਸਾਹਿਬਾਨ ਦੀ ਸੋਚ ਅਤੇ ਸਿੱਖ ਸਿਧਾਂਤਾਂ ਅਨੁਸਾਰ ਪੰਜਾਬ ਦੀ ਭਲਾਈ ਲਈ ਸੰਘਰਸ਼ ਕਰ ਰਿਹਾ ਹੈ। ਅਕਾਲੀ ਦਲ ਵਾਰਿਸ ਪੰਜਾਬ ਦੇ ਸਿਰਫ਼ ਰਾਜਨੀਤੀ ਨਹੀਂ ਕਰ ਰਿਹਾ, ਸਗੋਂ ਪੰਜਾਬ ਦੀ ਅਸਲ ਆਵਾਜ਼ ਬਣ ਕੇ ਨਿਆਂ, ਸੱਚਾਈ ਅਤੇ ਅਧਿਕਾਰਾਂ ਦੀ ਲੜਾਈ ਲੜ ਰਿਹਾ ਹੈ। ਪਾਰਟੀ ਦੇ ਮੁੱਖ ਆਗੂ ਅਤੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਨੇ ਪੰਥ ਅਤੇ ਪੰਜਾਬ ਦੇ ਹੱਕਾਂ ਲਈ ਨਿਡਰ ਹੋ ਕੇ ਆਵਾਜ਼ ਬੁਲੰਦ ਕੀਤੀ ਸੀ ਜਿਸ ਦਾ ਕਰਕੇ ਪੰਜਾਬ ਵਿਰੋਧੀ ਤਾਕਤਾਂ ਪਿਛਲੇ ਤਿੰਨ ਸਾਲ ਤੋਂ ਉਹਨਾਂ ਨੂੰ ਡਿਬਰੂਗੜ੍ਹ ਜੇਲ ਵਿੱਚ ਬੰਦ ਕਰਕੇ ਸੱਚ ਨੂੰ ਦਬਾਉਣ ਦੀਆਂ ਨਾਕਾਮ ਕੋਸ਼ਿਸ਼ਾਂ ਕਰ ਰਹੀਆਂ ਹਨ। ਪ੍ਰੰਤੂ ਉਨ੍ਹਾਂ ਵੱਲੋਂ ਬੁਲੰਦ ਕੀਤੀ ਅਵਾਜ਼ ਪੰਜਾਬ ਦੀ ਨੌਜਵਾਨੀ ਲਈ ਪ੍ਰੇਰਣਾ ਸਰੋਤ ਹੈ। ਉਹਨਾਂ ਕਿਹਾ ਕਿ ਵਿਦੇਸ਼ਾਂ ਵਿੱਚ ਵੱਸਦਾ ਪੰਜਾਬੀ ਭਾਈਚਾਰਾ ਵੀ ਅੰਦਰੂਨੀ ਤੌਰ ਤੇ ਆਪਣੇ ਪੰਜਾਬ ਨਾਲ ਜੁੜਿਆ ਹੋਇਆ ਹੈ ਅਤੇ ਉਹ ਪੰਜਾਬ ਦੀ ਬਿਹਤਰੀ ਲਈ ਚਿੰਤਤ ਹੈ। ਜੇ ਅਸੀਂ ਆਪਣੇ ਆਉਣ ਵਾਲੀਆਂ ਪੀੜੀਆਂ ਲਈ ਸੁਖਾਲਾ ਅਤੇ ਮਜ਼ਬੂਤ ਪੰਜਾਬ ਬਣਾਉਣਾ ਚਾਹੁੰਦੇ ਹਾਂ, ਤਾਂ ਸਾਨੂੰ ਸੱਚੀ ਪੰਥਕ ਅਤੇ ਲੋਕ-ਹਿਤੈਸ਼ੀ ਤਾਕਤ ਦਾ ਸਾਥ ਦੇਣਾ ਪਵੇਗਾ। ਉਨ੍ਹਾਂ ਅਪੀਲ ਕੀਤੀ ਕਿ ਪੰਜਾਬ ਦੇ ਸਮੂਹ ਵਰਗ- ਕਿਸਾਨ, ਮਜ਼ਦੂਰ, ਨੌਜਵਾਨ ਅਤੇ ਵਿਦਿਆਰਥੀ ਅਕਾਲੀ ਦਲ ਵਾਰਿਸ ਪੰਜਾਬ ਦੇ ਨਾਲ ਖੜ੍ਹਨ ਅਤੇ ਇੱਕ ਨਵੀਂ ਸੋਚ ਨਾਲ ਪੰਜਾਬ ਨੂੰ ਤਰੱਕੀ ਅਤੇ ਖੁਸ਼ਹਾਲੀ ਦੇ ਰਾਹ 'ਤੇ ਲਿਆਉਣ। ਅਖੀਰ ਵਿੱਚ ਉਨ੍ਹਾਂ ਕਿਹਾ ਕਿ ਇਹ ਸਮਾਂ ਚੁੱਪ ਰਹਿਣ ਦਾ ਨਹੀਂ, ਸਗੋਂ ਆਪਣੇ ਹੱਕਾਂ ਲਈ ਅੱਗੇ ਹੋਕੇ ਲੜਨ ਦਾ ਹੈ। ਜੇ ਅਸੀਂ ਅੱਜ ਫੈਸਲਾ ਨਹੀਂ ਲੈਂਦੇ, ਤਾਂ ਇਤਿਹਾਸ ਸਾਨੂੰ ਕਦੇ ਵੀ ਮੁਆਫ਼ ਨਹੀਂ ਕਰੇਗਾ। ਪੰਜਾਬ ਦੀ ਅਸਲੀ ਤਾਕਤ ਉਸਦੇ ਲੋਕ ਹਨ, ਅਤੇ ਜਦੋਂ ਲੋਕ ਇਕੱਠੇ ਹੋ ਜਾਂਦੇ ਹਨ, ਤਾਂ ਕੋਈ ਵੀ ਪੰਜਾਬ ਵਿਰੋਧੀ ਤਾਕਤ ਉਹਨਾਂ ਨੂੰ ਅੱਗੇ ਵੱਧਣ ਤੋਂ ਰੋਕ ਨਹੀਂ ਸਕਦੀ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸਰਬ ਧਰਮ ਸਾਂਝਾ ਫਰੰਟ (ਪੰਜਾਬ) ਦੇ ਮੁੱਖ ਦਫਤਰ ਦੱਤਾ ਇਨਕਲੇਵ, ਮਜੀਠਾ ਰੋਡ ਵਿਖੇ

# ਚੇਅਰਮੈਨ ਬਿਕਰਮ ਦੱਤਾ ਵੱਲੋਂ ਸੰਗਠਨ ਦੇ ਭਵਿੱਖੀ ਪ੍ਰੋਗਰਾਮਾਂ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ



**ਅੰਮ੍ਰਿਤਸਰ, 17 ਮਾਰਚ ( ਇਕਬਾਲ ਸਿੰਘ ਤੁੰਗ)**-ਸਰਬ ਧਰਮ ਸਾਂਝਾ ਫਰੰਟ (ਪੰਜਾਬ) ਦੇ ਮੁੱਖ ਦਫਤਰ ਦੱਤਾ ਇਨਕਲੇਵ, ਮਜੀਠਾ ਰੋਡ ਵਿਖੇ ਚੇਅਰਮੈਨ ਬਿਕਰਮ ਦੱਤਾ ਵੱਲੋਂ ਪ੍ਰੈਸ ਕਾਨਫਰੰਸ ਕੀਤੀ ਗਈ, ਜਿਸ ਵਿੱਚ ਸੰਗਠਨ ਦੇ ਭਵਿੱਖੀ ਪ੍ਰੋਗਰਾਮਾਂ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ। ਚੇਅਰਮੈਨ ਦੱਤਾ ਨੇ ਦੱਸਿਆ ਕਿ ਸੰਗਠਨ ਦੀ 7 ਮੈਂਬਰੀ ਕਮੇਟੀ ਦਾ ਗਠਨ ਕਰ ਕੇ ਸੁਰਿੰਦਰਪਾਲ ਸਿੰਘ (ਸਿੱਖ ), ਅਜੇ ਸੇਠ (ਹਿੰਦੂ), ਅਬਦੁੱਲ ਨੂਰ (ਮੁਸਲਿਮ), ਜਸਪਾਲ ਮਸੀਹ (ਇਸਾਈ), ਰਾਜੀਵ ਭਗਤ (ਕਬੀਰਪੰਥੀ), ਸੰਨੀ ਦਾਨਵ (ਵਾਲਮੀਕ) ਅਤੇ ਹਕੂਮਤ ਰਾਏ (ਰਵਿਦਾਸੀਆ) ਨੂੰ ਸ਼ਾਮਲ ਕੀਤਾ ਗਿਆ ਹੈ, ਜਦਕਿ ਇਕਬਾਲ ਸਿੰਘ ਤੁੰਗ ਫਰੰਟ ਦੇ ਨੂੰ ਸੀਨੀਅਰ ਹੋਣ ਕਰਕੇ ਮੁੱਖ ਬੁਲਾਰਾ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ 'ਸਰਬ ਧਰਮ ਸਾਂਝੀ ਮੋਟਰਸਾਈਕਲ ਯਾਤਰਾ' 28 ਮਾਰਚ ਨੂੰ ਸਵੇਰੇ 10 ਵੱਜੇ ਸ੍ਰੀ ਅਕਾਲ ਤਖਤ ਸਾਹਿਬ ਤੇ ਸਰਬੱਤ ਦੇ ਭਲੇ ਦੀ ਅਰਦਾਸ ਕਰ ਕੇ ਅਰੰਭ ਕੀਤੀ ਜਾਵੇਗੀ, ਜਿਸਦਾ ਮਕਸਦ ਵੱਖ-ਵੱਖ ਧਰਮਾਂ ਵਿਚਕਾਰ ਏਕਤਾ ਅਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨਾ ਹੈ। ਮੋਟਰਸਾਈਕਲ ਰੈਲੀ ਅਕਾਲ ਤਖਤ ਸਾਹਿਬ ਤੋ ਅਰੰਭ ਹੋਣ ਉਪਰੰਤ ਮੁਸਲਿਮ ਭਾਈ ਚਾਰੇ ਦੀ ਹਾਲ ਬਜਾਰ ਜਾਮਾ ਮਸਜਿਦ ਵਿੱਖੇ ਹੁੰਦੀ ਹੋਈ ਹਿੰਦੂ ਭਾਈ ਚਾਰੇ ਦੇ ਧਾਰਮਿਕ ਅਸਥਾਨ ਦੁਰਗਿਆਨਾ ਮੰਦਰ ਤੋ ਹੁੰਦਾ ਹੋਇਆ ਮਸੀਹ ਇਸਾਈ ਭਾਈ ਚਾਰੇ ਦੇ ਮੁੱਖ ਚਰਚ ਰਿਆਲਟੂ ਚੌਕ ਤੋ ਹੁੰਦੀਆ ਬਾਲਮੀਕ ਭਾਈ ਚਾਰੇ ਦੇ ਅਸਥਾਨ ਸ਼੍ਰੀ ਰਾਮ ਤੀਰਥ ਮੰਦਰ ਵਿੱਖੇ ਸੰਪੂਰਨ ਹੋਵੇ ਗਾ ਚੇਅਰਮੈਨ ਦੱਤਾ ਅਤੇ ਮੁੱਖ ਬੁਲਾਰੇ ਇਕਬਾਲ ਸਿੰਘ ਤੁੰਗ ਨੇ ਕਿਹਾ ਕਿ ਇਹ ਉਪਰਾਲਾ 'ਮਿਸ਼ਨ ਸਰਬੱਤ ਦਾ ਭਲਾ' ਤਹਿਤ ਕੀਤਾ ਜਾ ਰਿਹਾ ਹੈ, ਜਿਸਦਾ ਉਦੇਸ਼ ਨਸ਼ੇ ਅਤੇ ਭ੍ਰਿਸ਼ਟਾਚਾਰ ਵਰਗੀਆਂ ਬੁਰਾਈਆਂ ਨੂੰ ਖਤਮ ਕਰਨਾ ਅਤੇ ਸਮਾਜ ਵਿੱਚ ਅਮਨ, ਅਮਾਨ ਆਪਸੀ ਭਾਈਚਾਰਾਕ ਸਾਂਝ ਅਤੇ ਭਾਈਚਾਰਕ ਏਕਤਾ ਨੂੰ ਹੋਰ ਮਜ਼ਬੂਤ ਕਰਨਾ ਹੈ। ਅਖੀਰ ਵਿੱਚ ਸੰਗਠਨ ਵੱਲੋਂ ਸਾਰੇ ਧਰਮਾਂ ਦੇ ਲੋਕਾਂ, ਖ਼ਾਸ ਕਰਕੇ ਨੌਜਵਾਨਾਂ ਨੂੰ ਅਪੀਲ ਕੀਤੀ ਗਈ ਕਿ ਉਹ ਵੱਧ ਚੜ੍ਹ ਕੇ ਇਸ ਯਾਤਰਾ ਵਿੱਚ ਹਿੱਸਾ ਲੈ ਕੇ ਏਕਤਾ ਦਾ ਸੰਦੇਸ਼ ਫੈਲਾਉਣ। ਇਸ ਮੌਕੇ ਹਾਜ਼ਰ ਸਾਰੇ ਸੰਗਠਨ ਦੇ ਮੈਂਬਰਾਂ ਨੇ ਇਸ ਰੈਲੀ ਨੂੰ ਸਫਲ ਬਣਾਉਣ ਲਈ ਵੱਧ ਚੜ੍ਹ ਕੇ ਸਹਿਯੋਗ ਦਾ ਭਰੋਸਾ ਦਿੱਤਾ। ਮੁੱਖ ਬੁਲਾਰੇ ਇਕਬਾਲ ਸਿੰਘ ਤੁੰਗ ਨੇ ਦੱਸਿਆ ਕਿ ਸ਼ਾਈ ਮੀਂਆ ਮੀਰ ਫਾਊਡੇਸ਼ਨ ਇੰਟਰਨੈਸ਼ਨਲ ਦੇ ਮੁੱਖੀ ਸ੍ਰ ਹਰਭਜਨ ਸਿੰਘ ਬਰਾੜ ਵੱਲੋ ਸਰਬ ਧਰਮ ਸਾਂਝਾ ਫਰੰਟ ( ਪੰਜਾਬ ) ਨੂੰ ਸੰਪੂਰਨ ਸਮਰਥਨ ਦੇਣ ਦਾ ਐਲਾਨ ਕੀਤਾ ਗਿਆ

ਆਵਾਜ਼ਿ ਕੌਮ AWAZE QAUM International Newspaper & WEB TV

ਤਖ਼ਤ ਪਟਨਾ ਸਾਹਿਬ ਕਮੇਟੀ ਨੇ ਸਾਲ 2026-27 ਲਈ

# 50 ਕਰੋੜ ਤੋਂ ਵੱਧ ਦਾ ਬਜਟ ਕੀਤਾ ਗਿਆ ਪਾਸ



**ਨਵੀਂ ਦਿੱਲੀ 18 ਮਾਰਚ (ਮਨਪ੍ਰੀਤ ਸਿੰਘ ਖਾਲਸਾ):** ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੀ ਅੱਜ ਹੋਈ ਮੀਟਿੰਗ ਵਿੱਚ ਸਾਲ 2026-27 ਦੇ ਬਜਟ ਨੂੰ ਸਰਬਸੰਮਤੀ ਨਾਲ ਮਨਜ਼ੂਰੀ ਦਿੱਤੀ ਗਈ। ਇਸ ਦੇ ਨਾਲ ਹੀ ਵੋਟਰ ਸੂਚੀ ਨੂੰ ਠੀਕ ਕਰਨ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਹੋਰ ਸਿੱਖ ਸੰਸਥਾਵਾਂ ਵੱਲੋਂ ਆਏ ਪੱਤਰਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਅਗਲੇ 3 ਮਹੀਨਿਆਂ ਦਾ ਸਮਾਂ ਦਿੱਤਾ ਗਿਆ। ਮੀਟਿੰਗ ਬਾਰੇ ਜਾਣਕਾਰੀ ਦਿੰਦਿਆਂ ਪ੍ਰਧਾਨ ਜਗਜੋਤ ਸਿੰਘ ਸੋਹੀ ਅਤੇ ਸਕੱਤਰ ਇੰਦਰਜੀਤ ਸਿੰਘ ਨੇ ਦੱਸਿਆ ਕਿ ਤਖ਼ਤ ਪਟਨਾ ਸਾਹਿਬ ਕਮੇਟੀ ਦੀ ਮੀਟਿੰਗ ਅੱਜ ਤਖ਼ਤ ਸਾਹਿਬ ਦੇ ਮੀਟਿੰਗ ਹਾਲ ਵਿੱਚ ਜਥੇਦਾਰ ਗਿਆਨੀ ਬਲਦੇਵ ਸਿੰਘ ਜੀ ਵੱਲੋਂ ਅਰਦਾਸ ਤੋਂ ਬਾਅਦ ਸ਼ੁਰੂ ਹੋਈ। ਸਭ ਤੋਂ ਪਹਿਲਾਂ ਪਿਛਲੀ ਮੀਟਿੰਗ ਦੀ ਪੁਸ਼ਟੀ ਕੀਤੀ ਗਈ। ਇਸ ਤੋਂ ਬਾਅਦ ਸਾਲ 2026-27 ਲਈ ਬਣਾਏ ਗਏ 50 ਕਰੋੜ ਤੋਂ ਵੱਧ ਦੇ ਪ੍ਰਸਤਾਵਿਤ ਬਜਟ ਨੂੰ ਸਾਰੇ ਮੈਂਬਰਾਂ ਨੇ ਸਰਬਸੰਮਤੀ ਨਾਲ ਮਨਜ਼ੂਰ ਕਰ ਲਿਆ। ਇਸ ਦੇ ਨਾਲ ਹੀ ਪਿਛਲੇ ਦਿਨਾਂ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਹੋਰ ਸਿੱਖ ਸੰਸਥਾਵਾਂ ਤੋਂ ਪ੍ਰਾਪਤ ਪੱਤਰਾਂ ਨੂੰ ਧਿਆਨ ਵਿੱਚ ਰੱਖਦਿਆਂ ਤਖ਼ਤ ਸਾਹਿਬ ਚੋਣਾਂ ਲਈ ਵੋਟਰ ਸੂਚੀ ਵਿੱਚ ਪਾਈਆਂ ਗਈਆਂ ਗਲਤੀਆਂ ਦੇ ਸੁਧਾਰ ਲਈ 3 ਮਹੀਨਿਆਂ ਦੀ ਮਿਆਦ ਨਿਰਧਾਰਿਤ ਕੀਤੀ ਗਈ ਹੈ। ਤਖ਼ਤ ਸਾਹਿਬ ਦੀ ਵਿਵਾਦਿਤ ਜ਼ਮੀਨਾਂ 'ਤੇ ਚਾਰਦੀਵਾਰੀ ਕਰਨ ਦਾ ਫ਼ੈਸਲਾ ਵੀ ਲਿਆ ਗਿਆ। ਕਮੇਟੀ ਦੇ ਸਟਾਫ ਦੀ ਹਾਜ਼ਰੀ ਨੂੰ ਆਨਲਾਈਨ ਕਰਨ ਲਈ ਨਵੀਂ ਸਾਫਟਵੇਅਰ ਮਸ਼ੀਨ ਲਗਾਉਣ ਦੀ ਗੱਲ ਕੀਤੀ ਗਈ। ਕਮੇਟੀ ਦੇ ਅਧੀਨ ਆਉਂਦੇ ਸਕੂਲਾਂ ਵਿੱਚ ਖਾਲੀ ਅਸਾਮੀਆਂ ਨੂੰ ਜਲਦੀ ਭਰਨ ਲਈ ਵੀ ਵਿਚਾਰ ਕੀਤਾ ਗਿਆ। ਮੀਟਿੰਗ ਵਿੱਚ ਜਗਜੋਤ ਸਿੰਘ ਸੋਹੀ, ਇੰਦਰਜੀਤ ਸਿੰਘ, ਹਰਬੰਸ ਸਿੰਘ, ਲਖਵਿੰਦਰ ਸਿੰਘ, ਗੁਰਵਿੰਦਰ ਸਿੰਘ, ਡਾ. ਗੁਰਮੀਤ ਸਿੰਘ, ਮਹਿੰਦਰਪਾਲ ਸਿੰਘ ਢਿੱਲੋਂ, ਰਾਜਾ ਸਿੰਘ, ਹਰਪਾਲ ਸਿੰਘ ਜੋਹਲ ਅਤੇ ਗੋਬਿੰਦ ਸਿੰਘ ਲੋਂਗੋਵਾਲ ਹਾਜ਼ਰ ਸਨ ।

ਆਵਾਜ਼ਿ ਕੌਮ AWAZE QAUM International Newspaper & WEB TV

**ਵੋਟਰ ਸੂਚੀ ਵਿੱਚ ਨਾਮ ਠੀਕ ਕਰਨ ਲਈ 3 ਮਹੀਨੇ ਦਾ ਸਮਾਂ ਦਿੱਤਾ ਗਿਆ**

ਪੰਜਾਬ ਰਾਜ ਡੀ.ਸੀ. ਦਫਤਰ ਕਰਮਚਾਰੀ ਯੂਨੀਅਨ ਤੇ ਦੀ ਰੈਵੀਨਿਊ ਪਟਵਾਰ ਯੂਨੀਅਨ ਪੰਜਾਬ ਨੇ ਡੀ ਸੀ ਅੰਮ੍ਰਿਤਸਰ ਨੂੰ ਸੌਂਪਿਆ ਮੰਗ ਪੱਤਰ-ਪ੍ਰਧਾਨ ਗੁਰਜੰਟ ਸਿੰਘ ਸੋਹੀ

# ਧੱਕੇਸ਼ਾਹੀ ਕਰਨ ਵਾਲੇ ਪੁਲਿਸ ਮੁਲਜ਼ਮਾਂ ਤੇ ਬਣਦੀ ਕਾਰਵਾਈ ਕੀਤੀ ਜਾਵੇ-ਹਰਪ੍ਰੀਤ ਸਿੰਘ



ਜੰਡਿਆਲਾ ਗੁਰੂ 18 ਮਾਰਚ ( ਕੁਲਵੰਤ ਸਿੰਘ ਵਿਰਦੀ ) ਪੰਜਾਬ ਰਾਜ ਡੀ.ਸੀ. ਦਫਤਰ ਕਰਮਚਾਰੀ ਯੂਨੀਅਨ ਅਤੇ ਦੀ ਰੈਵੀਨਿਊ ਪਟਵਾਰ ਯੂਨੀਅਨ, ਪੰਜਾਬ (ਰਜਿ:)ਜਿਲ੍ਹਾ ਅੰਮ੍ਰਿਤਸਰ ਦੇ ਪ੍ਰਧਾਨ ਗੁਰਜੰਟ ਸਿੰਘ ਸੋਹੀ ,ਜਨਰਲ ਸਕੱਤਰ ਹਰਪ੍ਰੀਤ ਸਿੰਘ, ਖਜਾਨਚੀ ਸਬਪ੍ਰੀਤ ਕੌਰ ਨੇ ਆਪਣੇ ਸਾਥੀ ਤੇਜਿੰਦਰ ਸਿੰਘ ਨੰਗਲ, ਨਾਲ ਹੋਈ ਧੱਕੇਸ਼ਾਹੀ ਦੇ ਖਿਲਾਫ ਇਨਸਾਫ ਦਿਵਾਉਣ ਲਈ ਡਿਪਟੀ ਕਮਿਸਨਰ ਅੰਮ੍ਰਿਸਰ ਦਲਵਿੰਦਰਜੀਤ ਸਿੰਘ ਨੂੰ ਮੰਗ ਪੱਤਰ ਸੌਂਪਿਆ ਗਿਆ ਜਿਸ ਵਿੱਚ ਮੰਗ ਕਰਦਿਆਂ ਹੋਇਆ ਦਰਸਾਇਆ ਗਿਆ ਕਿ ਸਾਡਾ ਸਾਥੀ ਤੇਜਿੰਦਰ ਸਿੰਘ ਜੋ ਕਿ ਸਾਬਤ ਸੂਰਤ ਸਿੱਖ ਪੰਜ ਕਕਾਰਾਂ ਦੇ ਧਾਰਨੀ ਹਨ ਅਤੇ ਆਪਣੀ ਰੋਜ਼ਾਨਾ ਸਰਕਾਰੀ ਡਿਊਟੀ ਦਸਤਾਰ, ਦਮਾਲਾ ਸਜਾ ਕੇ ਕਰਦੇ ਹਨ। ਉਹਨਾਂ ਨਾਲ ਬੀਤੇ ਦਿਨ ਪੁਲਿਸ ਪ੍ਰਸ਼ਾਸਨ ਵਲੋਂ ਧੱਕੇਸ਼ਾਹੀ ਕੀਤੀ ਗਈ, ਅਤੇ ਗਾਲੀ ਗਲੋਚ ਕੀਤਾ ਗਿਆ ਅਤੇ ਕਕਾਰਾਂ ਦੀ ਬੇਅਦਬੀ ਕੀਤੀ ਗਈ। ਅਤੇ ਸਰਕਾਰ ਖਿਲਾਫ ਆਪਣੇ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਲਈ ਸੰਵਿਧਾਨ ਅਨੁਸਾਰ ਰੋਸ ਜਾਹਿਰ ਕਰਨਾ ਹਰ ਮੁਲਾਜ਼ਮ ਜਥੇਬੰਦੀ ਦਾ ਅਧਿਕਾਰ ਹੈ। ਪ੍ਰੰਤੂ ਬੁਖਲਾਹਟ ਵਿੱਚ ਆ ਕੇ ਪੁਲੀਸ ਪ੍ਰਸ਼ਾਸਨ ਥਾਣਾ ਜੰਡਿਆਲਾ ਗੁਰੂ ਦੇ ਐਸ ਐਚ ਓ ਨਰੇਸ਼ ਕੁਮਾਰ ਅਤੇ ਉਸ ਦੇ ਸਾਥੀ ਪੁਲਿਸ ਮੁਲਾਜ਼ਮਾਂ ਵਲੋਂ ਘਟੀਆ ਵਤੀਰਾ ਕੀਤਾ ਗਿਆ ਜੋ ਬਰਦਾਸਤ ਕਰਨ ਯੋਗ ਨਹੀਂ ਹੈ। ਸੋ ਆਪ ਜੀ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਦੋਸ਼ੀ ਪੁਲਿਸ ਮੁਲਾਜ਼ਮ ਨਰੇਸ਼ ਕੁਮਾਰ, SHO ਥਾਣਾ ਜੰਡਿਆਲਾ ਗੁਰੂ ਅਤੇ ਇਸ ਘਿਨਾਉਣੀ ਘਟਨਾ ਵਿੱਚ ਸ਼ਾਮਲ ਬਾਕੀ ਮੁਲਾਜ਼ਮਾਂ ਤੇ ਬਣਦੀ ਕਾਰਵਾਈ ਕਰਕੇ ਅਮਲ ਵਿੱਚ ਲਿਆਂਦੀ ਜਾਵੇ। ਜੇਕਰ ਇਸ ਮਾਮਲੇ ਵਿੱਚ ਦੋਸ਼ੀਆਂ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਨਹੀਂ ਕੀਤੀ ਜਾਂਦੀ ਤਾਂ ਮਜ਼ਬੂਰੀ ਵੱਸ ਸਾਡੇ ਵੱਲੋਂ ਰੋਸ ਵਜੋਂ ਮਿਤੀ 20/3/2026 ਦਿਨ ਸ਼ੁੱਕਰਵਾਰ ਨੂੰ ਸਮੂਹ ਦਫਤਰਾਂ ਦਾ ਕੰਮ ਬੰਦ ਰਖਿਆ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

## ਕਾਂਗਰਸ ਪੰਜਾਬ ਮਾਮਲਿਆਂ ਦੇ ਸਹਾਇਕ ਇੰਚਾਰਜ ਰਵਿੰਦਰ ਡਾਲਵੀਆ ਪਹੁੰਚੇ ਸਾਬਕਾ ਵਿਧਾਇਕ ਜੀਤ ਮਹਿੰਦਰ ਸਿੰਘ ਸਿੱਧੂ ਦੇ ਨਵੇਂ ਦਫਤਰ, ਦਾਅਵੇਦਾਰੀ 'ਤੇ ਲਾਈ ਮੋਹਰ

## ਵਿਧਾਨ ਸਭਾ ਹਲਕਾ ਮੌੜ ਮੰਡੀ ਪਰਿਵਾਰਕ ਹਲਕਾ, ਕਾਂਗਰਸ ਸਰਕਾਰ ਵਿੱਚ ਬਦਲਾਂਗੇ ਹਲਕੇ ਦੀ ਤਸਵੀਰ- ਸਿੱਧੂ



**ਤਲਵੰਡੀ ਸਾਬੋ/ਮੌੜ ਮੰਡੀ, 18 ਮਾਰਚ (ਗੁਰਜੰਟ ਸਿੰਘ ਨਥੇਹਾ)**-ਪੰਜਾਬ ਕਾਂਗਰਸ ਦੇ ਸਹਾਇਕ ਇੰਚਾਰਜ ਰਵਿੰਦਰ ਡਾਲਵੀਆ ਅਤੇ ਕਾਂਗਰਸ ਪੰਜਾਬ ਐੱਸ ਆਈ ਆਰ ਦੇ ਇੰਚਾਰਜ ਹਰਦੀਪ ਸਿੰਘ ਕਿੰਗਰਾ ਅੱਜ ਵਿਧਾਨ ਸਭਾ ਹਲਕਾ ਮੌੜ ਮੰਡੀ ਤੋਂ ਆਉਂਦੀਆਂ ਵਿਧਾਨ ਸਭਾ ਚੋਣਾਂ ਲਈ ਟਿਕਟ ਦੇ ਪ੍ਰਮੁੱਖ ਦਾ ਦਾਅਵੇਦਾਰ ਸਾਬਕਾ ਵਿਧਾਇਕ ਜੀਤ ਮਹਿੰਦਰ ਸਿੰਘ ਸਿੱਧੂ ਜਿੰਨਾ ਵੱਲੋਂ ਹਾਲ ਹੀ ਵਿੱਚ ਆਪਣਾ ਬਠਿੰਡਾ ਮਾਨਸਾ ਰੋਡ ਮੌੜ ਕੈਂਚੀਆਂ ਤੇ ਦਫਤਰ ਖੋਲਿਆ ਹੈ ਵਿਖੇ ਪਹੁੰਚੇ ਅਤੇ ਵਿਚਾਰ ਚਰਚਾ ਕੀਤੀ ਗਈ। ਸਹਾਇਕ ਇੰਚਾਰਜ ਰਵਿੰਦਰ ਡਾਲਵੀਆ ਤੇ ਸਮੁੱਚੀ ਲੀਡਰਸ਼ਿਪ ਦਾ ਸਾਬਕਾ ਵਿਧਾਇਕ ਜੀਤ ਮਹਿੰਦਰ ਸਿੰਘ ਸਿੱਧੂ ਦੇ ਮੁੱਖ ਦਫਤਰ ਵਿੱਚ ਪਹੁੰਚਣਾ ਆਉਂਦੀਆਂ ਵਿਧਾਨ ਸਭਾ ਚੋਣਾਂ ਵਿੱਚ ਸਾਬਕਾ ਵਿਧਾਇਕ ਜੀਤ ਮਹਿੰਦਰ ਸਿੰਘ ਸਿੱਧੂ ਦੀ ਮੌੜ ਮੰਡੀ ਤੋਂ ਦਾਅਵੇਦਾਰੀ ਨੂੰ ਹੋਰ ਪੱਕਾ ਕਰਦੀ ਹੈ ਅਤੇ ਅੱਜ ਮੋਹਰ ਵੀ ਲੱਗਦੀ ਹੋਈ ਨਜ਼ਰ ਆਈ। ਸ੍ਰੀ ਢਾਲਵੀਆ ਨੇ ਕਿਹਾ ਕਿ ਸਾਬਕਾ ਵਿਧਾਇਕ ਜੀਤ ਮਹਿੰਦਰ ਸਿੰਘ ਸਿੱਧੂ ਕਾਂਗਰਸ ਦੇ ਸੀਨੀਅਰ ਲੀਡਰ ਹਨ ਅਤੇ ਆਉਂਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਪੰਜਾਬ ਲੀਡਰਸ਼ਿਪ ਅਤੇ ਪਾਰਟੀ ਹਾਈ ਕਮਾਂਡ ਵੱਲੋਂ ਇਸ ਇਲਾਕੇ ਦੀ ਤਰੱਕੀ ਅਤੇ ਕਾਂਗਰਸੀ ਵਰਕਰਾਂ ਦੀ ਚੜਦੀ ਕਲਾ ਲਈ ਵਧੀਆ ਹੀ ਫੈਸਲਾ ਲਿਆ ਜਾਵੇਗਾ ਇਸ ਮੌਕੇ ਸਾਬਕਾ ਵਿਧਾਇਕ ਜੀਤ ਮਹਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਮੌੜ ਮੰਡੀ ਵਿਧਾਨ ਸਭਾ ਹਲਕਾ ਉਹਨਾਂ ਦਾ ਪਰਿਵਾਰਕ ਹਲਕਾ ਹੈ। ਕਾਂਗਰਸ ਸਰਕਾਰ ਆਉਣ ਤੇ ਇਸ ਇਲਾਕੇ ਦੀ ਤਸਵੀਰ ਬਦਲਦੀ ਹੋਈ ਨਜ਼ਰ ਆਏਗੀ ਕਿਉਂਕਿ ਹੁਣ ਤੱਕ ਆਪ ਦੇ ਵਿਧਾਇਕ ਅਤੇ ਪਿਛਲੀ ਸਰਕਾਰ ਦੇ ਵਿਧਾਇਕ ਵੱਲੋਂ ਇਸ ਇਲਾਕੇ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਕੋਈ ਕੰਮ ਨਹੀਂ ਕੀਤਾ ਲੋਕ ਬੁਨਿਆਦੀ ਸਹੂਲਤਾਂ ਨੂੰ ਤਰਸ ਰਹੇ ਹਨ ਮੌੜ ਮੰਡੀ ਦੇ ਨਿਵਾਸੀ ਤਾਂ ਸੀਵਰੇਜ ਦੀ ਵੱਡੀ ਸਮੱਸਿਆ ਨਾਲ ਜੂਝ ਰਹੇ ਹਨ ਉਹਨਾਂ ਕਿਹਾ ਕਿ ਕਾਂਗਰਸ ਦੀ ਸਰਕਾਰ ਆਉਣ ਤੇ ਇਨਾ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ ਤੇ ਹੱਲ ਕੀਤਾ ਜਾਵੇਗਾ ਤੇ ਇਸ ਇਲਾਕੇ ਦੀ ਤਰੱਕੀ ਲਈ ਵੱਡੀ ਇੰਡਸਟਰੀ ਲਿਆਂਦੀ ਜਾਵੇਗੀ ਜਿਸ ਨਾਲ ਨੌਜਵਾਨਾਂ ਨੂੰ ਵੀ ਰੁਜ਼ਗਾਰ ਮਿਲੇਗਾ। ਇਸ ਮੌਕੇ ਉਹਨਾਂ ਕਾਂਗਰਸ ਲੀਡਰਸ਼ਿਪ ਨੂੰ ਵਿਸ਼ਵਾਸ ਦਵਾਇਆ ਕਿ ਵਿਧਾਨ ਸਭਾ ਹਲਕਾ ਮੌੜ ਮੰਡੀ ਦੀ ਸੀਟ ਆਉਂਦੀਆਂ ਵਿਧਾਨ ਸਭਾ ਚੋਣਾਂ ਵਿੱਚ ਜਿੱਤ ਕੇ ਪਾਰਟੀ ਦੀ ਝੋਲੀ ਪਾਈ ਜਾਵੇਗੀ। ਇਸ ਮੌਕੇ ਸਿੱਧੂ ਦੇ ਪੁੱਤਰ ਅਤੇ ਨੌਜਵਾਨ ਕਾਂਗਰਸੀ ਆਗੂ ਗੁਰਬਾਜ਼ ਸਿੰਘ ਸਿੱਧੂ ਵੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV






ਜਨਮ ਦਿਨ ਮੁਬਾਰਕ

ਹਰਮਿੰਦਰ ਸਿੰਘ
ਪਿਤਾ ਗੁਰਬਿੰਦਰ ਸਿੰਘ
ਮਾਤਾ ਪ੍ਰਵੀਨ ਕੌਰ ਕੈਨੇਡਾ ਵਾਸੀ

(ਫੋਟੋ : ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਮੇਲਿਆਂ ਗੁਰਪੁਰਬਾਂ ਮੌਕੇ ਘੋਲ ਕਬੱਡੀ ਕੁਸ਼ਤੀਆਂ ਖੇਡਾਂ ਕਰਵਾਉਣੀਆਂ ਸਮੇਂ ਦੀ ਮੁੱਖ ਲੋੜ

# ਨੌਜਵਾਨ ਹੋਣਗੇ ਉਤਸ਼ਾਹਤ : ਸੰਤ ਬਾਬਾ ਦਰਸ਼ਨ ਦਾਸ



**ਜੰਡਿਆਲਾ ਗੁਰੂ, 18 ਮਾਰਚ ( ਕੁਲਵੰਤ ਸਿੰਘ ਵਿਰਦੀ )**-ਪੰਜਾਬ ਦੇ ਹਲਾਤਾਂ ਨੂੰ ਮੁੱਖ ਰੱਖਦਿਆ ਹੋਇਆ ਪੰਜਾਬ ਵਿੱਚ ਮਨਾਏ ਜਾਣ ਵਾਲੇ ਮੇਲੇ ਗੁਰਪੁਰਬਾਂ ਮੌਕੇ ਪੰਜਾਬ ਦੇ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨਾ ਸਮੇਂ ਦੀ ਮੁੱਖ ਲੋੜ ਹੈ ਅਤੇ ਨੌਜਵਾਨਾਂ ਦਾ ਵੀ ਖੇਡਾਂ ਵੱਲ ਉਤਸ਼ਾਹ ਵੇਖਿਆ ਜਾ ਰਿਹਾ ਹੈ ਬੱਸ ਅੱਗੇ ਲੱਗ ਕਿ ਅਗਵਾਈ ਕਰਨ ਦੀ ਲੋੜ ਹੈ ਇਨਾਂ ਸਬਦਾਂ ਦਾ ਪ੍ਰਗਟਾਵਾ ਕਰਦਿਆ ਹੋਇਆ ਸੰਤ ਬਾਬਾ ਦਰਸ਼ਨ ਦਾਸ ਜੀ ਉਦਾਸੀਨ ਸੰਪਰਦਾਏ ਬਾਬਾ ਗੁਲਾਬ ਦਾਸ ਜੀ ਗੱਦੀ ਲਹੁਕਿਆਂ ਵਾਲੀ, ਪਿੰਡ ਟਾਂਗਰਾ ਜਿਲ੍ਹਾ ਅੰਮ੍ਰਿਤਸਰ ਜੀ ਨੇ ਪੱਤਰਕਾਰਾਂ ਨਾਲ ਇਕ ਮਿਲਣੀ ਦੌਰਾਨ ਅੱਗੇ ਕਿਹਾ ਕਿ ਬੀਤੇ ਕੁਝ ਦਿਨ ਪਹਿਲਾਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਹੋਲਾ ਮਹੱਲਾ ਸਮੂਹ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਸਦਕਾ ਉਤਸ਼ਾਹ ਤੇ ਪਿਆਰ ਨਾਲ ਮਨਾਇਆ ਗਿਆ ਅਤੇ ਐਨ ਆਰ ਆਈ ਵੀਰਾਂ ਸੰਗਤਾਂ ਦੇ ਸਹਿਯੋਗ ਨਾਲ ਕਬੱਡੀ ਟੂਰਨਾਮੈਂਟ ਕਰਵਾਇਆ ਗਿਆ ਕਬੱਡੀ ਖੇਡ ਐਸੀ ਖੇਡ ਹੈ ਕਿ ਇਸ ਕਬੱਡੀ ਖੇਡ ਨੂੰ ਵੇਖਣ ਵਾਲੇ ਵੱਡੇ ਅਤੇ ਛੋਟੇ ਵਿੱਚ ਜੋਸ ਭਰਿਆ ਜਾਂਦਾ ਹੈ ਅਤੇ ਖੇਡਣ ਨੂੰ ਦਿਲ ਕਰਦਾ ਹੈ ਪਰ ਕਾਫੀ ਪਿੰਡਾਂ ਵਿੱਚੋਂ ਨੌਜਵਾਨਾਂ ਦੇ ਖੇਡਣ ਲਈ ਗਰਾਊਂਡਾਂ ਖਤਮ ਹੋ ਰਹੀਆਂ ਹਨ ਅਸੀਂ ਸਰਕਾਰ ਨੂੰ ਬੇਨਤੀ ਕਰਦੇ ਹਾਂ ਕਿ ਪਿੰਡਾਂ ਵਿੱਚ ਖੇਡ ਗਰਾਊਂਡਾਂ ਵੱਲ ਵਿਸੇਸ ਧਿਆਨ ਦਿੱਤਾ ਜਾਵੇ ਤਾਂ ਜੋ ਪੰਜਾਬ ਦੇ ਨੌਜਵਾਨ ਗੱਭਰੂ ਜੋਸ਼ੀਲੇ ਤੇ ਆਪਣੇ ਸਰੀਰਾਂ ਨੂੰ ਫਿੱਟ ਰੱਖ ਸਕਣ ਅਤੇ ਹਰੇਕ ਪੰਜਾਬ ਦੇ ਦਰਦੀ ਨੂੰ ਬੇਨਤੀ ਕਰਦੇ ਹਾਂ ਕਿ ਨੌਜਵਾਨਾਂ ਦੀਆਂ ਘੋਲ ਕਬੱਡੀ ਕੁਸ਼ਤੀਆਂ ਵਰਗੀਆਂ ਖੇਡਾਂ ਹਰੇਕ ਪਿੰਡ ਸ਼ਹਿਰ ਵਿੱਚ ਜ਼ਰੂਰ ਕਰਵਾਈਆਂ ਜਾਣ !ਅੱਗੇ ਬਾਬਾ ਦਰਸ਼ਨ ਦਾਸ ਜੀ ਨੇ ਸਮੂਹ ਸੰਗਤਾਂ ਅਤੇ ਐਨ ਆਰ ਆਈ ਵੀਰਾਂ ਦਾ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

### ਝੀਂਡਾ ਸਕਿਉਰਟੀ ਤੇ ਸਸਤੀ ਪਬਲਿਸਿਟੀ ਲੈਣ ਲਈ

# ਜਥੇਦਾਰ ਦਾਦੂਵਾਲ ਵਿਰੁੱਧ ਰਚ ਰਿਹਾ ਡਰਾਮਾ : ਮਨਜੀਤ ਸਿੰਘ ਭੋਮਾ



**ਨਵੀਂ ਦਿੱਲੀ, 18 ਮਾਰਚ (ਆਵਾਜ਼ਿ ਕੌਮ ਬਿਊਰੋ)**- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਪੰਜਾਬ ਦੇ ਚੇਅਰਮੈਨ ਮਨਜੀਤ ਸਿੰਘ ਭੋਮਾ ਨੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਤੇ ਦੋਸ਼ ਲਾਇਆ ਹੈ ਕਿ ਉਹ ਸਕਿਉਰਟੀ ਤੇ ਸਸਤੀ ਪਬਲਿਸਿਟੀ ਲੈਣ ਲਈ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਅਤੇ ਚੇਅਰਮੈਨ ਧਰਮ ਪ੍ਰਚਾਰ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਦੇ ਖ਼ਿਲਾਫ਼ ਬਾਦਲਾਂ ਦੀ ਸ਼ਿਹ ਤੇ ਇੱਕ ਗਿਣੀ ਮਿਥੀ ਸਾਜ਼ਿਸ਼ ਤਹਿਤ ਪੁਲਿਸ ਨੂੰ ਝੂਠੀਆਂ ਸ਼ਕਾਇਤਾਂ ਦਰਜ਼ ਕਰਵਾ ਰਿਹਾ ਹੈ ਉਹਨਾਂ ਕਿਹਾ ਹੋਲਾ ਮਹੱਲਾ ਦੇ ਸਮਾਗਮ 'ਚ 8 ਮਾਰਚ ਨੂੰ ਜਦੋਂ ਨਾਮਧਾਰੀ ਮੁਖੀ ਦਲੀਪ ਸਿੰਘ ਵੱਲੋਂ ਗੁਰੂ ਗ੍ਰੰਥ ਸਾਹਿਬ ਜੀ ਦੀ ਗੁਰਤਾ ਗੱਦੀ ਨੂੰ ਚੈਲੇਂਜ ਕੀਤਾ ਸੀ ਤਾਂ ਓਦੋਂ ਪ੍ਰਧਾਨ ਝੀਂਡਾ ਚੁੱਪ ਕਿਉਂ ਰਿਹਾ ਉਹ ਵੀ ਉਸ ਤੋਂ ਬਾਅਦ 35 ਮਿੰਟ ਤੱਕ ਹਰਿਆਣਾ ਦੇ 3$ ਦੇ ਨਾਲ ਸਟੇਜ 'ਤੇ ਬੈਠਾ ਰਿਹਾ ਓਦੋਂ ਗੱਲ ਗੁਰੂਆਂ ਦੀ ਸੀ ਪਰ ਮੂਕ ਬਣ ਮੂੰਹ ਨੀਵਾਂ ਕਰਕੇ ਗੁਰੂ ਬੇਅਦਬੀ ਨੂੰ ਝੀਡੇਂ ਨੇ ਪ੍ਰਵਾਨ ਕੀਤਾ ਪਰ ਜਦੋਂ ਇੱਕ ਮੁਲਾਜ਼ਮ ਸਕੱਤਰ ਦੇ ਘਰ ਭੋਗ ਦੇ ਸਮਾਗਮ 'ਚ ਜਥੇਦਾਰ ਦਾਦੂਵਾਲ ਜੀ ਬੋਲ ਰਹੇ ਸਨ ਨਾ ਕੋਈ ਗਲਤ ਸ਼ਬਦ, ਨਾ ਕੋਈ ਮਾੜੀ ਭਾਸ਼ਾ ਓਦੋਂ ਪ੍ਰਧਾਨ ਝੀਂਡੇ ਨੂੰ ਆਪਣੀ ਛਵੀ ਦੀ ਚਿੰਤਾ ਹੋ ਗਈ ਤਾਂ ਗੁਰੂ ਦੀ ਬੇਅਦਬੀ ਕਰਨ ਤੋਂ ਵੀ ਗੁਰੇਜ਼ ਨਹੀਂ ਕੀਤਾ ਹੁਣ ਅਕਾਲੀ ਦਲ ਬਾਦਲ ਦੇ ਦਿੱਲੀ ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾਂ ਅਤੇ ਜਥੇਦਾਰ ਕੁਲਦੀਪ ਸਿੰਘ ਗੜਗੱਜ ਵੱਲੋਂ ਬਾਦਲਾਂ ਦਾ ਹੱਥ ਠੋਕਾ ਬਣ ਬਾਦਲ ਧਿਰ ਦੀ ਪਾਰਟੀ ਬਣ ਕੇ ਐਸ ਐਸ ਪੀ ਪਟਿਆਲਾ ਨੂੰ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਖਿਲਾਫ ਪਰਚਾ ਦਰਜ ਕਰਨ ਲਈ ਫੋਨ ਕਰਨਾ ਸਾਬਤ ਕਰਦਾ ਹੈ ਝੀਂਡਾ ਬਾਦਲਾਂ ਦਾ ਹੱਥ ਠੋਕਾ ਬਣ ਕੇ ਹਰਿਆਣਾ ਦੇ ਸਿੱਖਾਂ ਨੂੰ ਬਾਦਲਾਂ ਕੋਲ ਵੇਚ ਚੁੱਕਿਆ ਹੈ।

**ਹਰਿਆਣਾ ਕਮੇਟੀ ਦੇ ਮੈਂਬਰ ਜਲਦੀ ਬਾਦਲਾਂ ਦੇ ਹੱਥ ਠੋਕੇ ਝੀਡੇ ਨੂੰ ਪ੍ਰਧਾਨਗੀ ਤੋਂ ਕਰਨ ਪਾਸੇ**

ਅਸੀਂ ਹਰਿਆਣਾ ਦੀ ਸਿੱਖ ਸੰਗਤ ਨੂੰ ਅਪੀਲ ਕਰਦੇ ਹਾਂ ਕਿ ਇਸ ਡੂੰਘੀ ਸਾਜ਼ਿਸ਼ ਨੂੰ ਸਮਝੋਂ ਤੇ ਝੀਡੇ ਰਾਹੀਂ ਮੁੜ ਹਰਿਆਣਾ ਦੇ ਗੁਰਧਾਮਾਂ ਤੇ ਬਾਦਲਕਿਆਂ ਦਾ ਕਬਜ਼ਾ ਹੋਣ ਤੋ ਬਚਾ ਲਵੋ। ਅਸੀਂ ਪੰਜਾਬ ਪੁਲੀਸ ਤੇ ਪੰਜਾਬ ਸਰਕਾਰ ਨੂੰ ਵੀ ਅਪੀਲ ਕਰਦੇ ਹਾਂ ਕਿ ਬਾਦਲਾਂ ਦੇ ਹੱਥਾਂ ਵਿੱਚ ਖੇਡ ਕਿ ਨਾ ਇਨਸਾਫੀ ਨਾ ਕਰਨ ਸਗੋਂ ਨਿਰਪੱਖ ਪੜਤਾਲ ਕਰਕੇ ਸੱਚ ਉਜਾਗਰ ਕਰਨ ਅਤੇ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਵਲੂੰਧਰਨ ਦੇ ਮਾਮਲੇ ਚ ਝੀਡੇ ਖਿਲਾਫ ਸਖ਼ਤ ਧਾਰਾਵਾਂ ਲਗਾ ਕੇ ਗੁਰੂ ਦੀ ਬੇਅਦਬੀ ਕਰਨ ਦਾ ਪਰਚਾ ਦਰਜ ਕਰਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਦਿਲ ਦੀਆਂ ਨਾੜੀਆਂ ਵਿੱਚ ਬਲਾਕੇਜ (ਕੋਰੋਨਰੀ ਆਰਟਰੀ ਡਿਜ਼ੀਜ਼)



**ਅਜੋਕੇ** ਦੌਰ ਵਿੱਚ ਦਿਲ ਦੀ ਬਿਮਾਰੀ ਦੁਨੀਆ ਭਰ ਵਿੱਚ ਮੌਤ ਦੇ ਸਭ ਤੋਂ ਵੱਡੇ ਕਾਰਨਾਂ ਵਿੱਚੋਂ ਇੱਕ ਹੈ। ਦਿਲ ਨਾਲ ਸੰਬੰਧਿਤ ਇੱਕ ਮਹੱਤਵਪੂਰਨ ਸਮੱਸਿਆ ਦਿਲ ਦੀਆਂ ਨਾੜੀਆਂ ਵਿੱਚ ਬਲਾਕੇਜ ਹੈ, ਜਿਸ ਨੂੰ ਮੈਡੀਕਲ ਭਾਸ਼ਾ ਵਿੱਚ ਕੋਰੋਨਰੀ ਆਰਟਰੀ ਡਿਜ਼ੀਜ਼ ਕਿਹਾ ਜਾਂਦਾ ਹੈ। ਇਹ ਉਸ ਵੇਲੇ ਹੁੰਦੀ ਹੈ ਜਦੋਂ ਦਿਲ ਦੀ ਮਾਸਪੇਸ਼ੀ ਨੂੰ ਖੂਨ ਪਹੁੰਚਾਉਣ ਵਾਲੀਆਂ ਧਮਨੀਆਂ (ਆਰਟਰੀਆਂ) ਤੰਗ ਜਾਂ ਬੰਦ ਹੋਣ ਲੱਗ ਪੈਂਦੀਆਂ ਹਨ। ਇਸ ਦੇ ਕਾਰਨ, ਲੱਛਣ, ਰੋਕਥਾਮ ਅਤੇ ਇਲਾਜ ਬਾਰੇ ਜਾਣਕਾਰੀ ਦਿਲ ਦੀ ਸਿਹਤ ਲਈ ਬਹੁਤ ਜ਼ਰੂਰੀ ਹੈ। ਦਿਲ ਦੀ ਬਲਾਕੇਜ ਦਾ ਅਰਥ ਹੈ ਉਹ ਹਾਲਤ ਜਿਸ ਵਿੱਚ ਦਿਲ ਦੀਆਂ ਕੋਰੋਨਰੀ ਧਮਨੀਆਂ ਵਿੱਚ ਅੰਸ਼ਿਕ ਜਾਂ ਪੂਰੀ ਰੁਕਾਵਟ ਪੈ ਜਾਂਦੀ ਹੈ। ਇਹ ਧਮਨੀਆਂ ਦਿਲ ਦੀ ਮਾਂਸਪੇਸ਼ੀਆਂ ਨੂੰ ਆਕਸੀਜ਼ਨ ਨਾਲ ਭਰਪੂਰ ਖੂਨ ਪਹੁੰਚਾਉਂਦੀਆਂ ਹਨ। ਆਮ ਤੌਰ 'ਤੇ ਇਹ ਰੁਕਾਵਟ ਐਥਰੋਸਕਲੇਰੋਸਿਸ ਨਾਮਕ ਪ੍ਰਕਿਰਿਆ ਕਾਰਨ ਹੁੰਦੀ ਹੈ। ਇਸ ਦੌਰਾਨ ਚਰਬੀ, ਕੋਲੇਸਟਰੋਲ ਅਤੇ ਹੋਰ ਪਦਾਰਥਾਂ ਦੇ ਜਮਾਵੜੇ ਨਾਲ ਧਮਨੀਆਂ ਦੀ ਅੰਦਰਲੀ ਕੰਧ 'ਤੇ ਪਲੇਕ ਬਣ ਜਾਂਦੀ ਹੈ। ਸਮੇਂ ਦੇ ਨਾਲ ਇਹ ਪਲੇਕ ਧਮਨੀਆਂ ਨੂੰ ਤੰਗ ਕਰ ਦਿੰਦੀ ਹੈ ਅਤੇ ਖੂਨ ਦੇ ਪ੍ਰਵਾਹ ਨੂੰ ਘਟਾ ਦਿੰਦੀ ਹੈ। ਜਦੋਂ ਦਿਲ ਤੱਕ ਖੂਨ ਦੀ ਸਪਲਾਈ ਬਹੁਤ ਘੱਟ ਹੋ ਜਾਂਦੀ ਹੈ ਤਾਂ ਛਾਤੀ ਵਿੱਚ ਦਰਦ (ਐਂਜਾਈਨਾ), ਸਾਹ ਫੁੱਲਣਾ, ਧੜਕਨ ਦਾ ਬੇਤਰਤੀਬ ਹੋਣਾ ਅਤੇ ਦਿਲ ਦਾ ਦੌਰਾ (ਹਾਰਟ ਅਟੈਕ) ਹੋ ਸਕਦਾ ਹੈ। ਜੇ ਸਮੇਂ ਸਿਰ ਇਲਾਜ਼ ਨਾ ਕੀਤਾ ਜਾਵੇ ਤਾਂ ਇਹ ਦਿਲ ਨੂੰ ਸਥਾਈ ਨੁਕਸਾਨ ਪਹੁੰਚਾ ਸਕਦਾ ਹੈ। ਦਿਲ ਦੀਆਂ ਨਾੜੀਆਂ ਵਿੱਚ ਬਲਾਕੇਜ ਆਮ ਤੌਰ 'ਤੇ ਹੌਲੀ ਹੌਲੀ ਕਈ ਸਾਲਾਂ ਜਾਂ ਦਹਾਕਿਆਂ ਵਿੱਚ ਬਣਦੀ ਹੈ। ਇਸ ਦੀ ਪ੍ਰਕਿਰਿਆ ਆਮ ਤੌਰ 'ਤੇ ਹੇਠਾਂ ਦਿੱਤੇ ਪੜਾਅ ਵਿੱਚ ਹੁੰਦੀ ਹੈ:

- ਗਲਤ ਜੀਵਨ ਸ਼ੈਲੀ ਜਾਂ ਬਿਮਾਰੀਆਂ ਕਾਰਨ ਧਮਨੀਆਂ ਦੀਆਂ ਕੰਧਾਂ ਨੂੰ ਨੁਕਸਾਨ ਪਹੁੰਚਦਾ ਹੈ।
- ਕੋਲੇਸਟਰੋਲ, ਚਰਬੀ ਅਤੇ ਕੈਲਸ਼ੀਅਮ ਦੇ ਇਕੱਠ ਨਾਲ ਪਲੇਕ ਦਾ ਬਣਨਾ ਸ਼ੁਰੂ ਹੋ ਜਾਂਦਾ ਹੈ।
- ਧਮਨੀਆਂ ਦਾ ਤੰਗ ਹੋਣਾ ਅਤੇ ਖੂਨ ਦੇ ਪ੍ਰਵਾਹ ਵਿੱਚ ਘਟਾਓ।
- ਪਲੇਕ ਦਾ ਫਟਣਾ ਅਤੇ ਖੂਨ ਦਾ ਥੱਕਾ ਬਣਨਾ।
- ਪੂਰੀ ਰੁਕਾਵਟ ਜਿਸ ਨਾਲ ਦਿਲ ਦਾ ਦੌਰਾ ਪੈ ਸਕਦਾ ਹੈ

ਕਈ ਜੈਵਿਕ ਅਤੇ ਜੀਵਨ ਸ਼ੈਲੀ ਨਾਲ ਸੰਬੰਧਿਤ ਕਾਰਕ ਇਸ ਸਮੱਸਿਆ ਨੂੰ ਵਧਾਉਂਦੇ ਹਨ। ਐਲ.ਡੀ.ਐਲ. (ਮੰਦਾ ਕੋਲੇਸਟਰੋਲ) ਧਮਨੀਆਂ ਵਿੱਚ ਜਮ ਕੇ ਪਲੇਕ ਬਣਾਉਂਦਾ ਹੈ।

**ਉੱਚ ਰਕਤਚਾਪ**-ਲੰਬੇ ਸਮੇਂ ਤੱਕ ਬਲੱਡ ਪ੍ਰੈਸ਼ਰ ਵੱਧ ਰਹਿਣ ਨਾਲ ਧਮਨੀਆਂ ਨੂੰ ਨੁਕਸਾਨ ਪੈਂਦਾ ਹੈ ਅਤੇ ਪਲੇਕ ਜਲਦੀ ਬਣਦੀ ਹੈ।

**ਸਿਗਰਟਨੋਸ਼ੀ** -ਸਿਗਰਟਨੋਸ਼ੀ ਨਾਲ ਆਕਸੀਜ਼ਨ ਦੀ ਸਪਲਾਈ ਘੱਟ ਹੁੰਦੀ ਹੈ ਅਤੇ ਖੂਨ ਦੀਆਂ ਨਸਾਂ ਨੂੰ ਨੁਕਸਾਨ ਹੁੰਦਾ ਹੈ।

**ਮਧੁਮੇਹ (ਡਾਇਬੀਟੀਜ਼)**-ਖੂਨ ਵਿੱਚ ਸ਼ੱਕਰ ਦੀ ਵਧੀ ਹੋਈ ਮਾਤਰਾ ਧਮਨੀਆਂ ਨੂੰ ਨੁਕਸਾਨ ਪਹੁੰਚਾਉਂਦੀ ਹੈ।

**ਮੋਟਾਪਾ**-ਵੱਧ ਵਜ਼ਨ ਨਾਲ ਕੋਲੇਸਟਰੋਲ ਅਤੇ ਬਲੱਡ ਪ੍ਰੈਸ਼ਰ ਵਧ ਜਾਂਦੇ ਹਨ।

**ਅਸਤੁੰਲਿਤ ਖੁਰਾਕ**-ਜਿਨ੍ਹਾਂ ਖਾਣਿਆਂ ਵਿੱਚ ਸੰਤ੍ਰਿਪਤ ਚਰਬੀ, ਟ੍ਰਾਂਸ ਫੈਟ, ਪ੍ਰੋਸੈਸਡ ਭੋਜਨ ਅਤੇ ਵੱਧ ਸ਼ੱਕਰ ਹੁੰਦੀ ਹੈ, ਉਹ ਦਿਲ ਦੀ ਬਲਾਕੇਜ ਦਾ ਖਤਰਾ ਵਧਾਉਂਦੇ ਹਨ।

**ਖ਼ਾਨਦਾਨੀ ਕਾਰਕ**-ਪਰਿਵਾਰ ਵਿੱਚ ਦਿਲ ਦੀ ਬਿਮਾਰੀ ਦਾ ਇਤਿਹਾਸ ਹੋਣ ਨਾਲ ਖ਼ਤਰਾ ਵੱਧ ਜਾਂਦਾ ਹੈ।

ਉਹ ਕਾਰਕ ਜੋ ਦਿਲ ਦੀ ਬਲਾਕੇਜ ਨੂੰ ਤੇਜ਼ ਕਰਦੇ ਹਨ

ਕੁਝ ਆਦਤਾਂ ਅਤੇ ਹਾਲਤਾਂ ਇਸ ਸਮੱਸਿਆ ਦੇ ਵਿਕਾਸ ਨੂੰ ਤੇਜ਼ ਕਰ ਦਿੰਦੀਆਂ ਹਨ।

**ਆਲਸੀ ਜੀਵਨ ਸ਼ੈਲੀ**-ਸਰੀਰਕ ਕਿਰਿਆਵਾਂ ਦੀ ਘਾਟ ਨਾਲ ਖੂਨ ਦਾ ਸੰਚਾਰ ਘਟਦਾ ਹੈ ਅਤੇ ਚਰਬੀ ਵੱਧਦੀ ਹੈ। **ਲੰਬੇ ਸਮੇਂ ਦਾ ਤਣਾਅ**-ਤਣਾਅ ਨਾਲ ਕੋਰਟੀਸੋਲ ਅਤੇ ਐਡਰੇਨਾਲਿਨ ਹਾਰਮੋਨ ਵਧਦੇ ਹਨ ਜੋ ਬਲੱਡ ਪ੍ਰੈਸ਼ਰ ਵਧਾਉਂਦੇ ਹਨ। **ਜ਼ਿਆਦਾ ਮਾਤਰਾ ਵਿੱਚ ਸ਼ਰਾਬ ਸੇਵਨ**-ਵੱਧ ਸ਼ਰਾਬ ਨਾਲ ਟ੍ਰਾਈਗਲੀਸਰਾਈਡ ਅਤੇ ਬਲੱਡ ਪ੍ਰੈਸ਼ਰ ਵਧ ਸਕਦੇ ਹਨ।

**ਨੀਂਦ ਦੀ ਕਮੀ**-ਨੀਂਦ ਨਾਲ ਜੁੜੀਆਂ ਸਮੱਸਿਆਵਾਂ ਦਿਲ ਦੀ ਬਿਮਾਰੀ ਦਾ ਖ਼ਤਰਾ ਵੱਧਾ ਸਕਦੀਆਂ ਹਨ।

**ਉਮਰ ਦਾ ਵਧਣਾ**-ਉਮਰ ਦੇ ਨਾਲ ਧਮਨੀਆਂ ਸਖ਼ਤ ਹੋਣ ਲੱਗਦੀਆਂ ਹਨ।

**ਦਿਲ ਦੀ ਬਲਾਕੇਜ ਦੇ ਲੱਛਣ**-ਅਕਸਰ ਇਹ ਸਮੱਸਿਆ ਬਿਨਾਂ ਕਿਸੇ ਲੱਛਣ ਦੇ ਲੰਬੇ ਸਮੇਂ ਤੱਕ ਰਹਿ ਸਕਦੀ ਹੈ। ਜਦੋਂ ਬਲਾਕੇਜ ਵੱਧ ਜਾਂਦੀ ਹੈ ਤਾਂ ਹੇਠ ਲਿਖੇ ਲੱਛਣ ਨਜ਼ਰ ਆ ਸਕਦੇ ਹਨ:

- ਛਾਤੀ ਵਿੱਚ ਦਰਦ ਜਾਂ ਦਬਾਅ (ਐਂਜਾਈਨਾ) – ਬਾਂਹ, ਗਰਦਨ ਜਾਂ ਜਬੜੇ ਵਿੱਚ ਦਰਦ
- ਸਾਹ ਫੁੱਲਣਾ – ਥਕਾਵਟ – ਚੱਕਰ ਆਉਣਾ – ਪਸੀਨਾ ਆਉਣਾ

ਕਈ ਵਾਰ ਲੋਕਾਂ ਨੂੰ ਕੋਈ ਲੱਛਣ ਨਹੀਂ ਹੁੰਦੇ ਅਤੇ ਸਿੱਧਾ ਦਿਲ ਦਾ ਦੌਰਾ ਪੈ ਸਕਦਾ ਹੈ।

**ਦਿਲ ਦੀ ਬਲਾਕੇਜ ਦਾ ਇਲਾਜ**-ਆਧੁਨਿਕ ਇਲਾਜ਼ ਪ੍ਰਣਾਲੀ ਦੇ ਵਿਗਿਆਨ ਵਿੱਚ ਇਸ ਦਾ ਇਲਾਜ ਇਸ ਦੀ ਗੰਭੀਰਤਾ ਦੇ ਅਧਾਰ 'ਤੇ ਕੀਤਾ ਜਾਂਦਾ ਹੈ।

**ਜੀਵਨ ਸ਼ੈਲੀ ਵਿੱਚ ਬਦਲਾਅ**-ਡਾਕਟਰ ਆਮ ਤੌਰ 'ਤੇ ਸਿਹਤਮੰਦ ਖੁਰਾਕ, ਚੰਗੀ ਕਸਰਤ, ਵਜ਼ਨ ਕੰਟਰੋਲ ਅਤੇ ਤਣਾਅ ਪ੍ਰਬੰਧਨ ਦੀ ਸਲਾਹ ਦਿੰਦੇ ਹਨ।

**ਦਵਾਈਆਂ**-ਕੋਲੇਸਟਰੋਲ ਘਟਾਉਣ ਵਾਲੀਆਂ ਦਵਾਈਆਂ – ਬਲੱਡ ਪ੍ਰੈਸ਼ਰ ਕੰਟਰੋਲ ਕਰਨ ਵਾਲੀਆਂ ਦਵਾਈਆਂ – ਖੂਨ ਪਤਲਾ ਕਰਨ ਵਾਲੀਆਂ ਦਵਾਈਆਂ – ਛਾਤੀ ਦੇ ਦਰਦ ਲਈ ਨਾਈਟ੍ਰੋਗਲੀਸਰਿਨ

**ਐਂਜਿਓਪਲਾਸਟੀ**-ਇਸ ਵਿੱਚ ਇੱਕ ਛੋਟਾ ਬੈਲੂਨ ਵਰਤ ਕੇ ਬੰਦ ਧਮਨੀ ਨੂੰ ਖੋਲ੍ਹਿਆ ਜਾਂਦਾ ਹੈ।

**ਸਟੈਂਟ ਲਗਾਉਣਾ**-ਧਮਨੀ ਨੂੰ ਖੁੱਲ੍ਹਾ ਰੱਖਣ ਲਈ ਇੱਕ ਧਾਤੂ ਜਾਲੀਦਾਰ ਟਿਊਬ ਲਗਾਈ ਜਾਂਦੀ ਹੈ।

**ਕੋਰੋਨਰੀ ਆਰਟਰੀ ਬਾਈਪਾਸ ਸਰਜਰੀ**-ਗੰਭੀਰ ਹਾਲਤ ਵਿੱਚ ਸਰਜਨ ਨਵਾਂ ਰਸਤਾ ਬਣਾਕੇ ਖੂਨ ਦੀ ਸਪਲਾਈ ਦਿਲ ਤੱਕ ਪਹੁੰਚਾਉਂਦੇ ਹਨ।

ਦਿਲ ਦੀ ਬਲਾਕੇਜ ਤੋਂ ਬਚਾਅ ਦੇ ਤਰੀਕੇ ਰੋਕਥਾਮ ਸਭ ਤੋਂ ਪ੍ਰਭਾਵਸ਼ਾਲੀ ਉਪਾਅ ਹੈ।

**ਸਿਹਤਮੰਦ ਖੁਰਾਕ**-ਫਲ, ਸਬਜ਼ੀਆਂ, ਮੋਟੇ ਅਨਾਜ, ਸੁੱਕੇ ਮੇਵੇ ਅਤੇ ਬੀਜਾਂ ਦਾ ਸੇਵਨ ਕਰੋ।

ਓਮੇਗਾ–3 ਫੈਟੀ ਐਸਿਡ ਵਾਲੀ ਮੱਛੀ ਲਾਭਦਾਇਕ ਹੈ।

ਵੱਧ ਨਮਕ, ਤਲੀਆਂ ਚੀਜ਼ਾਂ, ਟ੍ਰਾਂਸ ਫੈਟ ਅਤੇ ਪ੍ਰੋਸੈਸਡ ਮੀਟ ਤੋਂ ਬਚੋ।

**ਨਿਯਮਿਤ ਸਰੀਰਕ ਕਿਰਿਆ**-ਰੋਜ਼ਾਨਾ ਘੱਟੋ–ਘੱਟ 30 ਮਿੰਟ ਮੱਧਮ ਕਸਰਤ ਦਿਲ ਦੀ ਸਿਹਤ ਲਈ ਲਾਭਦਾਇਕ ਹੈ।

**ਸਿਹਤਮੰਦ ਵਜ਼ਨ ਕਾਇਮ ਰੱਖੋ**-ਸਿਗਰਟਨੋਸ਼ੀ ਛੱਡੋ, ਬਲੱਡ ਪ੍ਰੈਸ਼ਰ ਅਤੇ ਡਾਇਬੀਟੀਜ਼ ਨੂੰ ਕੰਟਰੋਲ ਵਿੱਚ ਰੱਖੋ ਅਤੇ ਨਿਯਮਿਤ ਸਿਹਤ ਜਾਂਚ ਕਰਵਾਓ। ਕੀ ਕਸਰਤ ਦਿਲ ਦੀ ਬਲਾਕੇਜ ਵਧਾ ਸਕਦੀ ਹੈ ? ਆਮ ਤੌਰ 'ਤੇ ਕਸਰਤ ਦਿਲ ਦੀ ਬਲਾਕੇਜ ਨਹੀਂ ਵਧਾਉਂਦੀ। ਦਰਅਸਲ ਇਹ ਇਸ ਤੋਂ ਬਚਾਅ ਦਾ ਸਭ ਤੋਂ ਪ੍ਰਭਾਵਸ਼ਾਲੀ ਤਰੀਕਾ ਹੈ। ਨਿਯਮਿਤ ਕਸਰਤ ਨਾਲ: – ਕੋਲੇਸਟਰੋਲ ਘਟਦਾ ਹੈ – ਖੂਨ ਦਾ ਸੰਚਾਰ ਸੁਧਰਦਾ ਹੈ – ਬਲੱਡ ਪ੍ਰੈਸ਼ਰ ਘਟਦਾ ਹੈ – ਦਿਲ ਦੀ ਮਾਸਪੇਸ਼ੀ ਮਜ਼ਬੂਤ ਹੁੰਦੀ ਹੈ ਹਾਲਾਂਕਿ ਜਿਨ੍ਹਾਂ ਲੋਕਾਂ ਨੂੰ ਪਹਿਲਾਂ ਹੀ ਗੰਭੀਰ ਬਲਾਕੇਜ ਹੈ ਅਤੇ ਉਹਨਾਂ ਨੂੰ ਇਸ ਬਾਰੇ ਪਤਾ ਨਹੀਂ, ਉਨ੍ਹਾਂ ਲਈ ਅਚਾਨਕ ਭਾਰੀ ਕਸਰਤ ਖਤਰਾ ਪੈਦਾ ਕਰ ਸਕਦੀ ਹੈ। ਇਸ ਲਈ ਭਾਰੀ ਕਸਰਤ ਸ਼ੁਰੂ ਕਰਨ ਤੋਂ ਪਹਿਲਾਂ ਡਾਕਟਰੀ ਜਾਂਚ ਕਰਵਾਉਣੀ ਚਾਹੀਦੀ ਹੈ। ਚੱਲਣਾ, ਸਾਈਕਲ ਚਲਾਉਣਾ, ਤੈਰਨਾ ਅਤੇ ਯੋਗਾ ਵਰਗੀਆਂ ਕਸਰਤਾਂ ਜ਼ਿਆਦਾਤਰ ਲੋਕਾਂ ਲਈ ਸੁਰੱਖਿਅਤ ਅਤੇ ਲਾਭਦਾਇਕ ਹਨ।

**ਭਵਿੱਖ ਦੀ ਖੋਜ ਅਤੇ ਨਵੀਆਂ ਤਕਨੀਕਾਂ** -ਆਧੁਨਿਕ ਕਾਰਡੀਓਲੋਜੀ ਵਿੱਚ ਕਈ ਨਵੀਆਂ ਤਕਨੀਕਾਂ 'ਤੇ ਕੰਮ ਹੋ ਰਿਹਾ ਹੈ, ਜਿਵੇਂ: – ਦਿਲ ਦੀ ਇਮੇਜਿੰਗ ਵਿੱਚ ਕ੍ਰਿਤ੍ਰਿਮ ਬੁੱਧੀ – ਕੋਲੇਸਟਰੋਲ ਕੰਟਰੋਲ ਲਈ ਜੀਨ ਥੈਰੇਪੀ – ਅਡਵਾਂਸ ਬਾਇਓਡੀਗ੍ਰੇਡੇਬਲ ਸਟੈਂਟ – ਜੈਨੇਟਿਕ ਪ੍ਰੋਫ਼ਾਈਲ ਅਧਾਰਿਤ ਨਿੱਜੀ ਇਲਾਜ਼ ਇਹ ਤਕਨੀਕਾਂ ਭਵਿੱਖ ਵਿੱਚ ਦਿਲ ਦੀਆਂ ਬਿਮਾਰੀਆਂ ਦੀ ਜਲਦੀ ਪਛਾਣ ਅਤੇ ਸੁਚੱਜੇ ਇਲਾਜ਼ ਵਿੱਚ ਮਦਦ ਕਰ ਸਕਦੀਆਂ ਹਨ। ਦਿਲ ਦੀ ਬਲਾਕੇਜ ਇੱਕ ਗੰਭੀਰ ਪਰ ਬਹੁਤ ਹੱਦ ਤੱਕ ਰੋਕੀ ਜਾ ਸਕਣ ਵਾਲੀ ਬਿਮਾਰੀ ਹੈ। ਇਹ ਆਮ ਤੌਰ 'ਤੇ ਗਲਤ ਜੀਵਨ ਸ਼ੈਲੀ, ਮੈਟਾਬੋਲਿਕ ਬਿਮਾਰੀਆਂ ਅਤੇ ਉਮਰ ਦੇ ਵੱਧਣ ਨਾਲ ਵਿਕਸਿਤ ਹੁੰਦੀ ਹੈ। ਸਮੇਂ ਸਿਰ ਜਾਂਚ, ਸਿਹਤਮੰਦ ਜੀਵਨ ਅਤੇ ਨਿਯਮਿਤ ਸਰੀਰਕ ਕਿਰਿਆ ਨਾਲ ਇਸ ਦੇ ਖਤਰੇ ਨੂੰ ਕਾਫ਼ੀ ਘਟਾਇਆ ਜਾ ਸਕਦਾ ਹੈ। ਜਨਤਕ ਜਾਗਰੂਕਤਾ, ਰੋਕਥਾਮੀ ਸਿਹਤ ਸੇਵਾਵਾਂ ਅਤੇ ਨਿਯਮਿਤ ਮੈਡੀਕਲ ਜਾਂਚ ਦਿਲ ਦੀਆਂ ਬਿਮਾਰੀਆਂ ਦੇ ਵਧਦੇ ਬੋਝ ਨੂੰ ਘਟਾਉਣ ਲਈ ਬਹੁਤ ਮਹੱਤਵਪੂਰਨ ਹਨ।

**-ਡਾ. ਸੁਰਿੰਦਰਪਾਲ ਸਿੰਘ, ਵਿਗਿਆਨ ਅਧਿਆਪਕ, ਸ੍ਰੀ ਅੰਮ੍ਰਿਤਸਰ ਸਾਹਿਬ, ਪੰਜਾਬ।**

ਆਵਾਜ਼ਿ ਕੌਮ AWAZE QAUM International Newspaper & WEB TV